ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 1 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## 'ਚਿੱਟੇ ਵਾਲੀ ਗਰੰਟੀ ਸਾਥੋਂ ਪੂਰੀ ਨਹੀਂ ਹੋਈ'; ਪੰਜਾਬ ਵਿਧਾਨ ਸਭਾ ਸਪੀਕਰ ਦਾ ਜਨਤਕ ਕਬੂਲਨਾਮਾ

**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਆਮ ਆਦਮੀ ਪਾਰਟੀ ਦੇ ਜਨਮ ਤੋਂ ਹੀ ਨਸ਼ੇ ਦਾ ਮੁੱਦਾ ਭਾਰੂ ਰਿਹਾ ਅਤੇ ਪਾਰਟੀ ਨੇ ਪੰਜਾਬ ਦੀ ਸੱਤਾ ਵੀ ਨਸ਼ੇ ਨੂੰ ਕੁੱਝ ਮਹੀਨਿਆਂ 'ਚ ਖ਼ਤਮ ਕਰਨ ਦੇ ਵਾਅਦੇ ਨਾਲ ਹਾਸਲ ਕੀਤੀ ਅਤੇ ਹੁਣ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਵੱਖ-ਵੱਖ ਆਪ ਲੀਡਰਾਂ ਵੱਲੋਂ ਵੀ ਨਸ਼ੇ ਨੂੰ ਖਤਮ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਪਰੰਤੂ ਇਨ੍ਹਾਂ ਸਭ ਦਾਅਵਿਆਂ ਦੀ ਪੋਲ੍ਹ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੂਰੀ ਖੋਲ੍ਹ ਕੇ ਰੱਖ ਦਿੱਤੀ ਹੈ। 'ਆਪ' ਲੀਡਰ ਨੇ ਜਨਤਕ ਇਕੱਠ 'ਚ ਕਬੂਲਿਆ ਕਿ ਉਨ੍ਹਾਂ ਦੀ ਆਮ ਆਦਮੀ ਪਾਰਟੀ, ਪੰਜਾਬ ਵਿਚੋਂ ਨਸ਼ੇ ਨੂੰ ਖਤਮ ਨਹੀਂ ਕਰ ਸਕੀ ਹੈ, ਜੋ ਕਿ ਉਸ ਨੇ ਪੰਜਾਬ ਦੇ ਲੋਕਾਂ ਨਾਲ ਵਾਅਦਾ ਕੀਤਾ ਸੀ। ਦੱਸ ਦਈਏ ਕਿ 'ਆਪ' ਆਗੂ ਦਾ ਇਹ ਵੱਡਾ ਕਬੂਲਨਾਮਾ ਅਜਿਹੇ ਸਮੇਂ ਆਇਆ ਹੈ, ਜਦੋਂ 2027 ਵਿਧਾਨ ਸਭਾ ਚੋਣਾਂ ਵਿੱਚ ਹੁਣ ਕੁੱਝ ਹੀ ਮਹੀਨਿਆਂ ਦਾ ਸਮਾਂ ਰਹਿ ਗਿਆ ਹੈ ਅਤੇ ਵਿਰੋਧੀ ਧਿਰਾਂ ਵੱਲੋਂ ਲਗਾਤਾਰ ਸੱਤਾਧਾਰੀ ਪਾਰਟੀ ਨੂੰ ਨਸ਼ਾ ਖਤਮ ਨਾ ਕਰਨ ਲਈ ਘੇਰਿਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ, ਜਨਤਕ ਇਕੱਠ ਦੀ ਸਾਹਮਣੇ ਆਈ ਇਸ ਵੀਡੀਓ ਵਿੱਚ ਕੁਲਤਾਰ ਸਿੰਘ ਸੰਧਵਾਂ ਲੋਕਾਂ ਨੂੰ ਕਹਿੰਦੇ ਸੁਣਾਈ ਦੇ ਰਹੇ ਹਨ, ਕਿ ਸਾਰੀਆਂ ਗਰੰਟੀਆਂ ਪੂਰੀਆਂ ਹੋ ਗਈਆਂ ਹਨ, ਪਰ ਮੈਂ ਇਥੇ ਸਾਰਿਆਂ ਅੱਗੇ ਇਹ ਮੰਨਦਾ ਹਾਂ ਕਿ ਚਿੱਟੇ ਵਾਲੀ ਗਰੰਟੀ ਅਸੀਂ ਪੂਰੀ ਨਹੀਂ ਕੀਤੀ।

# ਪੀਸੀਏ ਕ੍ਰਿਕਟ ਸਟੇਡੀਅਮ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

# ਮੁੱਖ ਮੰਤਰੀ ਮਾਨ ਦਾ ਵੀ ਜ਼ਿਕਰ, ਅਲਰਟ 'ਤੇ ਸੁਰੱਖਿਆ ਏਜੰਸੀਆਂ

**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਮੋਹਾਲੀ ਦੇ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀਸੀਏ) ਕ੍ਰਿਕਟ ਸਟੇਡੀਅਮ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਧਮਕੀ ਭਰੀ ਈਮੇਲ ਸਾਹਮਣੇ ਆਉਣ ਤੋਂ ਬਾਅਦ ਪੰਜਾਬ ਦੀਆਂ ਸੁਰੱਖਿਆ ਏਜੰਸੀਆਂ ਸਰਗਰਮ ਹੋ ਗਈਆਂ ਹਨ। ਏਜੰਸੀਆਂ ਨੇ ਮੁੱਖ ਮੰਤਰੀ ਅਤੇ ਪੀਸੀਏ ਸਟੇਡੀਅਮ ਨਾਲ ਜੁੜੇ ਸਥਾਨਾਂ 'ਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨੀ ਸ਼ੁਰੂ ਕਰ ਦਿੱਤੀ ਹੈ। ਧਮਕੀ ਤੋਂ ਬਾਅਦ, ਕਈ ਥਾਵਾਂ 'ਤੇ ਵੱਖ-ਵੱਖ ਸੁਰੱਖਿਆ ਟੀਮਾਂ ਪਹੁੰਚੀਆਂ। ਪੀਸੀਏ ਕ੍ਰਿਕਟ ਸਟੇਡੀਅਮ 'ਤੇ ਵੀ ਤਲਾਸ਼ੀ ਮੁਹਿੰਮ ਚਲਾਈ ਗਈ, ਅਤੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਵਾਧੂ ਚੌਕਸੀ ਰੱਖੀ ਜਾ ਰਹੀ ਹੈ। ਧਮਕੀਆਂ ਤੋਂ ਬਾਅਦ, ਬੰਬ ਸਕੁਐਡ ਅਤੇ ਹੋਰ ਸੁਰੱਖਿਆ ਟੀਮਾਂ ਦੀ ਮਦਦ ਨਾਲ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ। ਸਟੇਡੀਅਮ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਸੁਰੱਖਿਆ ਪ੍ਰਬੰਧਾਂ ਦੀ




ਜਾਂਚ ਕੀਤੀ ਜਾ ਰਹੀ ਹੈ। ਸੁਰੱਖਿਆ ਏਜੰਸੀਆਂ ਈਮੇਲ ਦੀ ਵੀ ਜਾਂਚ ਕਰ ਰਹੀਆਂ ਹਨ। ਜਾਂਚ ਦਾ ਉਦੇਸ਼ ਇਹ ਪਤਾ ਲਗਾਉਣਾ ਹੈ ਕਿ ਧਮਕੀ ਕਿਸਨੇ ਭੇਜੀ ਸੀ ਅਤੇ ਈਮੇਲ ਦੇ ਪਿੱਛੇ ਕੀ ਉਦੇਸ਼ ਸੀ। ਮੁਹਾਲੀ ਦਾ ਪੀਸੀਏ ਕ੍ਰਿਕਟ ਸਟੇਡੀਅਮ ਪੰਜਾਬ ਦੇ ਪ੍ਰਮੁੱਖ ਕ੍ਰਿਕਟ ਸਥਾਨਾਂ ਵਿੱਚੋਂ ਇੱਕ ਹੈ। ਧਮਕੀ ਤੋਂ ਬਾਅਦ ਸੁਰੱਖਿਆ ਜਾਂਚ ਤੇਜ਼ ਕਰ ਦਿੱਤੀ ਗਈ ਹੈ। ਸੁਰੱਖਿਆ ਏਜੰਸੀਆਂ ਇਸ ਸਮੇਂ ਜਾਂਚ ਕਰ ਰਹੀਆਂ ਹਨ ਅਤੇ ਧਮਕੀ ਸੰਬੰਧੀ ਵਿਸਤ੍ਰਿਤ ਜਾਣਕਾਰੀ ਇਕੱਠੀ ਕਰ ਰਹੀਆਂ ਹਨ। ਏਜੰਸੀਆਂ ਦੀ ਜਾਂਚ ਤੋਂ ਬਾਅਦ ਹੀ ਇਹ ਸਪੱਸ਼ਟ ਹੋਵੇਗਾ ਕਿ ਕੀ ਧਮਕੀ ਅਸਲ ਧਮਕੀ ਸੀ ਜਾਂ ਦਹਿਸ਼ਤ ਫੈਲਾਉਣ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਸੀ। ਮੁੱਖ ਮੰਤਰੀ ਅਤੇ ਪੰਜਾਬ ਦੇ ਹੋਰ ਮਹੱਤਵਪੂਰਨ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਵਾਲੇ ਧਮਕੀ ਭਰੇ ਸੁਨੇਹੇ ਪਹਿਲਾਂ ਵੀ ਸਾਹਮਣੇ ਆਏ ਹਨ। ਇਸ ਲਈ, ਸੁਰੱਖਿਆ ਏਜੰਸੀਆਂ ਇਸ ਤਾਜ਼ਾ ਈਮੇਲ ਨਾਲ ਕੋਈ ਜੋਖਮ ਨਹੀਂ ਲੈ ਰਹੀਆਂ ਹਨ। ਵਰਤਮਾਨ ਵਿੱਚ, ਏਜੰਸੀਆਂ ਧਮਕੀ ਦੀ ਗੰਭੀਰਤਾ ਅਤੇ ਸਰੋਤ ਦੀ ਜਾਂਚ ਕਰ ਰਹੀਆਂ ਹਨ। ਈਮੇਲ ਨਾਲ ਸਬੰਧਤ ਤਕਨੀਕੀ ਜਾਣਕਾਰੀ ਇਕੱਠੀ ਕਰਨ ਦੇ ਨਾਲ, ਭੇਜਣ ਵਾਲੇ ਦਾ ਪਤਾ ਲਗਾਉਣ ਦੀ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਹਰਿਆਣਵੀ ਸਿੰਗਰ ਦੇ ਕਤਲ 'ਚ ਸ਼ਾਮਲ ਦੋ ਸ਼ੂਟਰ ਐਨਕਾਊਂਟਰ ਢੇਰ

**ਨਵੀਂ ਦਿੱਲੀ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਸ਼ਾਮਲੀ ਵਿੱਚ ਹਰਿਆਣਵੀ ਗਾਇਕ ਅਤੇ ਯੂਟਿਊਬਰ ਅੰਕਿਤ ਬਾਲੀਆਨ ਦੇ ਕਤਲ ਮਾਮਲੇ ਵਿੱਚ ਯੂਪੀ ਪੁਲਿਸ ਅਤੇ ਸਪੈਸ਼ਲ ਟਾਸਕ ਫੋਰਸ ਨੇ ਦੋ ਮੁਲਜ਼ਮਾਂ ਦਾ ਐਨਕਾਊਂਟਰ ਕੀਤਾ ਹੈ। ਮਾਰੇ ਗਏ ਮੁਲਜ਼ਮਾਂ ਦੀ ਪਛਾਣ ਸੁਮਿਤ ਅਤੇ ਮੋਹਿਤ ਵਜੋਂ ਹੋਈ ਹੈ। ਮੁੱਠਭੇੜ ਦੌਰਾਨ ਸਵੈਟ ਟੀਮ ਦੇ ਹੈੱਡ ਕਾਂਸਟੇਬਲ ਹਰਵਿੰਦਰ ਅਤੇ ਪ੍ਰਦੀਪ ਵੀ ਜ਼ਖਮੀ ਹੋ ਗਏ। ਮੌਕੇ ਤੋਂ ਦੋ ਪਿਸਤੌਲ, ਜ਼ਿੰਦਾ ਅਤੇ ਖਾਲੀ ਕਾਰਤੂਸ, ਇੱਕ ਸਪਲੈਂਡਰ ਬਾਈਕ, ਇੱਕ ਬੈਗ, ਇੱਕ ਮੋਬਾਈਲ ਫੋਨ ਅਤੇ 5,000 ਨਕਦ ਬਰਾਮਦ ਕੀਤੇ ਗਏ। ਪੁਲਿਸ ਜਾਂਚ ਦੇ ਅਨੁਸਾਰ, ਅੰਕਿਤ ਬਾਲੀਅਨ ਦੀ ਹੱਤਿਆ ਨੂੰ ਅੰਜਾਮ ਦੇਣ ਲਈ ਕੁੱਲ ਚਾਰ ਸ਼ੂਟਰ ਪਹੁੰਚੇ ਸਨ। ਇਨ੍ਹਾਂ ਵਿੱਚੋਂ ਦੋ ਵਿਅਕਤੀ ਇੱਕ ਮੁਕਾਬਲੇ ਵਿੱਚ ਮਾਰੇ ਗਏ ਹਨ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਚਾਰ ਨਿਸ਼ਾਨੇਬਾਜ਼ਾਂ ਤੋਂ ਇਲਾਵਾ, ਦੋ ਹੋਰ ਰੇਕੀ ਅਤੇ ਹੋਰ ਸਹਾਇਤਾ ਵਿੱਚ ਸ਼ਾਮਲ ਸਨ। ਇਸਦਾ ਮਤਲਬ ਹੈ ਕਿ ਹੁਣ ਤੱਕ ਦੀ ਜਾਂਚ ਵਿੱਚ ਕਤਲ ਵਿੱਚ ਸ਼ਾਮਲ ਕੁੱਲ ਛੇ ਵਿਅਕਤੀਆਂ



ਦੀ ਭੂਮਿਕਾ ਦਾ ਖੁਲਾਸਾ ਹੋਇਆ ਹੈ। ਮੁਕਾਬਲੇ ਵਿੱਚ ਮਾਰੇ ਗਏ ਮੁਲਜ਼ਮਾਂ ਨੂੰ ਅੰਕਿਤ ਬਾਲੀਅਨ ਦੀ ਰੇਕੀ ਕਰਦੇ ਦੇਖਿਆ ਗਿਆ ਸੀ। ਘਟਨਾ ਤੋਂ ਬਾਅਦ, ਪੁਲਿਸ ਨੇ ਨੇੜਲੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ। ਫੁਟੇਜ ਦੇ ਆਧਾਰ 'ਤੇ, ਪੁਲਿਸ ਨੇ ਚਾਰ ਨਿਸ਼ਾਨੇਬਾਜ਼ਾਂ ਦੀ ਪਛਾਣ ਕੀਤੀ। ਇਹ ਖੁਲਾਸਾ ਹੋਇਆ ਕਿ ਗੋਲੀਬਾਰੀ ਕਰਨ ਵਾਲੇ ਹਰਿਆਣਾ ਦੇ ਹਿਸਾਰ ਅਤੇ ਰੋਹਤਕ ਦੇ ਰਹਿਣ ਵਾਲੇ ਸਨ। ਇਨ੍ਹਾਂ ਮੁਲਜ਼ਮਾਂ ਵਿੱਚੋਂ ਇੱਕ ਪਹਿਲਾਂ ਕਤਲ ਦੇ ਦੋਸ਼ ਵਿੱਚ ਜੇਲ੍ਹ ਵਿੱਚ ਬੰਦ ਸੀ, ਜਦੋਂ ਕਿ ਬਾਕੀ ਤਿੰਨ ਨੂੰ ਛੋਟੇ ਅਪਰਾਧਾਂ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ। ਜਾਂਚ ਵਿੱਚ ਅੰਕਿਤ ਬਾਲੀਅਨ ਦੇ ਕਾਲ ਵੇਰਵਿਆਂ ਅਤੇ ਵਟਸਐਪ ਮੈਸੇਜਿੰਗ ਇਤਿਹਾਸ ਦੀ ਵੀ ਜਾਂਚ ਕੀਤੀ ਗਈ। ਪੁਲਿਸ ਹੱਤਿਆ ਦੇ ਪਿੱਛੇ ਦੀ ਸਾਜ਼ਿਸ਼ ਵਿੱਚ ਸ਼ਾਮਲ ਲੋਕਾਂ ਅਤੇ ਸੁਵਿਧਾਕਰਤਾਵਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਸੀ।

## ਕੌਮੀ ਕਮਿਸ਼ਨ ਵੱਲੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਗ੍ਰਿਫ਼ਤਾਰੀ ਦੇ ਹੁਕਮ

**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਨੇ



ਅੱਜ ਅਹਿਮ ਫ਼ੈਸਲਾ ਲੈਂਦਿਆਂ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਪੰਜ ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਜਾਣ ਦੇ ਹੁਕਮ ਸੁਣਾਏ ਹਨ, ਜਿਸ ਨਾਲ ਹੁਣ ਵੜਿੰਗ ਦੀਆਂ ਮੁਸ਼ਕਲਾਂ ਵਧ ਸਕਦੀਆਂ ਹਨ। ਮਾਮਲਾ ਤਰਨ ਤਾਰਨ ਵਿੱਚ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਵਿਰੁੱਧ ਕਥਿਤ ਤੌਰ 'ਤੇ ਮੰਦੀ ਸ਼ਬਦਾਵਲੀ ਵਰਤਣ ਦਾ ਹੈ। ਰਾਜਾ ਵੜਿੰਗ ਨੇ ਤਰਨ ਤਾਰਨ ਦੀ ਜ਼ਿਮਨੀ ਚੋਣ ਦੌਰਾਨ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਮਰਹੂਮ ਬੂਟਾ ਸਿੰਘ ਖ਼ਿਲਾਫ਼ ਕਥਿਤ ਭੱਦੀ ਸ਼ਬਦਾਵਲੀ ਦਾ ਇਸਤੇਮਾਲ ਕੀਤਾ ਸੀ। ਵੜਿੰਗ, ਜੋ ਪਹਿਲਾਂ ਹੀ ਕਾਂਗਰਸ ਦੀ ਅੰਦਰੂਨੀ ਜੰਗ 'ਚ ਉਲਝੇ ਹੋਏ ਹਨ, ਉਨ੍ਹਾਂ ਲਈ ਕੌਮੀ ਕਮਿਸ਼ਨ ਦਾ ਫ਼ੈਸਲਾ ਨਵੀਂ ਚੁਣੌਤੀ ਬਣੇਗਾ। ਕੌਮੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਕਿਸ਼ੋਰ ਮਕਵਾਨਾ ਨੇ ਅੱਜ ਇਸ ਉਪਰੋਕਤ ਮਾਮਲੇ ਦੀ ਸੁਣਵਾਈ ਕੀਤੀ ਅਤੇ ਇਸ ਮੌਕੇ ਪੰਜਾਬ ਪੁਲੀਸ ਤਰਫ਼ੋਂ ਡੀ ਐੱਸ ਪੀ ਹਰਪ੍ਰੀਤ ਸਿੰਘ ਅਤੇ ਡੀ ਐੱਸ ਪੀ (ਈ ਓ ਅਤੇ ਸਾਈਬਰ ਕ੍ਰਾਈਮ) ਗੁਲਜ਼ਾਰ ਸਿੰਘ ਪੇਸ਼ ਹੋਏ ਕੌਮੀ ਕਮਿਸ਼ਨ ਨੇ ਪਟੀਸ਼ਨਰ ਸਰਬਜੋਤ ਸਿੰਘ ਦੀ ਇਸ ਸ਼ਿਕਾਇਤ ਦਾ ਨੋਟਿਸ ਲੈਂਦਿਆਂ ਕਿਹਾ ਕਿ ਉਨ੍ਹਾਂ ਨੂੰ ਕਥਿਤ ਮੁਲਜ਼ਮਾਂ ਵੱਲੋਂ ਮਿਲ ਰਹੀਆਂ ਧਮਕੀਆਂ ਦੇ ਮੱਦੇਨਜ਼ਰ ਲੋੜੀਂਦੀ ਸੁਰੱਖਿਆ ਮੁਹੱਈਆ ਕਰਾਉਣ ਦੇ ਹੁਕਮ ਵੀ ਜਾਰੀ ਕੀਤੇ ਹਨ। ਇਸ ਤੋਂ ਇਲਾਵਾ 30 ਦਿਨਾਂ ਦੇ ਅੰਦਰ ਐਕਸ਼ਨ ਟੇਕਨ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ। ਕੌਮੀ ਕਮਿਸ਼ਨ ਨੇ ਅੱਜ ਸਬੰਧਿਤ ਅਧਿਕਾਰੀਆਂ ਨੂੰ ਕਾਨੂੰਨ ਅਨੁਸਾਰ ਇਸ ਮਾਮਲੇ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਤੁਰੰਤ ਗ੍ਰਿਫ਼ਤਾਰ ਕਰਨ ਲਈ ਜ਼ਰੂਰੀ ਕਦਮ ਚੁੱਕਣ ਅਤੇ 5 ਦਿਨਾਂ ਦੇ ਅੰਦਰ ਇਸ ਕਾਰਵਾਈ ਦੀ ਸਥਿਤੀ ਕਮਿਸ਼ਨ ਨੂੰ ਸੌਂਪਣ ਦੀ ਸਿਫ਼ਾਰਸ਼ ਕੀਤੀ ਹੈ। ਕਮਿਸ਼ਨ ਨੇ ਜਾਂਚ ਜਲਦੀ ਤੋਂ ਜਲਦੀ ਪੂਰੀ ਕਰਨ ਤੋਂ ਇਲਾਵਾ ਬਿਨਾਂ ਕਿਸੇ ਦੇਰੀ ਦੇ ਸਮਰੱਥ ਅਦਾਲਤ ਵਿੱਚ ਚਾਰਜਸ਼ੀਟ ਦਾਖ਼ਲ ਕਰਨ ਦੇ ਨਿਰਦੇਸ਼ ਵੀ ਦਿੱਤੇ। ਚੇਅਰਮੈਨ ਨੇ ਜਾਂਚ ਤੇ ਗ੍ਰਿਫ਼ਤਾਰੀ ਵਿੱਚ ਹੋਈ ਦੇਰੀ ਲਈ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕਰਨ ਦੀ ਵੀ ਸਿਫ਼ਾਰਸ਼ ਕੀਤੀ ਹੈ। ਜੇਕਰ ਸਬੰਧਿਤ ਜਾਂਚ ਅਧਿਕਾਰੀ ਵੱਲੋਂ ਡਿਊਟੀ ਵਿੱਚ ਕੋਈ ਲਾਪਰਵਾਹੀ ਪਾਈ ਜਾਂਦੀ ਹੈ, ਤਾਂ ਕਾਨੂੰਨ ਅਨੁਸਾਰ ਵਿਭਾਗੀ ਕਾਰਵਾਈ ਕੀਤੀ ਜਾ ਸਕਦੀ ਹੈ। ਕਮਿਸ਼ਨ ਦੀਆਂ ਸਿਫ਼ਾਰਸ਼ਾਂ 'ਤੇ 30 ਦਿਨਾਂ ਦੇ ਅੰਦਰ ਐਕਸ਼ਨ ਟੇਕਨ ਰਿਪੋਰਟ ਮੰਗੀ ਗਈ ਹੈ। ਕੌਮੀ ਕਮਿਸ਼ਨ ਨੇ ਪਟੀਸ਼ਨਰ ਸਰਬਜੋਤ ਸਿੰਘ ਨੂੰ ਲਗਾਤਾਰ ਮਿਲ ਰਹੀਆਂ ਧਮਕੀਆਂ ਦੇ ਮੱਦੇਨਜ਼ਰ ਦਿੱਲੀ ਅਤੇ ਪੰਜਾਬ ਦੋਵਾਂ ਥਾਵਾਂ 'ਤੇ ਤੁਰੰਤ ਢੁਕਵੀਂ ਪੁਲੀਸ ਸੁਰੱਖਿਆ ਦੇਣ ਲਈ ਕਿਹਾ ਹੈ।

## ਚੰਡੀਗੜ੍ਹ 'ਚ ਅੱਜ ਤੋਂ 7 ਸਤੰਬਰ ਤੱਕ ਕਿਸਾਨਾਂ ਦਾ ਧਰਨਾ, ਟ੍ਰੈਫਿਕ ਅਡਵਾਈਜ਼ਰੀ ਜਾਰੀ

**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚਾ ਵੱਲੋਂ ਚੰਡੀਗੜ੍ਹ ਵਿੱਚ ਕੀਤੇ



ਜਾ ਰਹੇ ਹਫ਼ਤੇ ਭਰ ਦੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ 31 ਅਗਸਤ ਤੋਂ ਸ਼ਹਿਰ ਵਿੱਚ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਵਾਹਨਾਂ ਦੀ ਆਵਾਜਾਈ ਨੂੰ ਫੈਦਾਨ ਬੈਰੀਅਰ ਤੋਂ ਚੰਡੀਗੜ੍ਹ ਵੱਲ ਸੜਕ ਦੇ ਪੂਰਬ ਵੱਲ ਜਾਣ ਵਾਲੇ ਹਿੱਸੇ ਵੱਲ ਮੋੜ ਦਿੱਤਾ ਗਿਆ ਹੈ। ਟੀ-ਪੁਆਇੰਟ, ਸੈਕਟਰ 48 ਲਾਈਟ ਪੁਆਇੰਟ ਤੋਂ ਸੈਕਟਰ 48-49 ਵੱਲ ਅਤੇ ਸੈਕਟਰ 49/50 ਦੀ ਅੰਦਰੂਨੀ ਸੜਕ ਤੋਂ ਚੰਡੀਗੜ੍ਹ ਵੱਲ ਜਾਣ ਵਾਲੀ ਆਵਾਜਾਈ ਨੂੰ ਸੀਮਤ ਕਰ ਦਿੱਤਾ ਗਿਆ ਹੈ। ਪੁਲਿਸ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਿਰੋਧ ਪ੍ਰਦਰਸ਼ਨ ਦੌਰਾਨ ਪ੍ਰਭਾਵਿਤ ਰਸਤਿਆਂ ਤੋਂ ਬਚਣ ਅਤੇ ਵਿਕਲਪਕ ਰਸਤਿਆਂ ਦੀ ਵਰਤੋਂ ਕਰਨ। ਵਿਰੋਧ ਪ੍ਰਦਰਸ਼ਨ ਦੇ ਸਬੰਧ ਵਿੱਚ ਸੋਮਵਾਰ ਤੋਂ ਵਿਸ਼ੇਸ਼ ਆਵਾਜਾਈ ਪ੍ਰਬੰਧ ਲਾਗੂ ਕੀਤੇ ਗਏ ਹਨ। ਹਾਲ ਹੀ ਵਿੱਚ, ਪੰਜਾਬ ਅਤੇ ਚੰਡੀਗੜ੍ਹ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਅਤੇ SKM ਦੀ ਪ੍ਰਬੰਧਕੀ ਕਮੇਟੀ ਦੀ ਇੱਕ ਸਾਂਝੀ ਮੀਟਿੰਗ ਮੋਹਾਲੀ ਦੇ PSPCL ਰੈਸਟ ਹਾਊਸ ਵਿਖੇ ਹੋਈ। ਮੀਟਿੰਗ ਵਿੱਚ ਵਿਰੋਧ ਪ੍ਰਦਰਸ਼ਨ ਦੀ ਜਗ੍ਹਾ, ਟਰੈਕਟਰ-ਟਰਾਲੀਆਂ ਦੀ ਪਾਰਕਿੰਗ, ਸੈਨੀਟੇਸ਼ਨ, ਪਾਣੀ, ਪਖਾਨੇ, ਆਵਾਜਾਈ ਅਤੇ ਹੋਰ ਪ੍ਰਬੰਧਾਂ ਬਾਰੇ ਚਰਚਾ ਕੀਤੀ ਗਈ। ਕਿਸਾਨ ਆਗੂ ਬਲਬੀਰ ਰਾਜੇਵਾਲ, ਬਲਦੇਵ ਨਿਹਾਲਗੜ੍ਹ ਅਤੇ ਹੋਰ ਮੀਟਿੰਗ ਵਿੱਚ ਸ਼ਾਮਲ ਹੋਏ, ਜਿੱਥੇ ਐਸਕੇਐਮ ਵੱਲੋਂ ਯੋਜਨਾਬੱਧ ਵਿਰੋਧ ਪ੍ਰਦਰਸ਼ਨ ਬਾਰੇ ਚਰਚਾ ਕੀਤੀ ਗਈ। ਕਿਸਾਨ ਆਗੂ ਪਰਮਦੀਪ ਬੈਦਵਾਨ ਨੇ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਸੈਕਟਰ 48 ਅਤੇ 49 ਵਿੱਚ ਐਸਕੇਐਮ ਨੂੰ ਵਿਰੋਧ ਪ੍ਰਦਰਸ਼ਨ ਲਈ ਜਗ੍ਹਾ ਪ੍ਰਦਾਨ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਪ੍ਰਸ਼ਾਸਨ ਬੈਸਟੈਕ ਮਾਲ ਤੱਕ ਟਰੈਕਟਰ ਟਰਾਲੀਆਂ ਲਈ ਸੜਕ ਦਾ ਇੱਕ ਪਾਸਾ ਅਤੇ ਫੇਜ਼ 11 ਤੋਂ ਅੱਗੇ ਸੜਕ ਦਾ ਇੱਕ ਪਾਸਾ ਖੁੱਲ੍ਹਾ ਰੱਖੇਗਾ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੇ ਜ਼ਰੂਰੀ ਪ੍ਰਬੰਧਾਂ ਦਾ ਭਰੋਸਾ ਦਿੱਤਾ ਹੈ, ਅਤੇ ਕਿਸਾਨ ਸੰਗਠਨਾਂ ਨੇ ਵੀ ਕਿਸੇ ਵੀ ਟ੍ਰੈਫਿਕ ਸਮੱਸਿਆ ਤੋਂ ਬਚਣ ਲਈ ਜ਼ਰੂਰੀ ਪ੍ਰਬੰਧ ਕਰਨ ਦਾ ਵਾਅਦਾ ਕੀਤਾ ਹੈ। ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਕਿਰਪਾਲ ਸਿੰਘ ਸਿਆਊ ਨੇ ਕਿਹਾ ਕਿ ਮੋਹਾਲੀ ਜ਼ਿਲ੍ਹੇ ਤੋਂ ਸੈਂਕੜੇ ਟਰੈਕਟਰ-ਟਰਾਲੀਆਂ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿੱਚ ਲੰਗਰ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਦਰਿਆ ਦੇ ਪਾਣੀਆਂ ਦੇ ਲੰਬੇ ਸਮੇਂ ਤੋਂ ਚੱਲ ਰਹੇ ਵਿਵਾਦ ਨੂੰ ਰਿਪੇਰੀਅਨ ਸਿਧਾਂਤਾਂ ਦੇ ਆਧਾਰ 'ਤੇ ਹੱਲ ਕੀਤਾ ਜਾਵੇ, ਪੁਨਰਗਠਨ ਐਕਟ, 1966 ਦੀਆਂ ਧਾਰਾਵਾਂ 78, 79 ਅਤੇ 80 ਨੂੰ ਰੱਦ ਕੀਤਾ ਜਾਵੇ, ਕਿਸਾਨਾਂ ਅਤੇ ਖੇਤੀਬਾੜੀ ਮਜ਼ਦੂਰਾਂ ਲਈ ਪੂਰੀ ਤਰ੍ਹਾਂ ਕਰਜ਼ਾ ਮੁਆਫ ਕੀਤਾ ਜਾਵੇ, ਸੰਯੁਕਤ ਰਾਜ ਅਮਰੀਕਾ ਨਾਲ ਪ੍ਰਸਤਾਵਿਤ ਮੁਕਤ ਵਪਾਰ ਸਮਝੌਤੇ ਦਾ ਵਿਰੋਧ ਕੀਤਾ ਜਾਵੇ, ਕਣਕ ਅਤੇ ਝੋਨੇ ਨੂੰ ਛੱਡ ਕੇ ਸਾਰੇ ਖੇਤੀਬਾੜੀ ਉਤਪਾਦਾਂ ਲਈ '32 ਪਲੱਸ 50 ਪ੍ਰਤੀਸ਼ਤ' ਦੇ ਆਧਾਰ 'ਤੇ ਘੱਟੋ-ਘੱਟ ਸਮਰਥਨ ਮੁੱਲ ਸਥਾਪਤ ਕੀਤਾ ਜਾਵੇ, ਡੈਮ ਸੁਰੱਖਿਆ ਐਕਟ, ਬਿਜਲੀ ਸੋਧ ਐਕਟ ਅਤੇ ਬੀਜ ਬਿੱਲ ਨੂੰ ਰੱਦ ਕੀਤਾ ਜਾਵੇ, ਅਤੇ ਕਿਸਾਨਾਂ ਅਤੇ ਮਜ਼ਦੂਰਾਂ ਲਈ ਪ੍ਰਤੀ ਮਹੀਨਾ 10,000 ਰੁਪਏ ਦਾ ਸਮਾਜਿਕ ਸੁਰੱਖਿਆ ਭੱਤਾ ਪ੍ਰਦਾਨ ਕੀਤਾ ਜਾਵੇ।

## ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਰਿਹਾਇਸ਼ ਬਾਹਰ ਸਿਹਤ ਵਿਭਾਗ ਦੇ ਠੇਕਾ ਮੁਲਾਜ਼ਮਾਂ ਦਾ ਧਰਨਾ



**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿਹਤ ਵਿਭਾਗ ਦੇ ਕੱਚੇ ਮੁਲਾਜ਼ਮਾਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਰਿਹਾਇਸ਼ ਦੇ ਬਾਹਰ ਧਰਨਾ ਪ੍ਰਦਰਸ਼ਨ ਕੀਤਾ ਗਿਆ। ਮੁਲਾਜ਼ਮਾਂ ਨੇ ਸਰਕਾਰ ਖ਼ਿਲਾਫ਼ ਰੋਸ ਜ਼ਾਹਰ ਕਰਦਿਆਂ ਪੱਕਾ ਕਰਨ, ਬਰਾਬਰ ਕੰਮ ਲਈ ਬਰਾਬਰ ਤਨਖ਼ਾਹ ਦੇਣ ਅਤੇ ਆਊਟਸੋਰਸ ਤੇ ਕੰਟਰੈਕਟ ਭਰਤੀ ਦੀ ਨੀਤੀ 'ਤੇ ਸਵਾਲ ਚੁੱਕੇ। ਧਰਨੇ ਦੌਰਾਨ ਸਿਹਤ ਵਿਭਾਗ ਦੇ ਮੁਲਾਜ਼ਮ ਆਗੂ ਗੁਰਜਿੰਦਰ ਸਿੰਘ ਔਲਖ ਨੇ ਕਿਹਾ ਕਿ ਕੱਚੇ ਮੁਲਾਜ਼ਮ ਲੰਬੇ ਸਮੇਂ ਤੋਂ ਮਹਿਜ਼ 10 ਹਜ਼ਾਰ ਰੁਪਏ ਦੇ ਕਰੀਬ ਤਨਖ਼ਾਹ 'ਤੇ ਕੰਮ ਕਰਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰ ਸਰਕਾਰੀ ਰੁਜ਼ਗਾਰ ਨੂੰ ਖ਼ਤਮ ਕਰਕੇ ਆਊਟਸੋਰਸ ਅਤੇ ਕੰਟਰੈਕਟ ਭਰਤੀਆਂ ਨੂੰ ਤਰਜੀਹ ਦੇ ਰਹੀ ਹੈ, ਜਦਕਿ ਦੂਜੇ ਪਾਸੇ ਇਹੀ ਕੱਚੇ ਮੁਲਾਜ਼ਮ ਧੁੱਪ-ਮੀਂਹ ਵਿੱਚ ਸੜਕਾਂ 'ਤੇ ਬੈਠ ਕੇ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ ਹਨ। ਗੁਰਜਿੰਦਰ ਸਿੰਘ ਔਲਖ ਨੇ ਕਿਹਾ ਕਿ ਸਿਹਤ ਵਿਭਾਗ ਵਿੱਚ 10 ਹਜ਼ਾਰ ਤੋਂ ਵੱਧ ਮੁਲਾਜ਼ਮ ਆਪਣੀਆਂ ਸੇਵਾਵਾਂ ਦੇ ਰਹੇ ਹਨ, ਜਦਕਿ ਕੁਝ ਸ਼੍ਰੇਣੀਆਂ ਦੇ ਮੁਲਾਜ਼ਮਾਂ ਨੂੰ ਹੀ ਸਰਕਾਰ ਵੱਲੋਂ ਪੱਕਾ ਕਰਨ ਦੀ ਪ੍ਰਕਿਰਿਆ ਵਿੱਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਸਵਾਲ ਕੀਤਾ ਕਿ ਬਾਕੀ ਰਹਿ ਗਏ ਮੁਲਾਜ਼ਮਾਂ ਦਾ ਕੀ ਬਣੇਗਾ? ਉਨ੍ਹਾਂ ਕਿਹਾ ਕਿ ਬਰਾਬਰ ਕੰਮ-ਬਰਾਬਰ ਤਨਖ਼ਾਹ ਦੀ ਮੰਗ ਵੀ ਲੰਬੇ ਸਮੇਂ ਤੋਂ ਕੀਤੀ ਜਾ ਰਹੀ ਹੈ। ਕਈ ਮੁਲਾਜ਼ਮ ਘੱਟ ਤਨਖ਼ਾਹ 'ਤੇ ਉਹੀ ਕੰਮ ਕਰ ਰਹੇ ਹਨ, ਜਦਕਿ ਉਨ੍ਹਾਂ ਦੇ ਮੁਕਾਬਲੇ ਸਰਕਾਰੀ ਅਧਿਕਾਰੀਆਂ ਅਤੇ ਪੱਕੇ ਮੁਲਾਜ਼ਮਾਂ ਨੂੰ ਕਾਫ਼ੀ ਵੱਧ ਤਨਖ਼ਾਹ ਮਿਲ ਰਹੀ ਹੈ। ਮੁਲਾਜ਼ਮ ਆਗੂ ਨੇ ਕਿਹਾ ਕਿ ਸਰਕਾਰ ਵੱਲੋਂ ਬਣਾਈਆਂ ਨੀਤੀਆਂ ਅਤੇ ਬਿੱਲਾਂ ਵਿੱਚ ਸੋਧ ਕਰਕੇ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕਦਾ ਹੈ, ਪਰ ਉਨ੍ਹਾਂ ਦੇ ਦੋਸ਼ ਮੁਤਾਬਕ ਸਰਕਾਰ ਅਤੇ ਅਧਿਕਾਰੀ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਗੰਭੀਰਤਾ ਨਾਲ ਧਿਆਨ ਨਹੀਂ ਦੇ ਰਹੇ।

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**
ਕਨਵੀਨਰ ਪੰਥਕ ਅਕਾਲੀ ਦਲ, +91 99146 00715

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਧੁਰੋਂ ਸਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ–ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ–ਢਾਡੀ–ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141–27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408–35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278–66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਮੌਂਟਰੀਆਲ 'ਚ ਇਮੀਗ੍ਰੇਸ਼ਨ ਦੇ ਨਾਮ 'ਤੇ ਵੱਡੀ ਧੋਖਾਧੜੀ

# ਗੁਰਦੁਆਰਾ ਕਮੇਟੀ ਨੇ ਪੀੜਤ ਪਰਿਵਾਰਾਂ ਦੀ ਫੜੀ ਬਾਂਹ



**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਕਨਾਡਾ ਦੇ ਮੌਂਟਰੀਆਲ ਵਿਖ਼ੇ ਇਮੀਗ੍ਰੇਸ਼ਨ ਕਰਵਾਉਣ ਦੇ ਨਾਮ 'ਤੇ ਸੈਂਕੜੇ ਪਰਿਵਾਰਾਂ ਤੋਂ ਹਜ਼ਾਰਾਂ ਡਾਲਰ ਵਸੂਲਣ ਅਤੇ ਕਈ ਪਰਿਵਾਰਾਂ ਨਾਲ ਕਥਿਤ ਧੋਖਾਧੜੀ ਕਰਨ ਦੇ ਗੰਭੀਰ ਦੋਸ਼ਾਂ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਦੀ ਪ੍ਰਬੰਧਕ ਕਮੇਟੀ ਨੇ ਸਖ਼ਤ ਰੁਖ ਅਖਤਿਆਰ ਕਰਦਿਆਂ ਪੀੜਤ ਪਰਿਵਾਰਾਂ ਦੀ ਬਾਂਹ ਫੜਨ ਦਾ ਫੈਸਲਾ ਕੀਤਾ ਹੈ। ਸਰਦਾਰ ਜਸਵਿੰਦਰ ਸਿੰਘ, ਮੁੱਖ ਸੇਵਾਦਾਰ ਗੁਰਦੁਆਰਾ ਪਾਰਕ ਐਕਸ, ਨੇ ਦੱਸਿਆ ਕਿ ਜਸਵਿੰਦਰ ਸਿੰਘ ਸੰਧੂ ਵੱਲੋਂ ਇਮੀਗ੍ਰੇਸ਼ਨ ਦੇ ਨਾਮ 'ਤੇ ਕਈ ਪਰਿਵਾਰਾਂ ਤੋਂ ਹਜ਼ਾਰਾਂ ਡਾਲਰ ਲਏ ਜਾਣ, ਕੁਝ ਲੋਕਾਂ ਦੀਆਂ ਕਥਿਤ ਤੌਰ 'ਤੇ ਗਲਤ ਸਟੋਰੀਆਂ ਲਗਾਏ ਜਾਣ ਅਤੇ ਬਹੁਤ ਸਾਰੇ ਲੋਕਾਂ ਨੂੰ ਪੂਰਾ ਪੇਪਰ ਵਰਕ ਨਾ ਦਿੱਤੇ ਜਾਣ ਦੇ ਦੋਸ਼ ਪੀੜਤਾਂ ਵੱਲੋਂ ਲਗਾਏ ਗਏ ਹਨ। ਮਾਮਲਾ ਉਸ ਸਮੇਂ ਹੋਰ ਗੰਭੀਰ ਹੋ ਗਿਆ ਜਦੋਂ ਸੰਧੂ ਦੇ ਦੇਸ਼ ਛੱਡ ਕੇ ਫਰਾਰ ਹੋਣ ਦੀ ਜਾਣਕਾਰੀ ਸਾਹਮਣੇ ਆਈ। ਪੀੜਤ ਪਰਿਵਾਰਾਂ ਵੱਲੋਂ ਚਰਨਜੀਤ ਸਿੰਘ ਸੁੱਜੋ ਅਤੇ ਜੋਬਨ ਸਿੰਘ ਰਾਹੀਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੱਕ ਪਹੁੰਚ ਕੀਤੀ ਗਈ, ਜਿਸ ਤੋਂ ਬਾਅਦ ਕਮੇਟੀ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਵਿਸ਼ੇਸ਼ ਮੀਟਿੰਗ ਬੁਲਾਈ। ਮੀਟਿੰਗ ਵਿੱਚ ਪੀੜਤ ਪਰਿਵਾਰਾਂ ਨੇ ਆਪਣੇ ਨਾਲ ਵਾਪਰੀਆਂ ਘਟਨਾਵਾਂ ਅਤੇ ਕਥਿਤ ਆਰਥਿਕ ਨੁਕਸਾਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਕਮੇਟੀ ਨੇ ਸਪੱਸ਼ਟ ਕੀਤਾ ਕਿ ਮੁਸ਼ਕਲ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਨੂੰ ਇਕੱਲਿਆਂ ਨਹੀਂ ਛੱਡਿਆ ਜਾਵੇਗਾ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਮਾਮਲੇ ਦੀ ਕਾਨੂੰਨੀ ਪੱਖੋਂ ਪੜਤਾਲ ਕਰਵਾਉਣ ਲਈ ਇੱਕ ਟੀਮ ਦਾ ਗਠਨ ਕੀਤਾ ਗਿਆ ਹੈ, ਜੋ ਕਾਨੂੰਨੀ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰਕੇ ਅਗਲੇ ਕਦਮ ਤੈਅ ਕਰੇਗੀ। ਇਸ ਤੋਂ ਇਲਾਵਾ ਪੁਲਿਸ ਨਾਲ ਜਲਦ ਰਾਬਤਾ ਕਰਕੇ ਸ਼ਿਕਾਇਤ ਅਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਵਾਉਣ ਦੀ ਗੱਲ ਵੀ ਆਖੀ ਗਈ। ਕਮੇਟੀ ਨੇ ਕਮਿਊਨਿਟੀ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਪਰਿਵਾਰਾਂ ਨੇ ਆਪਣੀ ਮਿਹਨਤ ਦੀ ਕਮਾਈ ਗੁਆਉਣ ਦਾ ਦਾਅਵਾ ਕੀਤਾ ਹੈ, ਉਨ੍ਹਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ ਅਤੇ ਜੇਕਰ ਕਿਸੇ ਹੋਰ ਵਿਅਕਤੀ ਨਾਲ ਵੀ ਅਜਿਹਾ ਮਾਮਲਾ ਵਾਪਰਿਆ ਹੈ ਤਾਂ ਉਹ ਸਾਹਮਣੇ ਆ ਕੇ ਜਾਣਕਾਰੀ ਸਾਂਝੀ ਕਰੇ। ਇਸ ਮੌਕੇ ਸੁਰਜੀਤ ਸਿੰਘ, ਜਸਵਿੰਦਰ ਸਿੰਘ, ਜਤਿੰਦਰ ਸਿੰਘ ਮੁਲਤਾਨੀ, ਬਲਰਾਜ ਸਿੰਘ, ਮੁਲਖ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## 25ਵਾਂ ਰਾਜ-ਪੱਧਰੀ ਸਿਲਵਰ ਜੁਬਲੀ ਸਨਮਾਨ ਸਮਾਰੋਹ

# ਅਮਿੱਟ ਯਾਦਾਂ ਛੱਡਦਾ ਸਪੰਨ

**ਚੌਂਕ ਮਹਿਤਾ 31 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੱਛਲੇ 25 ਸਾਲ ਤੋਂ ਖੇਡ ਖ਼ੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੀ ਪੰਜਾਬ ਦੀ ਨਾਮਵਰ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਨੇ ਆਪਣੇ 25 ਸਾਲ ਸ.ਫਲਤਾਪੂਰਵਕ ਸੰਪਨ ਕਰਨ ਦੀ ਖੁਸ਼ੀ ਮੌਕੇ ਬੀ.ਐਮ ਰਿਜ਼ੋਟ (ਅਟਾਰੀ ਰੋਡ,ਅੰਮ੍ਰਿਤਸਰ) ਵਿਖ਼ੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ,ਚੈਅਰਮੈਨ ਹਰਦੇਸ ਸ਼ਰਮਾ,ਵਾਇਸ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ 25ਵਾਂ ਰਾਜ-ਪੱਧਰੀ ਸਿਲਵਰ ਜੁਬਲੀ ਸਨਮਾਨ ਸਮਾਰੋਹ ਕਰਵਾਇਆ ਗਿਆ 9 ਇਸ ਮੌਕੇ ਮੁੱਖ ਮਹਿਮਾਨ ਪੀਸੀਐਸ ਸ਼੍ਰੀ.ਰਾਜੇਸ਼ ਸ਼ਰਮਾ,ਖੇਡ ਪ੍ਰੋਮੋਟਰ ਅਤੇ ਵਾਇਸ ਚੇਅਰਮੈਨ, ਮਖਤੂਲ ਸਿੰਘ ਔਲਖ ਅਤੇ ਸਮਾਜ ਸੇਵਕ ਰਿਤੇਸ਼ ਰਾਣਾ ਨੇ ਖੇਡਾਂ, ਸਿੱਖਿਆ,ਡਾਕਟਰੀ, ਸਮਾਜ ਸੇਵਾ,ਵਾਤਾਵਰਨ ਅਤੇ ਵੱਖ-ਵੱਖ ਖ਼ੇਤਰਾਂ ਵਿੱਚ ਬੇਹਤਰੀਨ ਸੇਵਾਵਾਂ ਪ੍ਰਦਾਨ ਕਰਨ ਵਾਲੀਆਂ 70 ਪ੍ਰਸਿੱਧ ਸਖ਼ਸੀਅਤਾਂ ਨੂੰ ਕੀਤਾ ਲਾਈਫ ਟਾਈਮ ਐਚੀਵਮੈਂਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ 9 ਇਸ ਮੌਕੇ ਮੁੱਖ ਮਹਿਮਾਨ ਰਾਜੇਸ਼ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕੇ ਇਸ ਖੇਡ ਸੰਸਥਾ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਕਿਸੇ ਵੀ ਜਾਣ ਪਛਾਣ ਦੇ ਮੋਹਤਾਜ ਨਹੀਂ ਹਨ । ਇਹ ਸਫਲਤਾ ਕੇਵਲ ਇਕ ਦਿਨ ਵਿਚ ਹੀ ਨਹੀਂ ਬਲਕਿ ਨਿਰੰਤਰ 25 ਸਾਲ ਸੰਘਰਸ਼ ਕਰਕੇ ਇਸ ਮੁਕਾਮ ਨੂੰ ਹਾਸਲ ਕੀਤਾ ਹੈ । ਪਿਛਲੇ ਕਈ ਸਾਲਾਂ ਤੋਂ ਖੇਡਾਂ ਨੂੰ ਪ੍ਰਮੋਟ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਖਿਲਾਫ ਜਾਗਰੂਕ ਕਰਨ ਅਤੇ ਖੇਡਾਂ ਨੂੰ ਪ੍ਰਮੋਟ ਕਰਨ ਲਈ ਕਬੱਡੀ, ਕ੍ਰਿਕੇਟ, ਵਾਲੀਬਾਲ ਅਤੇ ਐਥਲੈਟਿਕਸ ਮੁਕਾਬਲੇ ਕਰਵਾਏ ਜਾਂਦੇ ਹਨ । ਇਸ ਮੌਕੇ ਮਹਿਮਾਨਾਂ ਵੱਲੋਂ 25 ਪੌਂਡ ਦਾ ਕੇਕ ਕੱਟ ਕੇ ਮੇਜਰ ਧਿਆਨ ਚੰਦ ਦੇ ਜਨਮਦਿਨ ਨੂੰ ਸਮਰਪਿਤ ਕੀਤਾ ਅਤੇ ਹਾਕੀ ਉਲੰਪੀਅਨ ਬ੍ਰਿਗੇਡੀਅਰ ਹਰਚਰਨ ਸਿੰਘ (ਅਰਜੁਨਾ ਐਵਾਰਡੀ),ਕੌਮਾਂਤਰੀ ਬਾਸਕਿਟਬਾਲ ਖ਼ਿਡਾਰਨ ਡਾ.ਸੁਮਨ ਸ਼ਰਮਾ,



ਕੌਮਾਂਤਰੀ ਐਥਲੀਟ ਡੀਐਸਪੀ ਜ਼ੋਰਾ ਸਿੰਘ,ਕੌਮਾਂਤਰੀ ਐਥਲੀਟ ਡੀਐਸਪੀ ਨਿਸ਼ਾਨ ਸਿੰਘ ਢਿੱਲੋਂ, ਡਾ.ਜਤਿੰਦਰ ਸਿੰਘ ਸਾਬ੍ਹੀ (ਸੀ.ਸਪੋਰਟਸ ਜਰਨਲਿਸਟ ਅਤੇ ਖੇਡ ਲੇਖਕ),ਡਾ.ਸੁਖਦੇਵ ਸਿੰਘ (ਸਾਬਕਾ ਖੇਡ ਮੁੱਖੀ ਗੁਰੂ ਨਾਨਕ ਦੇਵ ਯੂਨੀਵਰਸਿਟੀ), ਡਾ. ਪ੍ਰਮਪ੍ਰੀਤ (ਡਿਪਟੀ ਡਾਇਰੈਕਟਰ ਸਪੋਰਟਸ, ਰਿਆਤ ਬਹਾਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸਿਆਰਪੁਰ),ਏਸ਼ੀਅਨ ਮਾਸਟਰ ਖੇਡਾਂ ਰਿਕਾਰਡ ਹੋਲਡਰ ਐਥਲੀਟ ਜਸਪਿੰਦਰ ਸਿੰਘ ਬਾਜਵਾ, ਐਸਪੀ ਪੰਜਾਬ ਪੁਲਿਸ ਕਮਲਜੀਤ ਸਿੰਘ ਔਲਖ਼,ਰੋਪ ਸਕਿੱਪਿੰਗ ਫੈਡਰਸ਼ਨ ਇੰਡੀਆ ਦੇ ਪ੍ਰਧਾਨ ਵਰਸ਼ਾ ਬਾਵਾ, ਬਿਕਰਮਜੀਤ ਸਿੰਘ ਕਾਕਾ (ਜੂਨੀਅਰ ਵਿਸ਼ਵ ਹਾਕੀ ਕੱਪ ਜੇਤੂ),ਕੌਮਾਂਤਰੀ ਪਾਵਰ ਲਿਫਟਰ ਰਮਨਦੀਪ ਕੌਰ),ਕੌਮੀ ਐਥਲੀਟ ਮਾਸਟਰ ਸੁਲਤਾਨ ਸਿੰਘ ਭਿੰਡਰ, ਪ੍ਰਦੀਪ ਕੁਮਾਰ (ਫੁੱਟਬਾਲ ਕੋਚ ਗੁਰੂ ਨਾਨਕ ਦੇਵ ਯੂਨੀਵਰਸਿਟੀ),ਸਵਰਨ ਸਿੰਘ ਸੰਧੂ ਸਾਬਕਾ ਫੁੱਟਬਾਲ ਖਿਡਾਰੀ), ਮਨਦੀਪ ਸਿੰਘ ਸੁਨਾਮ (ਪ੍ਰਸਿੱਧ ਖੇਡ ਲੇਖਕ), ਨੈਨਾਂ ਸ਼ਰਮਾ (ਕੌਮਾਂਤਰੀ ਬਾਕਸਿੰਗ ਖ਼ਿਡਾਰਣ), ਹਰਜੀਤ ਕੌਰ (ਖੇਡ ਅਧਿਆਪਕ ਬ੍ਰਾਈਟ ਲੈਂਡ ਸਕੂਲ, ਕੌਮਾਂਤਰੀ ਕਬੱਡੀ ਖਿਡਾਰੀ ਗੁਰਮੇਲ ਸਿੰਘ (ਸਹਿਜ਼ਾਦਾ ਨੰਦ ਕਾਲਜ ਅੰਮ੍ਰਿਤਸਰ),ਹੀਰਾ ਸਿੰਘ ਬੱਲ ਵੇਟਲਿਫਟਿੰਗ ਕੋਚ,ਡੀਪੀਈ ਸਰਬਜੀਤ ਸਿੰਘ,ਡੀਪੀਈ ਨਵਦੀਪ ਸਿੰਘ,ਪੀਟੀਆਈ ਜਸਵਿੰਦਰ ਸਿੰਘ ਮਾਨਾਵਾਲਾ, ਡੀਪੀਈ ਮਨਪ੍ਰੀਤ ਕੌਰ ਲੈਕਚਰਾਰ ਗੁਰਪ੍ਰੀਤ ਸਿੰਘ ਬਿੱਲਾ,ਲੈਕਚਰਾਰ ਮਨਿੰਦਰ ਸਿੰਘ, ਕੌਮਾਂਤਰੀ ਪਹਿਲਵਾਨ ਕਮਲ ਕਿਸ਼ੋਰ,ਕੱਬਡੀ ਕੋਚ ਹਰਸ਼ਾ ਛੀਨਾ ਰਣਜੀਤ ਸਿੰਘ ਛੀਨਾ,ਨਰਪਿੰਦਰ ਸਿੰਘ ਕੌਮਾਂਤਰੀ ਯੋਗਾ ਕੋਚ,ਸਾਹਿਲ (ਆਰਮ ਰੈਸਲਿੰਗ ਵਰਲਡ ਪੁਲਿਸ ਗੇਮਜ਼ ਚੈਂਪੀਅਨ), ਕੌਮਾਂਤਰੀ ਬਾਡੀਬਿਲਡਰ ਸਬ ਇੰਸਪੈਕਟਰ ਪੁਲਿਸ ਚਰਨ ਮੋਹਨ,ਜਗਜੀਤ ਸਿੰਘ,ਨਵਤੇਜ ਸਿੰਘ (ਦੋਵੇਂ ਸਵਿਮਿੰਗ ਕੋਚ),ਡੀਪੀਈ ਨਿਸ਼ਾਨ ਸਿੰਘ,ਦਿਲਬਾਗ ਸਿੰਘ ਕਾਹਲੋਂ (ਸਕੈਟਿੰਗ ਕੋਚ ਜਲੰਧਰ) ਸਤਿੰਦਰਬੀਰ ਸਿੰਘ (ਸਾਬਕਾ ਜਿਲ੍ਹਾ ਸਿੱਖਿਆ ਅਫ਼ਸਰ, ਡਾ.ਮੰਗਲ ਸਿੰਘ ਕਿਸ਼ਨਪੁਰੀ, ਪ੍ਰਿੰ.ਰਾਜੇਸ਼ ਪ੍ਰਭਾਕਰ,ਪ੍ਰਿੰ. ਸੁਸ਼ੀਲ ਅਗਰਵਾਲ,ਪ੍ਰਿੰ.ਅਮਰਪ੍ਰੀਤ ਕੌਰ,ਗੁਰਜੀਤ ਕੌਰ (ਪੰਜਾਬੀ ਅਧਿਆਪਕਾ),ਪ੍ਰਿੰ.ਅਮਨ ਸ਼ਰਮਾ, ਪ੍ਰਿੰ.ਚਾਂਦ ਪੁਸ਼ਕਰਨਾ, ਪ੍ਰਿੰ.ਅਮਰਜੀਤ ਕੌਰ,ਲੈਕਚਰਾਰ ਗੁਰਵਿੰਦਰ ਸਿੰਘ,ਰਮੇਸ਼ ਭਨੋਟ ਪ੍ਰਸਿੱਧ ਸਟੇਜ ਸੈਕਟਰੀ,ਦੀਪਕ ਬੱਬਰ, ਜਸਵਿੰਦਰ ਸਿੰਘ ਬਾਵਾ (ਸੀ. ਫੋਟੋਗ੍ਰਾਫਰ ਦਫ਼ਤਰ ਮੁੱਖ ਮੰਤਰੀ ਪੰਜਾਬ),ਗੁਰਦੇਵ ਸਿੰਘ ਸੋਨੂੰ, ਡਾ.ਨਿਰਮਲ ਸਿੰਘ ਆਨੰਦ,ਰੁਪਿੰਦਰ ਸਿੰਘ ਗੋਲਡੀ,ਐਡਵੋਕੇਟ ਗੁਰਪ੍ਰੀਤ ਸਿੰਘ, ਡਾ.ਰਮਨ ਸ਼ਰਮਾ,ਗੁਰਭੇਜ ਸਿੰਘ ਭੇਜਾ ਅਤੇ ਮੈਨੇਜਰ ਹਰਜੀਤ ਸਿੰਘ (ਸਾਰੇ ਸਮਾਜ ਸੇਵਕ) ਨੂੰ ਸਨਮਾਨਿਤ ਕਰਨ ਤੋਂ ਇਲਾਵਾ 8ਵੀਂ,10ਵੀਂ ਅਤੇ 12ਵੀਂ ਦੀ ਮੈਰਿਟ ਹੋਲਡਰ ਅਤੇ ਹੋਣਹਾਰ ਵਿਦਿਆਰਥਣਾਂ ਨੂੰ "ਐਵਾਰਡ ਆਫ਼ ਆਨਰ" ਨਾਲ ਸਨਮਾਨਿਤ ਕੀਤਾ ਗਿਆ 9 ਇਸ ਮੌਕੇ ਨਰਿੰਦਰ ਸਿੰਘ,ਬਲਜੀਤ ਕੌਰ, ਬਲਜੀਤ ਸਿੰਘ,ਵੀਨਾ ਮੱਟੂ,ਬਲਜਿੰਦਰ ਸਿੰਘ, ਹਰਪ੍ਰੀਤ ਕੌਰ,ਸ਼ਿਵ ਸਿੰਘ, ਕਿਰਨਦੀਪ ਕੌਰ, ਅਰਸ਼ਪ੍ਰੀਤ ਕੌਰ, ਦਮਨਪ੍ਰੀਤ ਕੌਰ ਅਤੇ ਅਰਲੀਨ ਕੌਰ ਮੌਜੂਦ ਸੀ। ਅਖੀਰ ਵਿੱਚ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਆਏ ਹੋਏ ਮਹਿਮਾਨਾ ਦਾ ਸਮਾਰੋਹ ਵਿੱਚ ਪੁੱਜਣ ਤੇ ਧੰਨਵਾਦ ਕੀਤਾ 9 ਮੰਚ ਸੰਚਾਲਣ ਦੀ ਭੂਮਿਕਾ ਸ਼੍ਰੀ ਰਮੇਸ਼ ਭਨੋਟ ਨੇ ਨਿਭਾਈ।

**ਵੱਖ-ਵੱਖ ਖ਼ੇਤਰ ਦੀਆਂ 70 ਪ੍ਰਸਿੱਧ ਸ਼ਖ਼ਸੀਅਤਾਂ ਨੂੰ ਕੀਤਾ ਲਾਈਫ ਟਾਈਮ ਐਚੀਵਮੈਂਟ ਐਵਾਰਡ ਨਾਲ ਸਨਮਾਨਿਤ**

## ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਮੀਟਿੰਗ ਦੌਰਾਨ ਪੱਤਰਕਾਰਾਂ ਦੀਆਂ ਸਮੱਸਿਆਵਾਂ ਅਤੇ ਨਵੀਆਂ ਭਲਾਈ ਸਕੀਮਾਂ ਸੰਬੰਧੀ ਹੋਈ ਵਿਚਾਰ-ਚਰਚਾ



**ਜੰਡਿਆਲਾ ਗੁਰੂ 31 ਅਗਸਤ ( ਕੁਲਵੰਤ ਸਿੰਘ ਵਿਰਦੀ )**-ਅੱਜ ਮਾਝਾ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਇੱਕ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਸ. ਗੁਰਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਫੀਲਡ ਵਿੱਚ ਕੰਮ ਕਰ ਰਹੇ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਤੋਂ ਇਲਾਵਾ ਪੱਤਰਕਾਰਾਂ ਲਈ ਹਾਲ ਦੀ ਲੋੜ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਪ੍ਰਧਾਨ ਗੁਰਪ੍ਰੀਤ ਸਿੰਘ ਨੇ ਪੱਤਰਕਾਰਾਂ ਦੀ ਭਲਾਈ ਲਈ ਸ਼ੁਰੂ ਕੀਤੀ ਜਾ ਰਹੀ ਇੱਕ ਨਵੀਂ ਸਕੀਮ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਇਸ ਸਕੀਮ ਤਹਿਤ ਕਿਸੇ ਪੱਤਰਕਾਰ ਦੀ ਅਚਾਨਕ ਮੌਤ ਜਾਂ ਹਾਦਸੇ ਕਾਰਨ ਮੌਤ ਹੋਣ ਦੀ ਸਥਿਤੀ ਵਿੱਚ 2-2 ਲੱਖ ਰੁਪਏ ਦਾ ਬੀਮਾ ਕਵਰ ਮੁਹੱਈਆ ਕਰਵਾਉਣ ਦੀ ਯੋਜਨਾ ਹੈ। ਉਨ੍ਹਾਂ ਨੇ ਇਸ ਬੀਮਾ ਯੋਜਨਾ ਦੀਆਂ ਜ਼ਰੂਰੀ ਸ਼ਰਤਾਂ ਅਤੇ ਨਿਯਮਾਂ ਬਾਰੇ ਵੀ ਪੱਤਰਕਾਰਾਂ ਨੂੰ ਜਾਣੂ ਕਰਵਾਇਆ।ਇਸ ਦੇ ਨਾਲ ਹੀ ਪੱਤਰਕਾਰਾਂ ਲਈ 20 ਹਜ਼ਾਰ ਰੁਪਏ ਤੱਕ ਦੇ ਸਿਹਤ/ਮੈਡੀਕਲ ਬੀਮੇ ਸਬੰਧੀ ਵੀ ਜਾਣਕਾਰੀ ਦਿੱਤੀ ਗਈ ਅਤੇ ਕਲੱਬ ਦੇ ਮੈਂਬਰਾਂ ਨੂੰ ਇਨ੍ਹਾਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ।ਮੀਟਿੰਗ ਦੌਰਾਨ ਕਲੱਬ ਦੇ ਸਰਪ੍ਰਸਤ ਸ. ਭੁਪਿੰਦਰ ਸਿੰਘ ਸਿੱਧੂ ਵੱਲੋਂ ਨਵੇਂ ਸ਼ਾਮਲ ਹੋਏ ਮੈਂਬਰ ਭਗਵਾਨ ਸਿੰਘ ਤੇ ਬਿਕਰਮਜੀਤ ਸਿੰਘ ਮਨਾਵਾਲਾ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਕਲੱਬ ਦੇ ਸਕੱਤਰ ਸ. ਜਗਤਾਰ ਸਿੰਘ ਨੇ ਕਲੱਬ ਦੀਆਂ ਭਵਿੱਖੀ ਗਤੀਵਿਧੀਆਂ ਅਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਚਾਨਣਾ ਪਾਇਆ।ਇਸ ਮੌਕੇ ਡਾ. ਮਨਰਾਜ ਸਿੰਘ ਜੋਸਨ, ਅੰਗਰੇਜ ਸਿੰਘ, ਭੋਲਾ, ਪ੍ਰਗਟ ਸਿੰਘ, ਅਨਿਲ ਕੁਮਾਰ, ਜਸਬੀਰ ਸਿੰਘ ਭੋਲਾ ਸਮੇਤ ਹੋਰ ਮੈਂਬਰ ਹਾਜ਼ਰ ਸਨ। ਡਾ. ਮਨਰਾਜ ਸਿੰਘ ਜੋਸਨ ਨੇ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਨਵੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਕਲੱਬ ਨਾਲ ਲਗਾਤਾਰ ਸੰਪਰਕ ਵਿੱਚ ਰਹਿਣ।

## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਲਵੰਡੀ ਸਾਬੋ 'ਚ 1 ਸਤੰਬਰ ਨੂੰ 500 ਡਰੋਨਾਂ ਦਾ ਵਿਸ਼ੇਸ਼ ਸ਼ੋਅ





ਤਲਵੰਡੀ ਸਾਬੋ, 31 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650 ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਵਿਚ ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਇਸ ਲੜੀ ਤਹਿਤ 1 ਸਤੰਬਰ ਨੂੰ ਸ਼ਾਮ 5:30 ਵਜੇ ਸ੍ਰੀ ਦਸ਼ਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਹੋਣ ਵਾਲੇ ਡਰੋਨ ਸ਼ੋਅ ਦੀਆਂ ਤਿਆਰੀਆਂ ਸਬੰਧੀ ਅੱਜ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ਼੍ਰੀਮਤੀ ਵੀਰਪਾਲ ਕੌਰ ਨੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ਼੍ਰੀਮਤੀ ਵੀਰਪਾਲ ਕੌਰ ਨੇ ਦੱਸਿਆ ਕਿ ਲਗਭਗ 500 ਡਰੋਨ ਇਕੋ ਸਮੇਂ ਅਸਮਾਨ ਵਿਚ ਉੱਡ ਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ ਅਤੇ ਮਹਾਨ ਸਿੱਖਿਆਵਾਂ ਉਤੇ ਅਧਾਰਤ ਪੇਸ਼ਕਾਰੀ ਦੇਣਗੇ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਸੁਰੱਖਿਆ, ਆਵਾਜਾਈ ਪ੍ਰਬੰਧਾਂ ਅਤੇ ਪਾਰਕਿੰਗ ਵਿਵਸਥਾ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਉਨ੍ਹਾਂ ਨੇ ਸ਼ੋਅ ਦੇਖਣ ਲਈ ਆਉਣ ਵਾਲੇ ਲੋਕਾਂ ਲਈ ਪੀਣ ਵਾਲੇ ਸਾਫ ਪਾਣੀ ਦਾ ਪ੍ਰਬੰਧ, ਬੈਠਣ ਵਿਵਸਥਾ, ਸਕੂਲ ਦੇ ਗਰਾਊਂਡ ਦੀ ਸਾਫ ਸਫਾਈ, ਬਿਜਲੀ ਦੀ ਨਿਰਵਿਘਨ ਸਪਲਾਈ ਆਦਿ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਡਰੋਨ ਸ਼ੋਅ ਦਾ ਅਨੰਦ ਜ਼ਰੂਰ ਮਾਨਣ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਤਲਵੰਡੀ ਸਾਬੋ ਤੋਂ ਬਾਅਦ 7 ਸਤੰਬਰ ਨੂੰ ਮੌੜ ਮੰਡੀ, 8 ਸਤੰਬਰ ਨੂੰ ਰਾਮਪੁਰਾ ਫੂਲ, 9 ਸਤੰਬਰ ਨੂੰ ਭੁੱਚੋ ਮੰਡੀ ਅਤੇ 10 ਸਤੰਬਰ ਨੂੰ ਬਠਿੰਡਾ ਵਿਖੇ ਵੀ ਅਜਿਹੇ ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾਣਗੇ।

## ਗੋਲਡੀ ਬਰਾੜ ਦੀ ਆਡੀਓ 'ਤੇ ਭਾਈ ਪੰਮਾ ਦਾ ਧਮਾਕੇਦਾਰ ਜਵਾਬ

# 'ਭਾਈ ਨਿੱਝਰ ਦੀ ਕਿਰਦਾਰਕੁਸ਼ੀ ਅਤੇ ਕਤਲ ਦੀ ਜੁਰਅਤ ਦਾ ਮਿਲੇਗਾ ਢੁਕਵਾਂ ਜਵਾਬ'



**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਬੀਤੇ ਕੁਝ ਦਿਨ ਪਹਿਲਾਂ ਗੈਂਗਸਟਰ ਗੋਲਡੀ ਬਰਾੜ ਵਲੋਂ ਜਲਾਵਤਨੀ ਭਾਈ ਪਰਮਜੀਤ ਸਿੰਘ ਪੰਮਾ ਨਾਲ ਕੀਤੀ ਗੱਲਬਾਤ ਦੀ ਆਡਿਓ ਵਾਇਰਲ ਕੀਤੀ ਗਈ ਸੀ ਜਿਸ ਵਿਚ ਓਹ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਜਿੰਮੇਵਾਰੀ ਲੈ ਕੇ ਭਾਰਤ ਸਰਕਾਰ ਨੂੰ ਮਾਮਲੇ ਤੋਂ ਕਲੀਨ ਚਿੱਟ ਦੇ ਰਹੇ ਸਨ ਤੇ ਨਾਲ ਹੀ ਭਾਈ ਨਿੱਝਰ ਦੀ ਕਿਰਦਾਰ ਕੁਸ਼ੀ ਵੀ ਕਰ ਰਹੇ ਸਨ ਦਾ ਭਾਈ ਪੰਮਾ ਵਲੋਂ ਤਿੱਖਾ ਜੁਆਬ ਦੇਂਦਿਆ ਕਿਹਾ ਗੋਲਡੀ ਬਰਾੜਾ, ਜਿਹੜੀ ਤੂੰ ਦਿੱਲੀ ਦੀਆਂ ਏਜੰਸੀਆਂ ਅਤੇ ਹਿੰਦ ਸਰਕਾਰ ਦੀ ਸ਼ਿਹ 0ਤੇ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਝੂਠੀ ਜ਼ੁੰਮੇਵਾਰੀ ਲੈ ਕੇ ਆਪਣੇ ਆਕਾਵਾਂ ਦਾ ਦਾਗ ਧੋਣ ਦੀ ਨਾਕਾਮ ਕੋਸ਼ਿਸ਼ ਕੀਤੀ ਹੈ ਅਤੇ ਸ਼ਹੀਦ ਦੀ ਕਿਰਦਾਰਕੁਸ਼ੀ ਕਰਨ ਦੀ ਜੁਰਅਤ ਕੀਤੀ ਹੈ, ਉਸ ਦਾ ਢੁਕਵਾਂ ਜੁਆਬ ਸੁਣ ਲੈ। ਭਾਈ ਨਿੱਝਰ ਸਿੱਖ ਪੰਥ ਦਾ ਉਹ ਚਮਕਦਾ ਤਾਰਾ ਹੈ ਜਿਸ ਦਾ ਨਾਂ ਇਤਿਹਾਸ ਦੇ ਸੁਨਹਿਰੀ ਪੰਨਿਆਂ 0ਤੇ ਅਮਰ ਹੋ ਚੁੱਕਾ ਹੈ, ਜਦਕਿ ਤੇਰਾ ਇਤਿਹਾਸ ਸਿਰਫ਼ ਕਾਇਰਾਂ ਵਾਂਗ ਮੂੰਹ ਛੁਪਾ ਕੇ ਪਿੱਠ ਪਿੱਛੇ ਵਾਰ ਕਰਨ ਵਾਲੇ ਗਿੱਦੜਾਂ ਦਾ ਹੈ। ਭਾਈ ਪੰਮਾ ਨੇ ਕਿਹਾ ਜੇਕਰ ਤੁਹਾਡੇ ਵਰਗੇ ਕਾਇਰਾ ਵਿਚ ਜ਼ਰਾ ਵੀ ਮਰਦਾਨਗੀ ਹੁੰਦੀ, ਤਾਂ ਪਿੱਠ ਪਿੱਛੇ ਵਾਰ ਕਰਨ ਦੀ ਥਾਂ ਭਾਈ ਨਿੱਝਰ ਦੇ ਸਾਹਮਣੇ ਆ ਕੇ ਦੇਖਦੇ। ਫਿਰ ਤੁਹਾਨੂੰ ਪਤਾ ਲੱਗਦਾ ਕਿ ਸ਼ੇਰ ਸਾਹਮਣੇ ਹੋਵੇ ਤਾਂ ਗਿੱਦੜ ਕਿਵੇਂ ਆਪਣੀਆਂ ਖੱਡਾਂ ਲੱਭਦੇ ਫਿਰਦੇ ਹਨ। ਓਨ੍ਹਾ ਕਿਹਾ ਭਾਈ ਨਿੱਝਰ ਗੁਰਦੁਆਰਾ ਸਾਹਿਬ ਦੇ ਸਰਵਸੰਮਤੀ ਨਾਲ ਚੁਣੇ ਹੋਏ ਪ੍ਰਧਾਨ ਸਨ, ਜਨ੍ਹਿਾਂ ਨੇ ਪੰਥ ਦੇ ਚੋਟੀ ਦੇ ਖਾੜਕੂ ਸਿੰਘਾਂ ਦਾ ਸਾਥ ਮਾਣਿਆ। ਉਹ ਹੱਥੀਂ ਕਿਰਤ-ਕਮਾਈ ਕਰਕੇ ਆਪਣੇ ਪਰਿਵਾਰ ਨੂੰ ਪਾਲਦੇ ਅਤੇ ਸੰਗਤ ਦੀ ਸੇਵਾ ਕਰਦੇ ਸਨ, ਤੁਹਾਡੇ ਵਰਗੇ ਕਾਇਰਾਂ ਵਾਂਗ ਲੋਕਾਂ ਤੋਂ ਫਿਰੌਤੀਆਂ ਮੰਗ ਕੇ ਆਪਣੇ ਢਿੱਡ ਨਹੀਂ ਸੀ ਭਰਦੇ। ਓਨ੍ਹਾ ਗੋਲਡੀ ਬਰਾੜ ਨੂੰ ਚੇਤਾਵਨੀ ਦੇਂਦਿਆ ਕਿਹਾ ਸਿੰਘਾਂ ਦਾ ਖ਼ੂਨ ਡੋਲ੍ਹ ਕੇ ਤੁਸੀਂ ਸਮਝਦੇ ਹੋ ਕਿ ਬਚ ਜਾਓਗੇ ? ਗੁਰੂ ਸਾਹਿਬ ਦੇ ਕਹਿਰ ਅਤੇ ਅਕਾਲ ਪੁਰਖ ਦੀ ਲਾਠੀ ਦੀ ਮਾਰ ਤੋਂ ਤੁਹਾਨੂੰ ਦੁਨੀਆ ਦੀ ਕੋਈ ਤਾਕਤ ਜਾਂ ਸਰਕਾਰੀ ਛਤਰ-ਛਾਇਆ ਨਹੀਂ ਬਚਾ ਸਕਦੀ। ਜਨ੍ਹਿਾਂ ਸਰਕਾਰਾਂ ਦੀਆਂ ਗੋਦੀਆਂ 0ਚ ਬੈਠ ਕੇ ਤੁਸੀਂ ਅੱਜ ਗਿੱਦੜ-ਭਬਕੀਆਂ ਮਾਰ ਰਹੇ ਹੋ, ਆਪਣਾ ਮਤਲਬ ਨਿਕਲਣ ਤੋਂ ਬਾਅਦ ਇਹੋ ਸਰਕਾਰਾਂ ਤੁਹਾਨੂੰ ਦੂਧੀ 0ਚੋਂ ਮੱਖੀ ਵਾਂਗ ਕੱਢ ਕੇ ਸੁੱਟਣਗੀਆਂ ਅਤੇ ਤੁਹਾਡਾ ਨਾਮੋ-ਨਿਸ਼ਾਨ ਮਿਟਾ ਕੇ ਆਪ ਸਾਫ਼-ਪਾਕ ਬਣ ਬੈਠਣਗੀਆਂ। ਓਨ੍ਹਾ ਕਿਹਾ ਇਤਿਹਾਸ ਗਵਾਹ ਹੈ ਕਿ ਸਿੰਘ ਕਦੇ ਆਪਣੇ ਸ਼ਹੀਦਾਂ ਦੇ ਖ਼ੂਨ ਦਾ ਹਿਸਾਬ ਬਾਕੀ ਨਹੀਂ ਛੱਡਦੇ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਬਦਲਾ ਲੈਣ ਲਈ ਬਾਬਾ ਬੰਦਾ ਸਿੰਘ ਬਹਾਦਰ ਨੇ ਸਰਹਿੰਦ ਦੀਆਂ ਇੱਟਾਂ ਨਾਲ ਇੱਟਾਂ ਖੜਕਾ ਦਿੱਤੀਆਂ ਸਨ, ਅਤੇ ਗੁਰੂ ਘਰ ਦੇ ਦੋਖੀ ਮੱਸੇ ਰੰਗੜ ਦੀ ਧੌਣ ਵੱਢ ਕੇ ਭਾਈ ਮਹਿਤਾਬ ਸਿੰਘ ਤੇ ਭਾਈ ਸੁੱਖਾ ਸਿੰਘ ਨੇ ਦੱਸ ਦਿੱਤਾ ਸੀ ਕਿ ਸਿੰਘਾਂ ਦਾ ਹਿਸਾਬ ਕਿਵੇਂ ਹੁੰਦਾ ਹੈ। ਜ਼ੁਲਮ ਦਾ ਰਾਜ ਚਾਹੇ ਜਿੰਨਾ ਵੀ ਵੱਡਾ ਹੋਵੇ, ਸਮਾਂ ਬਦਲਦਿਆਂ ਦੇਰ ਨਹੀਂ ਲੱਗਦੀ। ਤੁਹਾਡੇ ਵਰਗੇ ਜ਼ਮੀਰ-ਵੇਚੂ ਗੱਦਾਰਾਂ ਅਤੇ ਕਾਤਲਾਂ ਦਾ ਹਸ਼ਰ ਵੀ ਇਤਿਹਾਸ ਦੇ ਉਸੇ ਕੂੜੇਦਾਨ ਵਿੱਚ ਹੋਵੇਗਾ ਜਿੱਥੇ ਅਹਿਮਦ ਸ਼ਾਹ ਅਬਦਾਲੀ ਅਤੇ ਜ਼ਕਰਿਆ ਖ਼ਾਨ ਵਰਗੇ ਜ਼ਾਲਮਾਂ ਦਾ ਹੋਇਆ ਹੈ। ਸਿੱਖ ਕੌਮ ਆਪਣੀਆਂ ਨਸਲਾਂ ਅਤੇ ਸ਼ਹੀਦਾਂ ਦੇ ਡੁੱਲ੍ਹੇ ਖ਼ੂਨ ਦੇ ਇੱਕ-ਇੱਕ ਫ਼ਰਜ਼ ਨੂੰ ਚੁਕਾਉਣਾ ਚੰਗੀ ਤਰ੍ਹਾਂ ਜਾਣਦੀ ਹੈ, ਅਤੇ ਇਹ ਹਿਸਾਬ ਵੀ ਹਰ ਹਾਲਤ ਵਿੱਚ ਚੁਕਤਾ ਹੋ ਕੇ ਰਹੇਗਾ! ਅੰਤ ਵਿਚ ਓਨ੍ਹਾ ਕਿਹਾ ਤੂੰ ਸਾਨੂੰ ਇੱਕ ਸਾਲ ਦਾ ਸਮਾਂ ਦਿੱਤਾ ਹੈ ? ਅਸੀਂ ਤੈਨੂੰ ਖੁੱਲ੍ਹਾ ਚੈਲੇਂਜ ਕਰਦੇ ਹਾਂ—ਸਮਾਂ, ਦਿਨ ਅਤੇ ਜਗ੍ਹਾ ਤੂੰ ਤੈਅ ਕਰ, ਅਸੀਂ ਆਪ ਚੱਲ ਕੇ ਆਵਾਂਗੇ! ਹੁਣ ਦੇਖਦੇ ਹਾਂ ਕਿ ਸਮਾਂ ਕਿਸ ਪਾਸੇ ਕਰਵਟ ਲੈਂਦਾ ਹੈ। ਗੁਰੂ ਦੀ ਅਦਾਲਤ ਵਿੱਚ ਤੇਰਾ ਹਿਸਾਬ ਨਿਸ਼ਚਿਤ ਹੈ।

# ਸਿੱਖ ਪਾੜੋ ਤੇ ਰਾਜ ਕਰੋ ਦੇ ਛਲ ਕਪਟ ਨੂੰ ਕਦੋਂ ਸਮਝਣਗੇ ?

ਸਿੱਖ ਕੌਮ ਇੱਕ ਮਾਰਸ਼ਲ ਕੌਮ ਵਜੋਂ ਜਾਣੀ ਜਾਂਦੀ ਹੈ। ਜੇ਼ਕਰ ਪਿਛਲੇ ਇਤਿਹਾਸ ਵਲ ਝਾਤੀ ਮਾਰੀਏ ਤਾਂ ਇਸ ਵਿਕਾਊ, ਗਦਾਰ, ਲਾਲਚੀ ਖ਼ੁਦਗ੍ਰਜੀਆਂ ਦੀ ਵੀ ਕੋਈ ਘਾਟ ਨਹੀਂ ਹੈ। ਜਿਸ ਦਾ ਸਾਡੀ ਕੌਮ ਨੇ ਬਹੁਤ ਨੁਕਸਾਨ ਤੇ ਸੰਤਾਪ ਹੰਢਾਇਆ। ਇਹ ਸਭ ਅਸੀਂ ਇਤਿਹਾਸ ਵਿੱਚੋ ਗੁਰੂ ਕਾਲ ਤੋਂ ਹੀ ਦੇਖਦੇ ਆ ਰਹੇ ਹਾਂ। ਭਾਵੇਂ ਸਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ। ਪਰ ਅਸੀਂ ਕਦੇ ਵੀ ਨਹੀਂ ਸੋਚਿਆ ਕਿ ਅਸੀਂ ਉਸ ਸਿਧਾਂਤ ਤੋਂ ਕਿੰਨੇ ਗਿਰ ਚੁੱਕੇ ਹਾਂ ਤੇ ਕਿੱਥੇ ਖੜੇ ਹਾਂ ?

ਗੁਰੂ ਕਾਲ ਵੇਲੇ ਬੇਸ਼ੱਕ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਰਗਟ ਹੋਣ ਤੋਂ ਬਾਅਦ ਬਾਈ ਮੰਜੀਆਂ ਦਾ ਭੋਗ ਪੈ ਗਿਆ ਸੀ ਪਰ ਅੱਜ ਦੀਆਂ ਮੰਜੀਆਂ ਨੇ ਸਭ ਕੁਝ ਮਾਤ ਪਾ ਦਿੱਤਾ ਹੈ। ਸਿੱਖ ਕੌਮ ਅੰਦਰ ਇਸ ਕਦਰ ਮੰਜੀਆਂ ਬਣ ਚੁੱਕੀਆਂ ਹਨ ਸ਼ਾਇਦ ਗਿਣਤੀ ਵੀ ਨਾ ਹੋ ਸਕੇ ਜਿਹੜਾ ਵੀ ਉਠਦਾ ਹੈ ਆਪਣੀ ਮੰਜੀ ਡਾਹ ਲੈਂਦਾ ਹੈਤੇ ਦੂਜੀ ਮੰਜੀ ਨੂੰ ਝੂਠੀ ਦਸਣ ਲਗ ਜਾਂਦਾ ਹੈ। ਏਨਾ ਨੂੰ ਕੋਈ ਪੁਛਣ ਵਾਲਾ ਵੀ ਨਹੀਂ, ਜਿਨ੍ਹਾਂ ਤੋਂ ਉਮੀਦ ਸੀ ਜਾਂ ਫਿਰ ਜਿਨ੍ਹਾਂ ਦਾ ਫਰਜ਼ ਬਣਦਾ ਸੀ ਉਹ ਲਾਲਚੀ, ਸੁਆਰਥੀ, ਵਿਕਾਊ ਅਤੇ ਗ.ਦਾਰਾਂ ਦੀ ਲਾਈਨ ਵਿੱਚ ਖੜ੍ਹੇ ਹਨ। ਦੁਸ਼ਮਣ ਦਾ ਕੰਮ ਹੈ ਕੌਮ ਨੂੰ ਕਮਜ਼ੋਰ ਕਰਨਾ ਜੋ ਉਹ ਨਿਰੰਤਰ ਕਰ ਰਿਹਾ ਹੈ, ਅਗੋਂ ਸਾਡਾ ਵੀ ਕੋਈ ਫਰਜ਼ ਬਣਦਾ ਹੈ ਕਿ ਆਪਣੇ ਆਪ ਨੂੰ ਤਾਕਤਵਰ ਕਿਵੇਂ ਰੱਖਣਾ ਹੈ ? ਸਿੱਖ ਕੌਮ ਮਿਸਲਾਂ ਵਿੱਚ ਵੀ ਵੰਡੀ ਰਹੀ ਹੈ,ਆਪਸ ਵਿੱਚ ਅੱਤ ਦਰਜੇ ਦੇ ਵਖਰੇਵੇਂ ਵੀ ਰਹੇ ਪਰ ਸਿੱਖੀ ਸਿਧਾਂਤਾਂ ਨੂੰ ਕਦੇ ਆਂਚ ਤੱਕ ਨਹੀਂ ਆਉਣ ਦਿੱਤੀ। ਮੌਜੂਦਾ ਸਮੇਂ ਦੌਰਾਨ ਆਪਣੀਆਂ ਧਰਮ. ਦਾ ਸਹਾਰਾ ਲੈ ਕੇ ਆਪਣੀ ਚੌਧਰ ਵੀ ਕਾਇਮ ਰੱਖੀ ਤੇ ਧਰਮ ਨੂੰ ਸਭ ਤੋਂ ਵੱਧ ਢਾਹ ਵੀ ਲਾਈ। ਹਾਲੇ ਵੀ ਧਾਰਮਿਕ, ਰਾਜਨੀਤਕ, ਸਮਾਜਿਕ ਇੱਥੋਂ ਤੱਕ ਕਿ ਪਰਵਾਰਿਕ ਰੋਟੀਆਂ ਵੀ ਸਿਧਾਂਤਾਂ ਨਾਲ ਖਿਲਵਾੜ ਕਰਕੇ ਸੇਕੀਆਂ ਜਾ ਰਹੀਆਂ ਹਨ। ਸਾਡੀ ਕੌਮ ਦੇ ਅਖੌਤੀ ਸਿੱਖ ਸਿਧਾਂਤਾਂ ਦਾ ਘਾਂਣ ਕਰਨ ਵਾਲਿਆ ਦੇ ਹੱਕ ਵਿਚ ਨਾਹਰੇ ਮਾਰ ਮਾਰ ਕੇ ਹੌਸਲਾ ਹਫਜਾਈ ਕਰ ਰਹੇ ਹਨ।

ਅਸੀਂ ਹਮੇਸ਼ਾ ਬੇਇਨਸਾਫ਼ੀ ਨਾਲ ਲੜਦੇ ਆ ਰਹੇ ਹਾਂ, ਬੇਇਨਸਾਫ਼ੀ ਵੀ ਮੁੱਢ ਤੋਂ ਸਾਡੇ ਨਾਲ ਹੀ ਹੁੰਦੀ ਆ ਰਹੀ ਹੈ। ਜ਼ਿਆਦਾ ਬੇਇਨਸਾਫ਼ੀ ਸਾਡਿਆਂ ਆਪਣਿਆ ਨੇ ਭਰੋਸੇ ਵਿੱਚ ਹਾਸਿਲ ਕੀਤੀ ਹੈ। ਅਸੀਂ ਮੁਗਲਾਂ ਨਾਲ ਲੜ ਕੇ ਰਾਜ ਭਾਗ ਪਾ ਲਿਆ ਪਰ ਆਪਣਿਆਂ ਦੀਆਂ ਗਦਾਰੀਆਂ ਨਾਲ ਸਭ ਕੁਝ ਗਵਾ ਵੀ ਲਿਆ ।ਮਹਾਰਾਜਾ ਰਣਜੀਤ ਸਿੰਘ ਨੇ ਐਸੇ ਬੁਕਲ ਦੇ ਸੱਪ ਪਾਲੇ ਜੋ ਸਿੱਖ ਰਾਜ ਦਾ ਸਤਿਆਨਾਸ ਕਰ ਗਏ। ਮਹਾਰਾਜਾ ਰਣਜੀਤ ਸਿੰਘ ਨੇ ਗਲਤੀਆਂ ਕੀਤੀਆਂ ਹੋਣਗੀਆਂ ਪਰ ਸੱਤਾ ਦਾ ਨਸ਼ੇ ਵਿਚ ਕਦੇ ਸਿੱਖ ਸਿਧਾਂਤਾਂ, ਮਰਿਆਦਾ, ਪ੍ਰੰਪਰਾਵਾਂ ਜਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪ੍ਰਭੂਸੱਤਾ ਨੂੰ ਚੈਲੰਜ ਨਹੀਂ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਰਾਜਨੀਤੀ ਦਾ ਕੇਂਦਰ ਬਿੰਦੂ ਹੋਣ ਕਰਕੇ ਸਿੱਖ ਵਿਰੋਧੀ ਤਾਕਤਾਂ ਨੂੰ ਹਮੇਸ਼ਾ ਹੀ ਰੜਕਦਾ ਰਿਹਾ ਹੈ। ਜਿਸ ਨੂੰ ਸਿੱਖਾਂ ਵਿੱਚ ਫੁੱਟ ਪਾਊ ਤਾਕਤਾਂ ਦੀ ਸਹਿ ਤੇ ਇੱਕ ਅਖੌਤੀ ਸਿੱਖ (ਪ੍ਰਕਾਸ਼ ਸਿੰਘ ਬਾਦਲ) ਨੇ ਵਾਰ ਵਾਰ ਚੈਲੰਜ ਕਰਕੇ ਕੌਮ ਨੂੰ ਇਸ ਕਗਾਰ ਤੇ ਲਿਆ ਖੜ੍ਹਾ ਕਰ ਦਿੱਤਾ ਜਿੱਥੇ ਕੋਈ ਰਾਹ ਨਜ਼ਰ ਨਹੀਂ ਆ ਰਿਹਾ। ਸਿੱਖ ਅੱਜ ਵੀ ਉਸ ਪ੍ਰੀਵਾਰ ਦੀ ਝੋਲੀ ਚੁਕਦੇ ਨਜ਼ਰ ਆ ਰਹੇ ਹਨ।

ਪਿਛਲੇ ਸਮੇਂ ਦੌਰਾਨ ਸਿੱਖ ਸਿਆਸਤ (ਰਾਜਨਿਤਿਕ ਜਾ ਧਾਰਮਿਕ)ਸਿਰਫ ਇੱਕ ਵਿਅਕਤੀ ਜਾਂ ਸਪਸ਼ਟ ਰੂਪ ਕਹਿ ਲਿਆ ਜਾਵੇ ਕਿ ਇੱਕ ਪ੍ਰੀਵਾਰ ਤੱਕ ਹੀ ਸੀਮਤ ਹੋ ਕੇ ਰਹਿ ਗਈ। ਇਸ ਪ੍ਰੀਵਾਰ ਨੇ ਸਿੱਖ ਵਿਰੋਧੀ ਤਾਕਤਾਂ ਦੀ ਸਹਿ ਨਾਲ ਹੀ ਕੋਈ ਧਾਰਮਿਕ ਜਾਂ ਰਾਜਨੀਤਕ ਆਗੂ ਪੈਦਾ ਹੀ ਨਹੀਂ ਹੋਣ ਦਿੱਤਾ। ਜਿਸ ਨੇ ਵੀ ਸਮੇਂ ਸਮੇਂ ਤੇ ਅਵਾਜ਼ ਬੁਲੰਦ ਕਰਨ ਦੀ ਕੋਸ਼ਿਸ਼ ਕੀਤੀ ਉਨ੍ਹਾਂ ਨੂੰ ਜ਼ਲਾਲਤ ਨਾਲ਼ ਇੱਕ ਇੱਕ ਕਰਕੇ ਖਤਮ ਕਰ ਦਿੱਤਾ ਗਿਆ। ਸਿੱਖਾ ਦੀ ਰਾਜਨਿਤਿਕ ਤੇ ਧਾਰਮਿਕ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦਾ ਇੱਕ ਆਗੂ ਆਪਣੇ ਆਖ਼ਰੀ ਸਮੇਂ ਤੱਕ ਇਸ ਪ੍ਰੀਵਾਰ ਦੀ ਜ਼ਲਾਲਤ ਤੋਂ ਬਚ ਨਹੀਂ ਸਕਿਆ। ਇਹ ਸਾਰਾ ਕੁਝ ਵਿਕਾਊ, ਸੁਆਰਥੀ, ਲਾਲਚੀ ਚੌਧਰਾਂ ਦੇ ਭੁਖਿਆ ਦੇ ਅਤੇ ਪਾੜੋ ਤੇ ਰਾਜ ਕਰੋ ਦੇ ਛੱਲ ਕਪਟ ਕਰਕੇ ਵਾਪਰਿਆਂ ਹੈ ਜੋ ਅੱਜ ਤੱਕ ਵਾਪਰ ਰਿਹਾ ਹੈ। ਸਿੱਖ ਆਪਣੀਆਂ ਵਿਰੋਧੀ ਤਾਕਤਾਂ ਤੇ ਬੁੱਕਲ ਦੇ ਸੱਪਾਂ ਨੂੰ ਹਾਲੇ ਤੱਕ ਨਹੀਂ ਸਮਝ ਰਹੇ। ਇਨ੍ਹਾਂ ਦੀਆਂ ਖੁਦਗਰਜ਼ੀਆ ਨੇ ਸਿਰਫ਼ ਸਤਾ ਹਾਸਿਲ ਕਰਨ ਲਈ ਰਾਜਨਿਤਿਕ ਵੰਡੀਆਂ ਤਾਂ ਪਾਈਆਂ ਹੀ ਸਨ, ਧਾਰਮਿਕ ਤੌਰ ਤੇ ਸਿੱਖ ਵਿਰੋਧੀ ਡੇਰਿਆਂ ਨੂੰ ਵੀ ਉਤਸ਼ਾਹਿਤ ਕਰਕੇ ਬੇੜਾ ਗ.ਰਕ ਕਰ ਦਿੱਤਾ, ਹੋਰ ਤਾਂ ਹੋਰ ਇਨ੍ਹਾਂ ਕੌਮ ਦੋਖੀਆਂ ਨੇ ਕੌਮ ਦੇ ਸ਼ਹੀਦਾਂ, ਸ਼ਹੀਦ ਪਰਿਵਾਰਾਂ, ਬੰਦੀ ਸਿੰਘਾਂ ਵਿੱਚ ਵੀ ਵੰਡੀਆਂ ਪਾ ਦਿੱਤੀਆਂ ਹਨ। ਕੌਮ ਦਾ ਕੋਈ ਵੀ ਵਿੰਗ ਸੁਰੱਖਿਅਤ ਨਹੀਂ। ਸਭ ਤੋਂ ਵੱਡੀ ਸੱਟ ਉਸ ਵੇਲੇ ਵੱਜੀ ਜਦੋਂ ਇਸ ਪ੍ਰੀਵਾਰ ਦੇ ਰਾਜਭਾਗ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਵੀ ਸੁਰੱਖਿਅਤ ਨਹੀਂ ਰਹੇ। ਸਿੱਖ ਗੋਲੀਆਂ ਨਾਲ ਭੁੰਨ ਸੁੱਟੇ,ਇਹ ਵਰਤਾਰਾ ਇੱਕ ਵਾਰ ਨਹੀਂ ਵਾਰ ਵਾਰ ਵਰਤਦਾ ਰਿਹਾ। ਅਖੌਤੀ ਸਿੱਖ ਹਾਲੇ ਤੱਕ ਵੀ ਨਹੀਂ ਸਮਝ ਰਹੇ। ਅਸੀਂ ਕਦੋਂ ਸਮਝ ਸਕਾਂਗੇ ਕਿ ਸਾਡੇ ਨਾਲ ਇਹ ਛੱਲ ਕਪਟ ਕਦੋਂ ਤੋਂ ਤੇ ਕਿਉਂ ਹੋ ਰਿਹਾ ਹੈ ? ਗੁਰੂ ਰਾਖਾ!

**-ਮਹਿੰਦਰ ਸਿੰਘ ਚੋਹਾਣਕੇ**
**9914112351**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਾਬ ਯੂਨੀਵਰਸਿਟੀ ਚੋਣਾਂ 'ਚ SOI ਵੱਲੋਂ ABVP ਦੀ ਹਮਾਇਤ 'ਤੇ ਗਿਆਨੀ ਹਰਪ੍ਰੀਤ ਸਿੰਘ ਦਾ ਤਿੱਖਾ ਹਮਲਾ



**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀਆਂ ਕੈਂਪਸ ਵਿਦਿਆਰਥੀ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਤਕਰਾਰ ਤੇਜ਼ ਹੋ ਗਈ ਹੈ। ਸ਼੍ਰੋਮਣੀ ਅਕਾਲੀ ਦਲ ਪੁਨਰਗਠਨ ਦੇ ਕਾਰਜਕਾਰੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸੁਖਬੀਰ ਸਿੰਘ ਬਾਦਲ ਨਾਲ ਸਬੰਧਤ ਸ਼੍ਰੋਮਣੀ ਅਕਾਲੀ ਦਲ ਦੀ ਵਿਦਿਆਰਥੀ ਜਥੇਬੰਦੀ SOI (Student Organisation of India) ਵੱਲੋਂ ABVP ਨੂੰ ਦਿੱਤੀ ਹਮਾਇਤ 'ਤੇ ਤਿੱਖਾ ਸਵਾਲ ਖੜ੍ਹਾ ਕੀਤਾ ਹੈ। SOI ਦੇ ਉਮੀਦਵਾਰ ਦੀ ਨਾਮਜ਼ਦਗੀ ਰੱਦ ਹੋਣ ਤੋਂ ਬਾਅਦ, ਸੁਖਬੀਰ ਸਿੰਘ ਬਾਦਲ ਨਾਲ ਸਬੰਧਤ ਅਕਾਲੀ ਦਲ ਦੀ ਜਥੇਬੰਦੀ SOI ਨੇ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ ਵਿੱਚ ABVP ਦੇ ਉਮੀਦਵਾਰ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਇਸ ਫ਼ੈਸਲੇ ਨੂੰ ਲੈ ਕੇ ਸਿੱਖਿਆ ਅਤੇ ਵਿਦਿਆਰਥੀ ਰਾਜਨੀਤੀ ਦੇ ਨਾਲ-ਨਾਲ ਅਕਾਲੀ ਸਿਆਸਤ ਵਿੱਚ ਵੀ ਚਰਚਾ ਛਿੜ ਗਈ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਇਸ ਫ਼ੈਸਲੇ 'ਤੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਜਿਹੜੇ ਲੋਕ ਦੂਜਿਆਂ ਦੇ ਭਾਜਪਾ ਨਾਲ ਸਬੰਧਾਂ ਨੂੰ ਲੈ ਕੇ ਸਵਾਲ ਖੜ੍ਹੇ ਕਰਦੇ ਰਹੇ ਹਨ, ਅੱਜ ਉਹੀ ਧਿਰ ਭਾਜਪਾ ਨਾਲ ਜੁੜੀ ਵਿਦਿਆਰਥੀ ਜਥੇਬੰਦੀ ABVP ਦੀ ਹਮਾਇਤ ਕਰ ਰਹੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ABVP ਨੂੰ ਹਮਾਇਤ ਦੇਣ ਦੀ ਲੋੜ ਨਹੀਂ ਸੀ ਤਾਂ SOI ਵੱਲੋਂ ਇਹ ਸਮਰਥਨ ਕਿਉਂ ਦਿੱਤਾ ਗਿਆ ਅਤੇ ਇਸ ਦੇ ਪਿੱਛੇ ਅਸਲ ਸਿਆਸੀ ਸੋਚ ਕੀ ਹੈ ? ਉਨ੍ਹਾਂ ਦੇ ਬਿਆਨ ਨੇ ਸੁਖਬੀਰ ਸਿੰਘ ਬਾਦਲ ਨਾਲ ਸਬੰਧਤ ਅਕਾਲੀ ਦਲ ਅਤੇ ਉਸ ਦੀ ਵਿਦਿਆਰਥੀ ਜਥੇਬੰਦੀ SOI ਦੀ ਭੂਮਿਕਾ ਨੂੰ ਸਿੱਧੇ ਤੌਰ 'ਤੇ ਸਵਾਲਾਂ ਦੇ ਘੇਰੇ ਵਿੱਚ ਲਿਆ ਦਿੱਤਾ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਦੋਗਲੀ ਸਿਆਸਤ ਅਤੇ ਕਹਿਣੀ-ਕਰਨੀ ਦੇ ਫ਼ਰਕ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਸਿਆਸੀ ਤੌਰ 'ਤੇ ਕਿਸੇ ਧਿਰ ਦੇ ਭਾਜਪਾ ਨਾਲ ਸਬੰਧਾਂ ਨੂੰ ਲੈ ਕੇ ਇਤਰਾਜ਼ ਜਤਾਇਆ ਜਾਂਦਾ ਰਿਹਾ ਹੈ, ਤਾਂ ਫਿਰ ਉਸੇ ਭਾਜਪਾ ਦੀ ਵਿਦਿਆਰਥੀ ਜਥੇਬੰਦੀ ਨੂੰ ਚੋਣਾਂ ਵਿੱਚ ਹਮਾਇਤ ਦੇਣ ਦਾ ਫ਼ੈਸਲਾ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਪੰਜਾਬ ਯੂਨੀਵਰਸਿਟੀ ਦੀਆਂ ਚੋਣਾਂ ਦਾ ਇਹ ਫ਼ੈਸਲਾ ਹੁਣ ਸਿਰਫ਼ ਵਿਦਿਆਰਥੀ ਰਾਜਨੀਤੀ ਤੱਕ ਸੀਮਤ ਨਹੀਂ ਰਿਹਾ, ਸਗੋਂ ਇਸ ਨੇ ਅਕਾਲੀ ਦਲ ਦੀ ਅੰਦਰੂਨੀ ਸਿਆਸਤ ਅਤੇ ਵੱਖ-ਵੱਖ ਧੜਿਆਂ ਦੀ ਭਾਜਪਾ ਪ੍ਰਤੀ ਪਹੁੰਚ ਨੂੰ ਲੈ ਕੇ ਵੀ ਨਵੀਂ ਬਹਿਸ ਛੇੜ ਦਿੱਤੀ ਹੈ।

## ਪੰਥ, ਪੰਜਾਬ ਅਤੇ ਹਲਕਾ ਜ਼ੀਰਾ ਦੀ ਸੇਵਾ ਲਈ ਵਚਨਬੱਧ: ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰਸਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਪਾਰਟੀ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਅਤੇ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਪ੍ਰਗਟਾਇਆ ਹੈ, ਜਿਨ੍ਹਾਂ ਨੇ ਉਨ੍ਹਾਂ ਉੱਤੇ ਭਰੋਸਾ ਜਤਾਉਂਦਿਆਂ ਹਲਕਾ ਜ਼ੀਰਾ ਦੇ ਕੋਆਰਡੀਨੇਟਰ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਹੈ।

ਪ੍ਰੈੱਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਰਨੈਲ ਸਿੰਘ ਪੀਰ ਮੁਹੰਮਦ ਨੇ ਆਖਿਆ ਕਿ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਨਵੀਂ ਲੀਡਰਸ਼ਿਪ ਨੂੰ ਉਭਾਰਨ ਅਤੇ ਆਮ ਘਰਾਂ ਦੇ ਨੌਜਵਾਨਾਂ ਨੂੰ ਪੰਥ ਅਤੇ ਪੰਜਾਬ ਦੀ ਸੇਵਾ ਲਈ ਅੱਗੇ ਲਿਆਉਣ ਦਾ ਜੋ ਬੀੜਾ ਚੁੱਕਿਆ ਹੈ, ਉਹ ਬਹੁਤ ਹੀ ਸ਼ਲਾਘਾਯੋਗ ਅਤੇ ਇਤਿਹਾਸਕ ਕਦਮ ਹੈ। ਇਹ ਜ਼ਿੰਮੇਵਾਰੀ ਉਨ੍ਹਾਂ ਲਈ ਸਿਰਫ਼ ਇੱਕ ਅਹੁਦਾ ਨਹੀਂ, ਸਗੋਂ ਹਲਕਾ ਜ਼ੀਰਾ ਖੇਤਰ ਦੇ ਲੋਕਾਂ ਦੀਆਂ ਆਸਾਂ-ਉਮੀਦਾਂ ਨੂੰ ਸਾਕਾਰ ਕਰਨ ਅਤੇ ਇੱਕ ਨਵੀਂ ਦੂਰ-ਅੰਦੇਸ਼ੀ ਸੋਚ ਨਾਲ ਖੇਤਰ ਦੀ ਸੇਵਾ ਕਰਨ ਦਾ ਵੱਡਾ ਮੌਕਾ ਹੈ।

ਉਨ੍ਹਾਂ ਅੱਗੇ ਐਲਾਨ ਕੀਤਾ ਕਿ ਹਲਕਾ ਜ਼ੀਰਾ ਦੇ ਹਰ ਪਿੰਡ, ਸ਼ਹਿਰ ਅਤੇ ਕਸਬੇ ਵਿੱਚ ਨਸ਼ਿਆਂ ਦੇ ਕੋੜ੍ਹ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਿਸ਼ੇਸ਼ ਨਸ਼ਾ ਵਿਰੋਧੀ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ। ਕਰਨੈਲ ਸਿੰਘ ਪੀਰ ਮੁਹੰਮਦ ਨੇ ਫ਼ਿਰੋਜ਼ਪੁਰ ਜ਼ਿਲ੍ਹੇ ਦੀ ਸਮੁੱਚੀ ਜਥੇਬੰਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਭ ਨੂੰ ਨਾਲ ਲੈ ਕੇ ਪੂਰੀ ਇਮਾਨਦਾਰੀ, ਮਿਹਨਤ ਤੇ ਸਮਰਪਣ ਨਾਲ ਹਲਕੇ ਦੇ ਲੋਕਾਂ ਦੇ ਹੱਕਾਂ ਵਾਸਤੇ ਨਿਰੰਤਰ ਡਟੇ ਰਹਿਣਗੇ। ਉਨ੍ਹਾਂ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਉਹ ਇਸ ਸੇਵਾ ਨੂੰ ਨਿਭਾਉਣ ਦਾ ਬੱਲ ਬਖ਼ਸ਼ਣ ਅਤੇ ਦੁਹਰਾਇਆ ਕਿ ਉਹ ਪੰਥ, ਪੰਜਾਬ ਅਤੇ ਹਲਕਾ ਜ਼ੀਰਾ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਹਾਜ਼ਰ ਹਨ।

## ਪੰਜਾਬ ਯੂਨੀਵਰਸਿਟੀ ਚੋਣਾਂ ਨੇ ਦਿੱਤਾ ਵੱਡਾ ਸਿਆਸੀ ਸੰਕੇਤ, ਸੈਥ ਦੀ ਹਾਰ ਨੂੰ ਸਰਨਾ ਨੇ 'ਜਨ-ਜ਼ੈੱਡ ਦਾ ਫਤਵਾ' ਦੱਸਿਆ



ਨਵੀਂ ਦਿੱਲੀ, 31 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਅਕਾਲੀ ਦਲ ਦੇ ਆਗੂ ਪਰਮਜੀਤ ਸਿੰਘ ਸਰਨਾ ਨੇ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਕੌਂਸਲ ਚੋਣਾਂ ਵਿੱਚ ਸਟੂਡੈਂਟ ਆਰਗੇਨਾਈਜ਼ੇਸ਼ਨ ਆਫ ਇੰਡੀਆ ਦੇ ਸਮਰਥਨ ਵਾਲੇ ਉਮੀਦਵਾਰ ਦੀ ਸੰਭਾਵਿਤ ਜਿੱਤ 'ਤੇ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਦੇ ਵਿਦਿਆਰਥੀਆਂ ਦਾ ਉੱਭਰ ਰਿਹਾ ਫੈਸਲਾ ਸਿਰਫ਼ ਕੈਂਪਸ ਦੀ ਸਿਆਸਤ ਤੱਕ ਸੀਮਤ ਨਹੀਂ ਹੈ, ਸਗੋਂ ਇਸ ਦੇ ਪੰਜਾਬ ਦੀ ਭਵਿੱਖੀ ਸਿਆਸਤ ਲਈ ਵੀ ਵੱਡੇ ਸੰਕੇਤ ਹਨ। ਸਰਨਾ ਨੇ ਖਾਸ ਤੌਰ 'ਤੇ ਸੱਥ ਦੀ ਹਾਰ ਨੂੰ ਜਨ-ਜ਼ੈਡ ਵੱਲੋਂ "ਅੰਮ੍ਰਿਤਪਾਲ ਕਿਸਮ ਦੀ ਸਿਆਸਤ" ਅਤੇ ਕੱਟੜਪੰਥੀ ਵਿਚਾਰਧਾਰਾ ਵਿਰੁੱਧ ਸਪੱਸ਼ਟ ਫਤਵਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨ ਵਿਦਿਆਰਥੀਆਂ ਨੇ ਆਪਣੇ ਵੋਟ ਰਾਹੀਂ ਇਹ ਸੰਕੇਤ ਦਿੱਤਾ ਹੈ ਕਿ ਉਹ ਧਰੁਵੀਕਰਨ ਅਤੇ ਕੱਟੜਤਾ ਦੀ ਬਜਾਏ ਲੋਕਤੰਤਰੀ, ਤਰੱਕੀਪਸੰਦ ਅਤੇ ਮੁੱਖ ਧਾਰਾ ਦੀ ਸਿਆਸਤ ਨੂੰ ਤਰਜੀਹ ਦੇਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਦਿੱਤੇ ਇਸ ਸੰਦੇਸ਼ ਨੂੰ ਪੰਜਾਬ ਦੇ ਸਿਆਸੀ ਭਵਿੱਖ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰ ਰਹੀਆਂ ਸਾਰੀਆਂ ਧਿਰਾਂ ਨੂੰ ਗੰਭੀਰਤਾ ਨਾਲ ਸਮਝਣ ਦੀ ਲੋੜ ਹੈ। ਸਰਨਾ ਅਨੁਸਾਰ ਨੌਜਵਾਨ ਪੀੜ੍ਹੀ ਦੇ ਵੋਟਿੰਗ ਰੁਝਾਨ ਨੂੰ ਸਿਰਫ਼ ਵਿਦਿਆਰਥੀ ਚੋਣ ਦਾ ਨਤੀਜਾ ਸਮਝਣ ਦੀ ਬਜਾਏ ਪੰਜਾਬ ਦੀ ਬਦਲ ਰਹੀ ਸਿਆਸੀ ਸੋਚ ਦੇ ਸੰਕੇਤ ਵਜੋਂ ਵੀ ਦੇਖਿਆ ਜਾਣਾ ਚਾਹੀਦਾ ਹੈ।

### ਸ. ਸੁਖਬੀਰ ਸਿੰਘ ਬਾਦਲ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ

# 8 ਜਿਲਿਆਂ ਦੇ ਜਨਰਲ ਕੌਂਸਲ ਮੈਂਬਰਾਂ ਦਾ ਐਲਾਨ



**ਚੰਡੀਗੜ੍ਹ, 31 ਅਗਸਤ (ਆਵਾਜ਼ਿ ਕੌਮ ਬਿਊਰੋ)**—ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਵਿੱਚ ਵਾਧਾ ਕਰਦਿਆਂ ਅੱਜ 8 ਜ਼ਿਲਿਆਂ ਦੇ ਪਾਰਟੀ ਦੀ ਜਨਰਲ ਕੌਂਸਲ ਦੇ ਮੈਂਬਰਾਂ ਦਾ ਐਲਾਨ ਕਰ ਦਿੱਤਾ ਅੱਜ ਜਾਰੀ ਪਹਿਲੀ ਲਿਸਟ ਵਿੱਚ ਜਮੀਨ ਨਾਲ ਜੁੜੇ, ਪਾਰਟੀ ਦੇ ਮਿਹਨਤੀ ਅਤੇ ਅਗਾਂਹਵਧੂ ਆਗੂਆਂ ਨੂੰ ਸਨਮਾਨ ਦਿੱਤਾ ਗਿਆ ਹੈ।

ਪਾਰਟੀ ਦੇ ਮੁੱਖ ਦਫਤਰ ਤੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਕੱਤਰ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਅੱਜ 8 ਜ਼ਿਲਿਆਂ ਦੇ ਜਨਰਲ ਕੌਂਸਲ ਦੇ ਮੈ.ਬਰਾਂ ਦਾ ਐਲਾਨ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਬਾਕੀ ਮੈਂਬਰਾਂ ਦਾ ਐਲਾਨ ਜਲਦੀ ਕਰ ਦਿੱਤਾ ਜਾਵੇਗਾ। ਡਾ. ਚੀਮਾ ਨੇ ਦੱਸਿਆ ਕਿ ਜਿਹੜੇ 8 ਜ਼ਿਲਿਆਂ ਦੇ ਜਨਰਲ ਕੌਂਸਲ ਦੇ ਮੈਂਬਰ ਨਿਯੁਕਤ ਕੀਤੇ ਗਏ ਹਨ ਉਹਨਾਂ ਦਾ ਵਿਸਥਾਰ ਹੇਠ ਲਿਖੇ ਅਨੁਸਾਰ ਹੈ :

ਜਿਲਾ ਬਠਿੰਡਾ

ਹਲਕਾ ਬਠਿੰਡਾ ਸ਼ਹਿਰੀ ਸ. ਮੋਹਨਜੀਤ ਸਿੰਘ ਪੁਰੀ, ਸ਼੍ਰੀ ਹੰਸ ਰਾਜ ਮਿੱਤੂ ਜਿੰਦਲ, ਸ. ਮੱਖਣ ਸਿੰਘ ਐਮ.ਸੀ, ਸ. ਦਰਸ਼ਨ ਸਿੰਘ ਰੋਮਾਣਾ, ਹਲਕਾ ਰਾਮਪੁਰਾ ਫੂਲ ਸ. ਜਸਵੀਰ ਸਿੰਘ ਹਰਨਾਮਪੁਰਾ, ਜਥੇਦਾਰ ਚੱਤਰ ਸਿੰਘ ਗੁੱਡ ਦਿਆਲਪੁਰਾ ਭਾਈਕਾ, ਸ. ਕੌਰ ਸਿੰਘ ਜਵੰਧਾ, ਸ਼੍ਰੀ ਜਗਮੋਹਣ ਲਾਲ ਭਗਤਾ ਭਾਈਕਾ, ਸ਼੍ਰੀ ਨਰੇਸ਼ ਕੁਕਾਰ ਸੀ.ਏ, ਹਲਕਾ ਮੌੜ ਸ. ਧੰਨਾ ਸਿੰਘ ਰੰਧਾਵਾ ਕੋਟੜਾ ਕੌੜਾ, ਸ. ਬਲਜੀਤ ਸਿੰਘ ਸੰਦੋਹਾ, ਸ. ਰਣਜੀਤ ਸਿੰਘ ਜੋਧਪੁਰ ਪਾਖਰ, ਸ. ਹਰਵਿੰਦਰ ਸਿੰਘ ਕਾਕਾ ਬੁਰਜ, ਹਲਕਾ ਭੁੱਚੋ ਮੰਡੀ(ਐਸ.ਸੀ) ਸ. ਨਛੱਤਰ ਸਿੰਘ ਲਹਿਰਾ ਮੁਹੱਬਤ, ਸ. ਨਰਦੇਵ ਸਿੰਘ ਪੂਹਲੀ, ਸ. ਸਿਕੰਦਰ ਸਿੰਘ ਬਰਾੜ ਬਲਾਹੜ, ਸ. ਜਗਤਾਰ ਸਿੰਘ ਕੋਠੇ ਫੂਲਾ ਸਿੰਘ, ਹਲਕਾ ਤਲਵੰਡੀ ਸਾਬੋ ਸ. ਰਣਜੀਤ ਸਿੰਘ ਤਲਵੰਡੀ ਸਾਬੋ, ਸ. ਮੱਖਣ ਸਿੰਘ ਸੀਗੋਂ, ਸ. ਸੁਖਮੰਦਰ ਸਿੰਘ ਭਾਗੀਵਾਂਦਰ, ਸ. ਅਵਤਾਰ ਸਿੰਘ ਨਵਾਂਪਿੰਡ, ਹਲਕਾ ਬਠਿੰਡਾ ਦਿਹਾਤੀ ਐਸ.ਸੀ ਸ. ਹਰਤੇਜ ਸਿੰਘ ਕੋਟਫੱਤਾ, ਸ. ਬੰਤ ਸਿੰਘ ਪਥਰਾਲਾ, ਸ. ਅਮਰਜੀਤ ਸਿੰਘ ਜੈ ਸਿੰਘ ਵਾਲਾ ਅਤੇ ਸ. ਗੁਰਵਿੰਦਰ ਸਿੰਘ ਜੱਸੀ ਪੌ ਵਾਲੀ।

### ਪਾਰਟੀ ਨਾਲ ਖੜਨ ਵਾਲੇ ਅਤੇ ਜਮੀਨ ਤੇ ਮਿਹਨਤ ਕਰਨ ਵਾਲੇ ਆਗੂਆਂ ਦਾ ਸਨਮਾਨ

ਜਿਲਾ ਬਰਨਾਲਾ

ਹਲਕਾ ਬਰਨਾਲਾ ਸ. ਅਜੈਬ ਸਿੰਘ ਜਵੰਧਾ ਬਰਨਾਲਾ, ਸ. ਦਰਸ਼ਨ ਸਿੰਘ ਕਲੇਰ ਸੰਘੇੜਾ, ਸ. ਗੁਰਮੁੱਖ ਸਿੰਘ ਬਡਬਰ, ਹਲਕਾ ਭਦੌੜ(ਐਸ.ਸੀ) ਸ. ਭੂਰਾ ਸਿੰਘ ਕੋਟਦੁਨਾ, ਸ. ਗੁਰਪ੍ਰੀਤ ਸਿੰਘ ਮੋੜਨਾਭਾ, ਸ. ਗੁਰਜੰਟ ਸਿੰਘ ਦਰਾਜ਼, ਸ. ਜਸਵੀਰ ਸਿੰਘ ਪੰਮੀ ਭਦੌੜ, ਹਲਕਾ ਮਹਿਲ ਕਲਾਂ (ਐਸ.ਸੀ) ਸ. ਸੁਖਵਿੰਦਰ ਸਿੰਘ ਮਹਿਲ ਕਲਾਂ, ਸ਼੍ਰੀ ਭੂਸ਼ਣ ਕੁਮਾਰ ਭਗਵਾਨਪੁਰਾ, ਸ. ਬਿਕਰਮਜੀਤ ਸਿੰਘ ਟੱਲੇਵਾਲ, ਸ. ਬਲਦੇਵ ਸਿੰਘ ਗਾਗੇਵਾਲ।

ਜਿਲਾ ਫਤਿਹਗੜ੍ਹ ਸਾਹਿਬ

ਹਲਕਾ ਸ਼੍ਰੀ ਫਤਿਹਗੜ੍ਹ ਸਾਹਿਬ ਸ. ਕੁਲਦੀਪ ਸਿੰਘ ਪੋਲਾ, ਸ. ਬਲਵਿੰਦਰ ਸਿੰਘ ਬਰਕਤਪੁਰ, ਸ. ਜਤਿੰਦਰ ਸਿੰਘ ਬੱਬੂ ਭੈਣੀ ਕਲਾਂ, ਸ. ਗੁਰਮੀਤ ਸਿੰਘ ਬਾਗੜੀਆਂ, ਹਲਕਾ ਬੱਸੀ ਪਠਾਣਾ (ਐਸ.ਸੀ) ਸ. ਰਤਨ ਸਿੰਘ ਰਾਮਗੜ੍ਹ, ਸ. ਪ੍ਰਲਾਦ ਸਿੰਘ ਅਜਨੌਰ, ਸ. ਪਰਮਿੰਦਰ ਸਿੰਘ ਚੁੰਨ੍ਹੀ ਖੁਰਦ, ਸ਼੍ਰੀ ਰਮਨ ਗੁਪਤਾ, ਹਲਕਾ ਅਮਲੋਹ ਸ. ਜਤਿੰਦਰ ਸਿੰਘ ਧਾਲੀਵਾਲ, ਸ. ਬਲਬੀਰ ਸਿੰਘ ਸਿੱਧੂ, ਸ. ਹਰਮੀਤ ਸਿੰਘ ਖਾਲਸਾ, ਸ. ਰਣਜੀਤ ਸਿੰਘ ਘੋਲਾ ਰੁੜਕੀ, ਸ਼੍ਰੀ ਕੇ.ਕੇ ਜਿੰਦਲ ਮੰਡੀ ਗੋਬਿੰਦਗੜ੍ਹ।

ਜਿਲਾ ਫਰੀਦਕੋਟ

ਹਲਕਾ ਕੋਟਕਪੁਰਾ ਸ. ਜਗਦੇਵ ਸਿੰਘ ਬਰਾੜ ਖਾਰਾ, ਸ. ਮੇਹਰ ਸਿੰਘ ਰੱਤੋਰੋੜੀ, ਸ. ਬਲਬੀਰ ਸਿੰਘ ਰੰਧਾਵਾ, ਸ. ਨਰਿੰਦਰ ਸਿੰਘ ਨੰਦਾ, ਹਲਕਾ ਜੈਤੋਂ(ਐਸ.ਸੀ) ਬੀਬੀ ਅਮਰਜੀਤ ਕੌਰ ਪੰਗਰਾਈਕਲਾਂ, ਸ. ਪ੍ਰਗਟ ਸਿੰਘ ਡੋਡ, ਸ. ਗੁਰਮੀਤ ਸਿੰਘ ਬਰਾੜ ਜੈਤੋਂ, ਸ. ਗੁਰਵਿੰਦਰ ਸਿੰਘ ਰੋੜੀ ਕਪੂਰਾ, ਹਲਕਾ ਫਰੀਦਕੋਟ ਸ. ਗੁਰਜੰਟ ਸਿੰਘ ਘੱਦੂਵਾਲਾ, ਸ. ਕਰਮ ਸਿੰਘ ਸੰਧੂ ਅਰਾਈਆਵਾਲਾ, ਸ. ਇਕਬਾਲ ਸਿੰਘ ਸਮਾਗ ਫਰੀਦਕੋਟ, ਸ. ਮੇਜਰ ਸਿੰਘ ਸਰਪੰਚ ਕੌਣੀ।

ਜਿਲਾ ਸ਼੍ਰੀ ਮੁਕਤਸਰ ਸਾਹਿਬ

ਹਲਕਾ ਸ਼੍ਰੀ ਮੁਕਤਸਰ ਸਾਹਿਬ ਸ. ਜਗਤਾਰ ਸਿੰਘ ਥਾਂਦੇਵਾਲਾ, ਸ. ਸ਼ਿਮੰਦਰ ਸਿੰਘ ਅਕਾਲਗੜ੍ਹ, ਸ. ਗੁਰਦੀਪ ਸਿੰਘ ਮੜਮੱਲੂ, ਸ. ਜਗਵੰਤ ਸਿੰਘ ਲੰਬੀ ਢਾਬ, ਸ. ਹਰਪਾਲ ਸਿੰਘ ਬੇਦੀ, ਹਲਕਾ ਲੰਬੀ ਸ. ਗੁਰਬਖਸ਼ੀਸ਼ ਸਿੰਘ ਮਿੱਡੂਖੇੜਾ, ਸ. ਮਨਦੀਪ ਸਿੰਘ ਤਰਮਾਲਾ, ਸ. ਕੁਲਵਿੰਦਰ ਸਿੰਘ ਭਾਈਕੇਰਾ, ਸ. ਰਣਜੀਤ ਸਿੰਘ ਫਤੂਹੀਵਾਲਾ, ਸ. ਜਸਮੇਲ ਸਿੰਘ ਮਿਠੜੀ, ਸ. ਰੂਪਇੰਦਰ ਸਿੰਘ ਬਰਾੜ ਅਬੂਲ ਖੁਰਾਣਾ ਹਲਕਾ ਗਿੱਦੜਬਾਹਾ ਸ਼੍ਰੀ ਦਿਨੇਸ਼ ਕੁਮਾਰ ਗਿੱਦੜਬਾਹਾ, ਸ. ਗੁਰਮੀਤ ਸਿੰਘ ਮਾਨ ਗਿੱਦੜਬਾਹਾ, ਸ. ਬਲਜਿੰਦਰ ਸਿੰਘ ਹਰੀਕੇ ਕਲਾਂ, ਸ. ਫਰਜਿੰਦਰ ਸਿੰਘ ਦੋਦਾ।

ਜਿਲਾ ਪਟਿਆਲਾ

ਹਲਕਾ ਪਟਿਆਲਾ ਸ਼ਹਿਰੀ ਸ਼੍ਰੀ ਸੁਮੀਲ ਕੁਰੈਸ਼ੀ ਪਟਿਆਲਾ, ਸ. ਸਤਨਾਮ ਸਿੰਘ ਨੀਟੂ ਸ. ਹਰਵਿੰਦਰ ਸਿੰਘ ਕਾਕਾ, ਸ. ਤਰਨਜੀਤ ਸਿੰਘ ਭਾਟੀਆ, ਪਟਿਆਲਾ ਦਿਹਾਤੀ ਸ. ਮਾਨ ਸਿੰਘ ਸ਼ਮਲਾ, ਸ. ਗੁਰਤੇਜ ਸਿੰਘ ਕੌਲ, ਸ. ਸੰਦੀਪ ਸਿੰਘ ਸੰਧੂ, ਸ. ਜਸਵੀਰ ਸਿੰਘ ਫੱਗਣਮਾਜਰਾ, ਸ. ਨਰਿੰਦਰ ਸਿੰਘ ਝਿੱਲ, ਹਲਕਾ ਰਾਜਪੁਰਾ ਸ. ਹਰਭਜਨ ਸਿੰਘ ਚੱਕ, ਸ. ਅਰਵਿੰਦਰਪਾਲ ਸਿੰਘ ਰਾਜੂ, ਸ. ਅੰਮ੍ਰਿਤਪਾਲ ਸਿੰਘ ਖਾਲਸਾ, ਹਲਕਾ ਨਾਭਾ ਸ. ਅਬਜਿੰਦਰ ਸਿੰਘ ਜੋਗੀ ਨਾਨੋਕੀ, ਸ. ਵਰਿੰਦਰਪਾਲ ਸਿੰਘ ਬੱਬਲੂ ਚੌਹਾਨ ਜੱਟਾਂਵਾਲਾ ਬਾਂਸ, ਸ. ਹਰਚਰਨ ਸਿੰਘ ਅਗੇਤੀ, ਸ. ਜਸਦੇਵ ਸਿੰਘ ਜੱਸਾ ਖੋਖ, ਹਲਕਾ ਘਨੌਰ ਸ਼੍ਰੀ ਹੇਮ ਰਾਜ ਘਨੌਰ, ਸ. ਹਰਭਜਨ ਸਿੰਘ ਖੋਕਰ, ਸ. ਸੁੱਚਾ ਸਿੰਘ ਅਲੀਮਾਜਰਾ, ਸ. ਅਵਤਾਰ ਸਿੰਘ ਸੰਭੂ, ਸ. ਧਰਮ ਸਿੰਘ ਸੈਣੀ ਸ. ਸੁੱਚਾ ਸਿੰਘ ਮਹਿਰਾ, ਹਲਕਾ ਸਮਾਣਾ ਸ਼੍ਰੀ ਸਤੀਸ਼ ਕੁਮਾਰ ਪੱਪੀ ਦਿਆਲਗੜੀਆਂ, ਸ. ਜੋਗਿੰਦਰ ਸਿੰਘ ਬੱਤਰਾ ਤਲਵੰਡੀ, ਸ. ਦਲਬੀਰ ਸਿੰਘ ਕਾਲੇਕੇ ਬਿਸ਼ਨਪੁਰ ਛੰਨਾ, ਸ. ਪਰਮਿੰਦਰ ਸਿੰਘ ਗੋਲਡੀ ਬਗਰੇਟਾ, ਹਲਕਾ ਸ਼ੁਤਾਰਣਾ ਸ. ਦਲਜੀਤ ਸਿੰਘ ਸਾਗਰਾ, ਸ. ਰਣਜੀਤ ਸਿੰਘ ਸਾਹੀ, ਸ. ਬਿਕਰਮਜੀਤ ਸਿੰਘ ਚੌਹਾਨ।

ਜਿਲਾ ਰੂਪਨਗਰ

ਹਲਕਾ ਰੂਪਨਗਰ ਸ. ਸੁਖਿੰਦਰਪਾਲ ਸਿੰਘ ਬੋਬੀ ਬੋਲਾ ਮਲਕਪੁਰ, ਸ. ਹਰਜਿੰਦਰ ਸਿੰਘ ਭਉਵਾਲ, ਸ. ਗੁਰਚਰਨ ਸਿੰਘ ਚੰਨੀ ਮੀਆਂਪੁਰ, ਸ. ਮੋਹਣ ਸਿੰਘ ਮੋਹਮੰਦੀਪੁਰ, ਬਾਬਾ ਦਿਲਬਾਗ ਸਿੰਘ ਮਣਕੂਮਾਜਰਾ, ਸ਼੍ਰੀ ਮਹਿੰਦਰਪਾਲ ਭੁੰਬਲਾ ਕਰਤਾਰਪੁਰ, ਹਲਕਾ ਸ਼੍ਰੀ ਅਨੰਦਪੁਰ ਸਾਹਿਬ ਸ. ਜਰਨੈਲ ਸਿੰਘ ਸੂਰੇਵਾਲ, ਸ. ਗੁਰਬਚਨ ਸਿੰਘ ਭੱਟੋਂ, ਸ. ਕਰਨੈਲ ਸਿੰਘ ਬਜਰੂੜ, ਸ. ਖੁਸ਼ਹਾਲ ਸਿੰਘ ਬਰੂਵਾਲ, ਹਲਕਾ ਸ਼੍ਰੀ ਚਮਕੌਰ ਸਾਹਿਬ (ਐਸ.ਸੀ) ਸ. ਮਲਕੀਤ ਸਿੰਘ ਚੱਕਲ, ਸ. ਜਸਪਾਲ ਸਿੰਘ ਐਮ.ਡੀ, ਸ. ਜਗੀਰ ਸਿੰਘ ਖੋਖਰਾਂ, ਸ. ਬਲਦੇਵ ਸਿੰਘ ਖੈਰਪੁਰ।

ਜਿਲਾ ਸੰਗਰੂਰ

ਹਲਕਾ ਸੰਗਰੂਰ ਸ. ਹਰਵਿੰਦਰ ਸਿੰਘ ਤੂਰ ਭਵਾਨੀਗੜ੍ਹ, ਸ. ਚਿਤਵੰਤ ਸਿੰਘ ਹਨੀ ਮਾਨ ਹਰਕ੍ਰਿਸ਼ਨਪੁਰਾ, ਸ. ਗੁਰਨੈਬ ਸਿੰਘ ਰੋਹੀ ਘਰਾਚੋਂ, ਸ. ਗਮਦੂਰ ਸਿੰਘ ਫੱਗੂਵਾਲਾ, ਹਲਕਾ ਸੁਨਾਮ ਸ. ਪਰਮਜੀਤ ਸਿੰਘ ਚੀਮਾ ਮੰਡੀ, ਸ. ਇਕਬਾਲ ਸਿੰਘ ਖੁਰਾਣਾ, ਸ. ਰਾਮ ਸਿੰਘ ਦਿਆਲਗੜ੍ਹ, ਸ. ਗੁਰਪ੍ਰੀਤ ਸਿੰਘ ਭਰੂਰ, ਸ. ਹਰਭਜਨ ਸਿੰਘ ਜਖੇਪਲ, ਹਲਕਾ ਦਿੜਬਾ (ਐਸ.ਸੀ) ਸ. ਉਪਿੰਦਰ ਸਿੰਘ ਹਨੀ ਛਾਜਲੀ, ਸ. ਕਿਰਪਾਲ ਸਿੰਘ ਲਾਡਵੰਜਾਰਾ, ਸ. ਬਿੱਕਰ ਸਿੰਘ ਪਾਟਿਆਵਾਲੀ ਸ. ਕੇਵਲ ਸਿੰਘ ਡਸਕਾ, ਹਲਕਾ ਲਹਿਰਾਗਾਗਾ ਸ. ਟਹਿਲ ਸਿੰਘ ਮੰਡਵੀ, ਸ. ਗੁਰਜੰਟ ਸਿੰਘ ਬਾਗੜੀ, ਸ. ਨੈਬ ਸਿੰਘ ਪੂਨੀਆ, ਸ. ਕੁਲਦੀਪ ਸਿੰਘ ਗੋਲਡੀ ਚੀਮਾ, ਹਲਕਾ ਧੂਰੀ ਸ. ਦਰਸ਼ਨ ਸਿੰਘ ਕਾਂਝਲਾ, ਸ. ਹਰਿੰਦਰ ਸਿੰਘ ਰਾਜੋਮਾਜਰਾ, ਸ. ਕਰਮਜੀਤ ਸਿੰਘ ਪਲਾਸੌਰ, ਸ. ਬਲਦੇਵ ਸਿੰਘ ਬੇਨੜਾ।

### ਬਠਿੰਡਾ ਤੋਂ ਲਾਪਤਾ ਵਿਅਕਤੀ ਦੀ ਜੀਵਨ ਸਿੰਘ ਵਾਲਾ ਡਰੇਨ ਚੋਂ ਮਿਲੀ ਲਾਸ਼, ਕਤਲ ਦਾ ਅੰਦੇਸ਼ਾ

# ਮ੍ਰਿਤਕ ਦੇ ਵਾਰਿਸਾਂ ਨੇ ਪੁਲਿਸ ਤੇ ਅਣਗਹਿਲੀ ਵਰਤਣ ਦੇ ਲਾਏ ਕਥਿਤ ਦੋਸ਼,ਉੱਚ ਪੱਧਰੀ ਜਾਂਚ ਮੰਗੀ







**ਤਲਵੰਡੀ ਸਾਬੋ, 31 ਅਗਸਤ (ਗੁਰਜੰਟ ਸਿੰਘ ਨਥੇਹਾ)**-ਬਠਿੰਡਾ ਸ਼ਹਿਰ ਦੇ ਇੱਕ ਮਹੱਲੇ ਚੋਂ ਕਰੀਬ 11 ਦਿਨ ਪਹਿਲਾਂ ਸ਼ੱਕੀ ਹਾਲਾਤਾਂ 'ਚ ਲਾਪਤਾ ਇੱਕ ਵਿਅਕਤੀ ਦੀ ਅੱਜ ਉਪ ਮੰਡਲ ਤਲਵੰਡੀ ਸਾਬੋ ਦੇ ਪਿੰਡ ਜੀਵਨ ਸਿੰਘ ਵਾਲਾ ਕੋਲ ਦੀ ਲੰਘਦੇ ਲਸਾੜਾ ਡਰੇਨ ਚੋਂ ਲਾਸ਼ ਮਿਲੀ ਹੈ। ਲਾਸ਼ ਦੀ ਹਾਲਤ ਤੋਂ ਜਿੱਥੇ ਉਕਤ ਵਿਅਕਤੀ ਦਾ ਕਤਲ ਕੀਤੇ ਜਾਣ ਦਾ ਅੰਦੇਸ਼ਾ ਪ੍ਰਗਟਾਇਆ ਜਾ ਰਿਹੈ ਉੱਥੇ ਵਾਰਿਸਾਂ ਮੁਤਾਬਿਕ ਇਹ ਅਗਵਾ ਕਰਕੇ ਕਤਲ ਕਰਨ ਦਾ ਮਾਮਲਾ ਹੈ। ਪੁਲਿਸ ਤੇ ਅਣਗਹਿਲੀ ਵਰਤਣ ਦੇ ਕਥਿਤ ਦੋਸ਼ ਲਾਉਂਦਿਆਂ ਉਨਾਂ ਮਾਮਲੇ ਦੀ ਉੱਚ ਪੱਧਰੀ ਜਾਂਚ ਮੰਗੀ ਹੈ। ਮਿਲੀ ਜਾਣਕਾਰੀ ਅਨੁਸਾਰ ਅੱਜ ਤਲਵੰਡੀ ਸਾਬੋ ਪੁਲਿਸ ਨੂੰ ਜੀਵਨ ਸਿੰਘ ਵਾਲਾ ਡਰੇਨ 'ਚ ਇੱਕ ਲਾਸ਼ ਪਏ ਹੋਣ ਦਾ ਪਤਾ ਲੱਗਾ। ਸਹਾਰਾ ਕਲੱਬ ਤਲਵੰਡੀ ਸਾਬੋ ਦੇ ਹੈਪੀ ਸਿੰਘ ਅਤੇ ਬਠਿੰਡਾ ਦੇ ਸਮਾਜ ਸੇਵੀ ਸੋਨੂੰ ਮਹੇਸ਼ਵਰੀ ਦੇ ਸਹਿਯੋਗ ਨਾਲ ਪੁਲਿਸ ਵੱਲੋਂ ਲਾਸ਼ ਨੂੰ ਬਾਹਰ ਕਢਵਾਇਆ ਗਿਆ ਜੋ ਬਹੁਤ ਬੁਰੀ ਹਾਲਤ 'ਚ ਸੀ। ਸਮਾਜ ਸੇਵੀ ਸੋਨੂੰ ਮਹੇਸ਼ਵਰੀ ਮੁਤਾਬਿਕ ਮ੍ਰਿਤਕ ਦੇ ਪੈਰ ਰੱਸੀਆਂ ਨਾਲ ਬੰਨੇ ਹੋਏ ਸਨ। ਪਹਿਲੀ ਨਜ਼ਰੇ ਹੀ ਲਾਸ਼ ਦੇਖਣ ਤੋਂ ਮਾਮਲਾ ਕਤਲ ਦਾ ਲੱਗ ਰਿਹਾ ਸੀ। ਮਾਮਲੇ ਸਬੰਧੀ ਐੱਸ.ਪੀ (ਐੱਚ) ਬਠਿੰਡਾ ਮਨੋਜ ਗੋਰਸੀ ਨੇ ਦੱਸਿਆ ਕਿ 20 ਅਗਸਤ ਨੂੰ ਥਾਣਾ ਸਦਰ ਬਠਿੰਡਾ ਅਧੀਨ ਆਉਂਦੇ ਬਾਬਾ ਫਰੀਦ ਨਗਰ ਤੋਂ ਵਿਸ਼ਵਨਾਥ ਨਾਂ ਦੇ ਵਿਅਕਤੀ ਦੇ ਗੁੰਮ ਹੋਣ ਸਬੰਧੀ ਮਾਮਲਾ ਦਰਜ਼ ਕੀਤਾ ਗਿਆ ਸੀ ਤੇ ਅੱਜ ਉਸਦੀ ਲਾਸ਼ ਜੀਵਨ ਸਿੰਘ ਵਾਲਾ ਡਰੇਨ ਚੋਂ ਮਿਲੀ ਹੈ। ਉਨਾਂ ਕਿਹਾ ਕਿ ਮ੍ਰਿਤਕ ਦੇ ਵਾਰਿਸਾਂ ਦੇ ਬਿਆਨਾਂ ਮੁਤਾਬਿਕ ਪਹਿਲਾਂ ਹੀ ਦਰਜ਼ ਮਾਮਲੇ ਚ ਵਾਧਾ ਜ਼ੁਰਮ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇਗੀ। ਉੱਧਰ ਮ੍ਰਿਤਕ ਵਿਸ਼ਵਨਾਥ ਦੇ ਪੁੱਤਰ ਸਕਸ਼ਮ ਨੇ ਗੱਲਬਾਤ ਦੌਰਾਨ ਹੈਰਾਨੀਜਨਕ ਖੁਲਾਸਾ ਕੀਤਾ ਕਿ ਉਸਦੇ ਪਿਤਾ ਨੂੰ 20 ਅਗਸਤ ਨੂੰ ਘਰੋਂ ਅਗਵਾ ਕੀਤਾ ਗਿਐ ਜਿਸਦੇ ਉਨਾਂ ਕੋਲ ਸਾਰੇ ਸਬੂਤ ਹਨ। ਪੁਲਿਸ ਨੂੰ ਅਗਵਾਕਾਰਾਂ ਦੇ ਨਾਮ ਤੱਕ ਦਿੱਤੇ ਗਏ ਪਰ ਬਾਵਜ਼ੂਦ ਇਸਦੇ ਪੁਲਿਸ ਨੇ ਅਣਗਹਿਲੀ ਵਰਤਦਿਆਂ ਉਨਾਂ ਨੂੰ ਲੱਭਣ ਲਈ ਕੋਈ ਠੋਸ ਕਾਰਵਾਈ ਨਹੀ ਕੀਤੀ ਕਿਉਂਕਿ ਮਾਮਲੇ ਚ ਇੱਕ ਵੱਡੀ ਟਰਾਂਸਪੋਰਟ ਕੰਪਨੀ ਦੀ ਸ਼ਮੂਲੀਅਤ ਹੈ ਜਿਸ ਕੰਪਨੀ 'ਚ ਉਸਦੇ ਪਿਤਾ ਮੈਨੇਜ਼ਰ ਰਹੇ ਹਨ। ਪੀੜਿਤ ਨੇ ਕਥਿਤ ਦੋਸ਼ ਲਾਉਂਦਿਆਂ ਕਿਹਾ ਕਿ ਅਗਰ ਪੁਲਿਸ ਨੇ ਉਸਦੇ ਪਿਤਾ ਨੂੰ ਲੱਭਣ ਚ ਗੰਭੀਰਤਾ ਦਿਖਾਈ ਹੁੰਦੀ ਤਾਂ ਸ਼ਾਇਦ ਉਹ ਬਚ ਜਾਂਦੇ। ਪਰਿਵਾਰਿਕ ਮੈਂਬਰਾਂ ਨੇ ਪੰਜਾਬ ਸਰਕਾਰ ਅਤੇ ਉੱਚ ਪੁਲਿਸ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਥਾਣਾ ਸਦਰ ਦੇ ਮੁਖੀ ਨੂੰ ਮੁਅੱਤਲ ਕਰਕੇ ਮਾਮਲੇ ਦੀ ਉੱਚ ਪੱਧਰੀ ਨਿਰਪੱਖ ਜਾਂਚ ਕਰਦਿਆਂ ਉਨਾਂ ਨੂੰ ਇਨਸਾਫ ਦਵਾਇਆ ਜਾਵੇ।

# ਡਾ. ਰਵੀ ਕਾਂਤ ਗੁਪਤਾ: ਮੈਡੀਕਲ ਸੇਵਾ, ਸਮਰਪਣ ਅਤੇ ਬਦਲਾਅ ਦੀ ਮਿਸਾਲ



ਡਾਕਟਰੀ ਪੇਸ਼ਾ ਸਿਰਫ਼ ਇੱਕ ਕਿੱਤਾ ਨਹੀਂ, ਬਲਕਿ ਮਨੁੱਖਤਾ ਦੀ ਸੇਵਾ ਕਰਨ ਦਾ ਇੱਕ ਮਹਾਨ ਜ਼ਰੀਆ ਹੈ। ਇਸੇ ਸੋਚ ਨੂੰ ਆਪਣੇ ਜੀਵਨ ਵਿੱਚ ਅਮਲੀ ਰੂਪ ਦੇਣ ਵਾਲੇ ਡਾਕਟਰਾਂ ਵਿੱਚ ਡਾ. ਰਵੀ ਕਾਂਤ ਗੁਪਤਾ ਦਾ ਨਾਮ ਵੀ ਸਤਿਕਾਰ ਨਾਲ ਲਿਆ ਜਾਂਦਾ ਹੈ। ਉਹ ਇਸ ਸਮੇਂ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ, ਤਲਵੰਡੀ ਸਾਬੋ ਵਿਖੇ ਸੀਨੀਅਰ ਮੈਡੀਕਲ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਡਾ. ਗੁਪਤਾ ਐਮਬੀਬੀਐੱਸ ਅਤੇ ਐਮ ਡੀ (ਬਾਲ ਰੋਗ) ਦੀਆਂ ਮੈਡੀਕਲ ਯੋਗਤਾਵਾਂ ਨਾਲ ਲੈਸ ਹਨ ਅਤੇ ਬਾਲ ਰੋਗਾਂ ਦੇ ਮਾਹਿਰ ਵਜੋਂ ਵੀ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ।

ਡਾ. ਰਵੀ ਕਾਂਤ ਗੁਪਤਾ ਦਾ ਜਨਮ ਸ੍ਰੀ ਅਸ਼ੋਕ ਕੁਮਾਰ ਗੁਪਤਾ ਅਤੇ ਸ੍ਰੀਮਤੀ ਰਾਜ ਰਾਣੀ ਦੇ ਘਰ ਹੋਇਆ। ਉਨ੍ਹਾਂ ਦੀ ਮੁੱਢਲੀ ਸਿੱਖਿਆ ਐਮ ਐਸ ਡੀ ਸੀਨੀਅਰ ਸੈਕੰਡਰੀ ਸਕੂਲ ਤੋਂ ਹੋਈ, ਜਿੱਥੇ ਉਹ ਸਾਲ 1991 ਦੇ ਦਸਵੀਂ ਜਮਾਤ ਦੇ ਬੈਚ ਦੇ ਵਿਦਿਆਰਥੀ ਰਹੇ। ਵਿਦਿਆਰਥੀ ਜੀਵਨ ਤੋਂ ਹੀ ਪੜ੍ਹਾਈ ਪ੍ਰਤੀ ਗੰਭੀਰਤਾ, ਅਨੁਸ਼ਾਸਨ, ਮਿਹਨਤ ਅਤੇ ਕੁਝ ਨਵਾਂ ਸਿੱਖਣ ਦੀ ਲਗਨ ਉਨ੍ਹਾਂ ਦੀ ਸ਼ਖ਼ਸੀਅਤ ਦਾ ਹਿੱਸਾ ਰਹੀ। ਇਹੀ ਗੁਣ ਅੱਗੇ ਚੱਲ ਕੇ ਉਨ੍ਹਾਂ ਦੇ ਡਾਕਟਰੀ ਜੀਵਨ ਦੀ ਮਜ਼ਬੂਤ ਨੀਂਹ ਬਣੇ।

ਡਾਕਟਰ ਬਣਨ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਉਨ੍ਹਾਂ ਨੇ ਮੈਡੀਕਲ ਸਿੱਖਿਆ ਹਾਸਲ ਕੀਤੀ ਅਤੇ ਐਮਬੀਬੀਐੱਸ ਤੋਂ ਬਾਅਦ ਐਮ ਡੀ (ਬਾਲ ਰੋਗ) ਦੀ ਉੱਚ ਡਿਗਰੀ ਪ੍ਰਾਪਤ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ 24 ਜੁਲਾਈ 2009 ਨੂੰ ਸਰਕਾਰੀ ਸੇਵਾ ਵਿੱਚ ਕਦਮ ਰੱਖਿਆ। ਸਿਹਤ ਵਿਭਾਗ ਵਿੱਚ ਸੇਵਾ ਨਿਭਾਉਂਦਿਆਂ ਉਨ੍ਹਾਂ ਨੇ ਵੱਖ-ਵੱਖ ਜ਼ਿੰਮੇਵਾਰੀਆਂ ਨੂੰ ਮਿਹਨਤ, ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਇਆ।

ਡਾ. ਰਵੀ ਕਾਂਤ ਗੁਪਤਾ ਦੀ ਮੌਜੂਦਾ ਸੇਵਾ ਨਾਲ ਜੁੜੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਜਦੋਂ ਤੋਂ ਉਨ੍ਹਾਂ ਨੇ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ, ਤਲਵੰਡੀ ਸਾਬੋ ਦੀ ਜ਼ਿੰਮੇਵਾਰੀ ਸੰਭਾਲੀ ਹੈ, ਉਦੋਂ ਤੋਂ ਹਸਪਤਾਲ ਦੇ ਮਾਹੌਲ ਅਤੇ ਕਾਰਜਸ਼ੈਲੀ ਵਿੱਚ ਵੱਡਾ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਦੀ ਅਗਵਾਈ ਹੇਠ ਹਸਪਤਾਲ ਦੇ ਪ੍ਰਬੰਧ ਨੂੰ ਸੁਚਾਰੂ ਬਣਾਉਣ, ਸਫ਼ਾਈ ਵਿਵਸਥਾ ਵੱਲ ਧਿਆਨ ਦੇਣ, ਮਰੀਜ਼ਾਂ ਦੀਆਂ ਮੁਸ਼ਕਲਾਂ ਨੂੰ ਸਮਝਣ ਅਤੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਡਾ. ਗੁਪਤਾ ਦੀ ਕਾਰਜਸ਼ੈਲੀ ਦੀ ਇੱਕ ਵਿਸ਼ੇਸ਼ਤਾ ਇਹ ਹੈ ਕਿ ਉਹ ਸਿਰਫ਼ ਦਫ਼ਤਰੀ ਕੁਰਸੀ ਤੱਕ ਸੀਮਤ ਰਹਿਣ ਦੀ ਬਜਾਏ ਹਸਪਤਾਲ ਦੇ ਵੱਖ-ਵੱਖ ਹਿੱਸਿਆਂ ਦਾ ਜਾਇਜ਼ਾ ਲੈਂਦੇ ਅਤੇ ਮੌਕੇ 'ਤੇ ਮੌਜੂਦ ਸਮੱਸਿਆਵਾਂ ਨੂੰ ਸਮਝਣ ਨੂੰ ਤਰਜੀਹ ਦਿੰਦੇ ਹਨ। ਮਰੀਜ਼ਾਂ ਲਈ ਸਾਫ਼-ਸੁਥਰਾ ਮਾਹੌਲ, ਸਟਾਫ਼ ਵਿੱਚ ਜ਼ਿੰਮੇਵਾਰੀ ਦੀ ਭਾਵਨਾ, ਸਮੇਂ ਸਿਰ ਸੇਵਾਵਾਂ ਅਤੇ ਹਸਪਤਾਲ ਵਿੱਚ ਆਉਣ ਵਾਲੇ ਆਮ ਲੋਕਾਂ ਨਾਲ ਸਨਮਾਨਜਨਕ ਵਿਹਾਰ ਵਰਗੇ ਮੁੱਦਿਆਂ ਨੂੰ ਉਨ੍ਹਾਂ ਵੱਲੋਂ ਵਿਸ਼ੇਸ਼ ਮਹੱਤਤਾ ਦਿੱਤੀ ਜਾਂਦੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਸਰਕਾਰੀ ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲਾ ਹਰ ਵਿਅਕਤੀ ਸਨਮਾਨ ਅਤੇ ਬਿਹਤਰ ਸਿਹਤ ਸੇਵਾ ਦਾ ਹੱਕਦਾਰ ਹੈ।

ਇਹ ਕਹਿਣਾ ਵੀ ਗਲਤ ਨਹੀਂ ਹੋਵੇਗਾ ਕਿ ਡਾ. ਗੁਪਤਾ ਦੀ ਅਗਵਾਈ ਵਿੱਚ ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਦਾ ਮੂੰਹ-ਮੁਹਾਂਦਰਾ ਹੀ ਬਦਲਦਾ ਨਜ਼ਰ ਆ ਰਿਹਾ ਹੈ। ਹਸਪਤਾਲ ਵਿੱਚ ਆਉਣ ਵਾਲੇ ਲੋਕਾਂ ਅਤੇ ਇਲਾਕਾ ਵਾਸੀਆਂ ਵਿੱਚ ਵੀ ਇਸ ਬਦਲਾਅ ਦੀ ਚਰਚਾ ਸੁਣਨ ਨੂੰ ਮਿਲਦੀ ਹੈ। ਇਸੇ ਕਰਕੇ ਜੇਕਰ ਇਹ ਕਿਹਾ ਜਾਵੇ ਕਿ "ਜੰਗਲ ਵਿੱਚ ਮੰਗਲ ਲੱਗ ਗਏ ਹਨ", ਤਾਂ ਇਹ ਡਾ. ਗੁਪਤਾ ਦੀ ਕਾਰਜਸ਼ੈਲੀ ਅਤੇ ਹਸਪਤਾਲ ਵਿੱਚ ਆ ਰਹੀ ਸਰਗਰਮੀ ਨੂੰ ਦਰਸਾਉਣ ਵਾਲੀ ਇੱਕ ਢੁਕਵੀਂ ਕਹਾਵਤ ਹੋਵੇਗੀ। ਡਾ. ਗੁਪਤਾ ਦੀ ਸੋਚ ਦਾ ਕੇਂਦਰ ਮਰੀਜ਼ ਅਤੇ ਉਸਦੀ ਸਿਹਤ ਹੈ। ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਸੰਭਵ ਹੱਲ ਲੱਭਣ ਦੀ ਕੋਸ਼ਿਸ਼ ਕਰਨਾ ਉਨ੍ਹਾਂ ਦੀ ਕਾਰਜਸ਼ੈਲੀ ਦਾ ਮਹੱਤਵਪੂਰਨ ਹਿੱਸਾ ਹੈ। ਖ਼ਾਸ ਕਰਕੇ ਬੱਚਿਆਂ ਦੀ ਸਿਹਤ ਨਾਲ ਜੁੜੇ ਮਾਮਲਿਆਂ ਵਿੱਚ ਉਨ੍ਹਾਂ ਦਾ ਤਜਰਬਾ ਅਤੇ ਮਾਹਿਰਤਾ ਮਰੀਜ਼ਾਂ ਲਈ ਲਾਹੇਵੰਦ ਸਾਬਤ ਹੁੰਦੀ ਹੈ। ਉਨ੍ਹਾਂ ਦੀ ਕੋਸ਼ਿਸ਼ ਰਹਿੰਦੀ ਹੈ ਕਿ ਸਰਕਾਰੀ ਸਿਹਤ ਸੰਸਥਾ ਵਿੱਚ ਉਪਲਬਧ ਸਰੋਤਾਂ ਅਤੇ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੋਕਾਂ ਤੱਕ ਪਹੁੰਚੇ। ਇਸ ਦੇ ਨਾਲ ਹੀ ਉਹ ਹਸਪਤਾਲ ਦੇ ਸਟਾਫ਼ ਨੂੰ ਵੀ ਆਪਣੀ ਡਿਊਟੀ ਪ੍ਰਤੀ ਜ਼ਿੰਮੇਵਾਰ ਅਤੇ ਸੰਵੇਦਨਸ਼ੀਲ ਰਹਿਣ ਲਈ ਪ੍ਰੇਰਿਤ ਕਰਦੇ ਹਨ।

ਡਾ. ਰਵੀ ਕਾਂਤ ਗੁਪਤਾ ਸਿਹਤ ਵਿਭਾਗ ਦੀ ਸਰਕਾਰੀ ਸੇਵਾ ਦੇ ਨਾਲ-ਨਾਲ ਇੰਡੀਅਨ ਮੈਡੀਕਲ ਐਸੋਸੀਏਸ਼ਨ (9$1), ਬਠਿੰਡਾ ਦੇ ਸਕੱਤਰ ਵਜੋਂ ਵੀ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਰਹੇ ਹਨ। ਇਸ ਭੂਮਿਕਾ ਰਾਹੀਂ ਉਹ ਡਾਕਟਰੀ ਭਾਈਚਾਰੇ ਨਾਲ ਜੁੜੇ ਮੁੱਦਿਆਂ ਦੇ ਨਾਲ-ਨਾਲ ਸਿਹਤ ਜਾਗਰੂਕਤਾ ਅਤੇ ਲੋਕ-ਭਲਾਈ ਨਾਲ ਸਬੰਧਤ ਗਤੀਵਿਧੀਆਂ ਵਿੱਚ ਵੀ ਯੋਗਦਾਨ ਪਾ ਰਹੇ ਹਨ। ਸਿਹਤ ਜਾਗਰੂਕਤਾ ਕੈਂਪਾਂ, ਸਕੂਲਾਂ ਵਿੱਚ ਸਿਹਤ ਸਬੰਧੀ ਪ੍ਰੋਗਰਾਮਾਂ ਅਤੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਵਾਲੀਆਂ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਸ਼ਮੂਲੀਅਤ ਰਹੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਬਿਮਾਰੀ ਦਾ ਇਲਾਜ ਕਰਨ ਦੇ ਨਾਲ-ਨਾਲ ਲੋਕਾਂ ਨੂੰ ਬਿਮਾਰੀਆਂ ਤੋਂ ਬਚਾਅ ਦੇ ਤਰੀਕਿਆਂ ਬਾਰੇ ਜਾਗਰੂਕ ਕਰਨਾ ਵੀ ਬਹੁਤ ਜ਼ਰੂਰੀ ਹੈ। ਡਾ. ਰਵੀ ਕਾਂਤ ਗੁਪਤਾ ਦੀ ਸ਼ਖ਼ਸੀਅਤ ਦੀ ਇੱਕ ਹੋਰ ਵਿਸ਼ੇਸ਼ਤਾ ਉਨ੍ਹਾਂ ਦਾ ਨਿਮਰ ਸੁਭਾਅ ਅਤੇ ਸੇਵਾ ਭਾਵਨਾ ਹੈ। ਡਾਕਟਰੀ ਪੇਸ਼ੇ ਵਿੱਚ ਲੰਬਾ ਤਜਰਬਾ ਹੋਣ ਦੇ ਬਾਵਜੂਦ ਉਹ ਲੋਕਾਂ ਨਾਲ ਸਾਦਗੀ ਅਤੇ ਸਹਿਜਤਾ ਨਾਲ ਪੇਸ਼ ਆਉਣ ਨੂੰ ਤਰਜੀਹ ਦਿੰਦੇ ਹਨ। ਮਰੀਜ਼ਾਂ, ਸਹਿਕਰਮੀਆਂ ਅਤੇ ਆਮ ਲੋਕਾਂ ਨਾਲ ਉਨ੍ਹਾਂ ਦਾ ਵਿਹਾਰ ਉਨ੍ਹਾਂ ਦੀ ਸ਼ਖ਼ਸੀਅਤ ਵਿੱਚ ਮੌਜੂਦ ਮਨੁੱਖੀ ਪੱਖ ਨੂੰ ਦਰਸਾਉਂਦਾ ਹੈ।

ਡਾ. ਗੁਪਤਾ ਲਈ ਸਫ਼ਲਤਾ ਸਿਰਫ਼ ਅਹੁਦਾ ਜਾਂ ਡਿਗਰੀ ਹਾਸਲ ਕਰਨਾ ਨਹੀਂ, ਬਲਕਿ ਆਪਣੀ ਯੋਗਤਾ ਨੂੰ ਲੋਕਾਂ ਦੀ ਸੇਵਾ ਵਿੱਚ ਲਗਾਉਣਾ ਹੈ। ਇਹੀ ਸੋਚ ਉਨ੍ਹਾਂ ਨੂੰ ਇੱਕ ਡਾਕਟਰ ਦੇ ਨਾਲ-ਨਾਲ ਇੱਕ ਸਮਰਪਿਤ ਸਿਹਤ ਅਧਿਕਾਰੀ, ਮਾਰਗਦਰਸ਼ਕ ਅਤੇ ਸਮਾਜ ਸੇਵੀ ਸ਼ਖ਼ਸੀਅਤ ਵਜੋਂ ਵੱਖਰੀ ਪਛਾਣ ਦਿੰਦੀ ਹੈ।

ਡਾ. ਰਵੀ ਕਾਂਤ ਗੁਪਤਾ ਦੀ ਯਾਤਰਾ ਇੱਕ ਅਜਿਹੇ ਡਾਕਟਰ ਦੀ ਕਹਾਣੀ ਹੈ, ਜਿਸ ਨੇ ਸਿੱਖਿਆ ਅਤੇ ਮਿਹਨਤ ਦੇ ਬਲਬੂਤੇ ਆਪਣਾ ਮੁਕਾਮ ਹਾਸਲ ਕੀਤਾ ਅਤੇ ਅੱਜ ਆਪਣੀ ਯੋਗਤਾ, ਤਜਰਬੇ ਅਤੇ ਪ੍ਰਸ਼ਾਸਨਿਕ ਸਮਰੱਥਾ ਨੂੰ ਲੋਕ ਸੇਵਾ ਲਈ ਸਮਰਪਿਤ ਕੀਤਾ ਹੋਇਆ ਹੈ। ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਵਿੱਚ ਉਨ੍ਹਾਂ ਦੀ ਅਗਵਾਈ ਹੇਠ ਆ ਰਹੇ ਬਦਲਾਅ ਨੂੰ ਦੇਖਦਿਆਂ ਇਹ ਆਸ ਕੀਤੀ ਜਾ ਸਕਦੀ ਹੈ ਕਿ ਹਸਪਤਾਲ ਆਉਣ ਵਾਲੇ ਸਮੇਂ ਵਿੱਚ ਇਲਾਕੇ ਦੇ ਲੋਕਾਂ ਨੂੰ ਹੋਰ ਬਿਹਤਰ ਅਤੇ ਭਰੋਸੇਯੋਗ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਏਗਾ।

**-ਗੁਰਜੰਟ ਸਿੰਘ ਨਥੇਹਾ, ਪਿੰਡ ਤੇ ਡਾਕ. ਨਥੇਹਾ**
**ਤਹਿਸੀਲ ਤਲਵੰਡੀ ਸਾਬੋ, ਜਿਲ੍ਹਾ ਬਠਿੰਡਾ, ਸੰਪਰਕ: 8968727272**

# ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਪੱਟੀ ਵਿਖੇ ਅੱਖਾਂ ਦੀ ਜਾਂਚ ਲਈ ਮੈਡੀਕਲ ਕੈਂਪ ਲਗਾਇਆ ਗਿਆ

**ਪੱਟੀ 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਸਕੂਲ ਪੱਟੀ ਵਿਖੇ ਅੱਖਾਂ ਦੀ ਜਾਂਚ ਦਾ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਿਵਲ ਹਸਪਤਾਲ ਪੱਟੀ ਤੋਂ ਅੱਖਾਂ ਦੇ ਮਾਹਿਰ ਡਾਕਟਰ ਹਰਸਿਮਰਪ੍ਰੀਤ ਸਿੰਘ ਨੇ ਪਹੁੰਚ ਕੇ ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਮੌਕੇ ਤੇ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਡਾਕਟਰ ਸਾਹਿਬਾਨ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਅਨਮੋਲ ਅੰਗ ਹਨ ਸਾਨੂੰ ਇਹਨਾਂ ਦੀ ਸਾਂਭ ਸੰਭਾਲ ਵੱਲ ਖਾਸ ਧਿਆਨ ਦੇਣਾ ਚਾਹੀਦਾ ਹੈ। ਅੱਖਾਂ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਹੋਣ ਤੇ ਕਦੇ ਵੀ ਅਣਗਹਿਲੀ ਨਹੀਂ ਕਰਨੀ ਚਾਹੀਦੀ ਅਤੇ ਸਮੇਂ ਸਿਰ ਡਾਕਟਰੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਹਮੇਸ਼ਾ ਵਿਟਾਮਿਨਾਂ ਅਤੇ ਖਣਿਜਾਂ ਨਾਲ ਭਰਪੂਰ ਸੰਤੁਲਿਤ ਭੋਜਨ ਖਾਣਾ ਚਾਹੀਦਾ ਹੈ ਤਾਂ ਜੋ ਸਾਡਾ ਸਰੀਰ ਤੰਦਰੁਸਤ ਰਹੇ। ਉਨ੍ਹਾਂ ਕਿਹਾ ਕਿ ਫਾਸਟ-ਫੂਡ ਸਾਡੇ ਸਰੀਰ ਲਈ ਬਹੁਤ ਨੁਕਸਾਨਦਾਇਕ ਹੁੰਦੇ ਹਨ ਇਸ ਲਈ ਸਾਨੂੰ ਇਨ੍ਹਾਂ ਨੂੰ ਖਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਜਸਬੀਰ ਕੌਰ ਸੈਣੀ ਨੇ ਆਏ ਹੋਏ ਡਾਕਟਰ ਸਟਾਫ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਸਮੇਂ-ਸਮੇਂ ਤੇ ਅਜਿਹੇ ਮੈਡੀਕਲ ਕੈਂਪਾਂ ਦਾ ਪ੍ਰਬੰਧ ਕੀਤਾ ਜਾਂਦਾ ਹੈ ਤਾਂ ਜੋ ਬੱਚਿਆਂ ਦੀ ਸਿਹਤ ਦੀ ਜਾਂਚ ਕਰਵਾਈ ਜਾ ਸਕੇ। ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਧਿਆਨ ਦੇਣ ਲਈ ਕਿਹਾ ਤਾਂ ਜੋ ਬੱਚੇ ਸਰੀਰਕ ਤੌਰ ਤੇ ਤੰਦਰੁਸਤ ਰਹਿ ਸਕਣ।

**ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਅਧਿਕਾਰੀਆਂ ਤੇ ਵਲੰਟੀਆਰਾਂ ਨਾਲ ਸ੍ਰ ਈ.ਟੀ.ਓ ਨੇ ਕੀਤੀ ਮੀਟਿੰਗ**

# ਨਸ਼ਾ ਮੁਕਤ ਸਮਾਜ ਦੀ ਸਿਰਜਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ - ਹਰਭਜਨ ਸਿੰਘ ਈਟੀਓ



**ਜੰਡਿਆਲਾ ਗੁਰੂ, 31 ਅਗਸਤ ( ਕੁਲਵੰਤ ਸਿੰਘ ਵਿਰਦੀ )**-ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈਟੀਓ ਵੱਲੋਂ ਅੱਜ ਸਰਕਾਰੀ ਮੈਡੀਕਲ ਕਾਲਜ ਦੇ ਸੈਮੀਨਾਰ ਹਾਲ ਵਿਖੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਡੀਸੀਪੀ ਜਸਕਰਨਜੀਤ ਸਿੰਘ ਤੇਜਾ ਐਸਐਸਪੀ ਦਿਹਾਤੀ ਕੰਵਲਪ੍ਰੀਤ ਸਿੰਘ ਚਾਹਲ, ਪੁਲਿਸ ਵਿਭਾਗ ਦੇ ਅਧਿਕਾਰੀਆਂ ਅਤੇ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰਾਂ ਨਾਲ ਜ਼ਿਲ੍ਹਾ ਪੱਧਰੀ ਸਮੀਖਿਆ ਮੀਟਿੰਗ ਕੀਤੀ ਗਈ ।ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਜ਼ਮੀਨੀ ਪੱਧਰ 'ਤੇ ਕੀਤੀਆਂ ਜਾ ਰਹੀਆਂ ਗਤੀਵਿਧੀਆਂ, ਵੱਖ-ਵੱਖ ਖੇਤਰਾਂ ਵਿੱਚ ਦਰਪੇਸ਼ ਸਮੱਸਿਆਵਾਂ, ਪ੍ਰਾਪਤ ਸ਼ਿਕਾਇਤਾਂ ਅਤੇ ਸੁਝਾਵਾਂ ਤੋਂ ਇਲਾਵਾ ਨਸ਼ਿਆਂ ਦੀ ਰੋਕਥਾਮ ਲਈ ਪ੍ਰਸ਼ਾਸਨ, ਪੁਲਿਸ ਅਤੇ ਨਸ਼ਾ ਮੁਕਤੀ ਮੋਰਚਾ ਦਰਮਿਆਨ ਹੋਰ ਬਿਹਤਰ ਤਾਲਮੇਲ ਬਣਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦਾ ਮੁੱਖ ਫੋਕਸ ਜ਼ਮੀਨੀ ਪੱਧਰ ਤੋਂ ਫੀਡਬੈਕ ਪ੍ਰਾਪਤ ਕਰਕੇ ਸਮੱਸਿਆਵਾਂ ਦੀ ਪਛਾਣ, ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਅਤੇ ਸਪੱਸ਼ਟ ਕਾਰਜਯੋਗ ਨੁਕਤੇ ਤੈਅ ਕਰਨਾ ਰਿਹਾ ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਹੈ ਅਤੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਕਾਰਗਰ ਅਤੇ ਸਫਲ ਬਣਾਉਣ ਲਈ ਇਸ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਵਿਲੇਜ ਡਿਫੈਂਸ ਕਮੇਟੀਆਂ ਅਤੇ ਵਾਰਡ ਡਿਫੈਂਸ ਕਮੇਟੀਆਂ ਨਾਲ ਮਿਲ ਕੇ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਨ ਅਤੇ ਇਨ੍ਹਾਂ ਵੱਲੋਂ ਪ੍ਰਾਪਤ ਹੋਣ ਵਾਲੀ ਫੀਡਬੈਕ ਦੇ ਆਧਾਰ 'ਤੇ ਲੋੜੀਂਦੀ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ ।ਸ੍ਰੀ ਈਟੀਓ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵਿਅਕਤੀਆਂ ਖਿਲਾਫ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਿਆਂ ਦੀ ਲਤ ਵਿੱਚ ਫਸੇ ਨੌਜਵਾਨਾਂ ਨੂੰ ਇਸ ਦਲਦਲ ਵਿੱਚੋਂ ਬਾਹਰ ਕੱਢਣਾ ਵੀ ਸਰਕਾਰ ਦੀ ਪ੍ਰਮੁੱਖ ਜ਼ਿੰਮੇਵਾਰੀ ਹੈ ।ਉਨ੍ਹਾਂ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਿਆਂ ਦੀ ਲਤ ਵਿੱਚ ਫਸੇ ਨੌਜਵਾਨਾਂ ਨੂੰ ਪ੍ਰੇਰਿਤ ਕਰਕੇ ਇਲਾਜ ਲਈ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਨੌਜਵਾਨਾਂ ਦਾ ਯੋਗ ਇਲਾਜ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰਨਾ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ ।ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਲੋੜੀਂਦੇ ਸਹਿਯੋਗ ਅਤੇ ਆਪਸੀ ਤਾਲਮੇਲ ਨੂੰ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਤੋਂ ਇਲਾਵਾ ਪਿੰਡਾਂ ਅਤੇ ਵਾਰਡਾਂ ਦੇ ਪੱਧਰ 'ਤੇ ਪ੍ਰਾਪਤ ਹੋਣ ਵਾਲੀਆਂ ਸ਼ਿਕਾਇਤਾਂ ਅਤੇ ਸੁਝਾਵਾਂ ਨੂੰ ਸਬੰਧਤ ਵਿਭਾਗਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾ ਕੇ ਉਨ੍ਹਾਂ ਦੇ ਨਿਪਟਾਰੇ ਲਈ ਯੋਗ ਕਾਰਵਾਈ ਕਰਨ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ।ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਅਤੇ ਪੁਲਿਸ ਕਮਿਸ਼ਨਰ ਸ੍ਰੀ ਹਰਮਨਬੀਰ ਸਿੰਘ ਗਿੱਲ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸਾਰੇ ਸਬੰਧਤ ਵਿਭਾਗਾਂ, ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ, ਕੋਆਰਡੀਨੇਟਰਾਂ ਅਤੇ ਨਸ਼ਾ ਮੁਕਤੀ ਮੋਰਚਾ ਦੇ ਨੁਮਾਇੰਦਿਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ ਤੋਂ ਮਿਲਣ ਵਾਲੀ ਫੀਡਬੈਕ ਦੇ ਆਧਾਰ 'ਤੇ ਲੋੜੀਂਦੀ ਕਾਰਵਾਈ ਨੂੰ ਹੋਰ ਤੇਜ਼ ਕੀਤਾ ਜਾਵੇਗਾ ।ਇਸ ਮੌਕੇ ਨਸ਼ਾ ਮੁਕਤੀ ਮੋਰਚਾ ਮਾਝਾ ਜ਼ੋਨ ਦੇ ਇੰਚਾਰਜ ਸ੍ਰੀ ਦੀਕਸ਼ਤ ਧਵਨ ਨੇ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰ ਨਸ਼ਿਆਂ ਦੀ ਰੋਕਥਾਮ ਲਈ ਜ਼ਮੀਨੀ ਪੱਧਰ 'ਤੇ ਦਿਨ-ਰਾਤ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੋਰਚੇ ਦੇ ਵਲੰਟੀਅਰਾਂ ਵੱਲੋਂ ਵਿਲੇਜ ਅਤੇ ਵਾਰਡ ਡਿਫੈਂਸ ਕਮੇਟੀਆਂ ਨਾਲ ਲਗਾਤਾਰ ਸੰਪਰਕ ਕਰਕੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਮੋਰਚਾ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਕੀਤੇ ਜਾ ਰਹੇ ਵੱਖ-ਵੱਖ ਉਪਰਾਲਿਆਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ।ਮੀਟਿੰਗ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ, ਪ੍ਰਾਪਤ ਫੀਡਬੈਕ 'ਤੇ ਤੁਰੰਤ ਕਾਰਵਾਈ ਕਰਨ ਅਤੇ ਪ੍ਰਸ਼ਾਸਨ, ਪੁਲਿਸ ਤੇ ਨਸ਼ਾ ਮੁਕਤੀ ਮੋਰਚਾ ਵਿਚਕਾਰ ਤਾਲਮੇਲ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਸਬੰਧੀ ਅਗਲੀ ਕਾਰਵਾਈ 'ਤੇ ਵੀ ਵਿਚਾਰ ਕੀਤਾ ਗਿਆ ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀਮਤੀ ਪਲਵੀ ਮਿਸ਼ਰਾ, ਡੀ.ਸੀ.ਪੀ. ਸ੍ਰੀ ਜਸਕਰਨਜੀਤ ਸਿੰਘ ਤੇਜਾ, ਐਸ.ਡੀ.ਐਮ. ਅੰਮ੍ਰਿਤਸਰ-1 ਸ੍ਰੀਮਤੀ ਅਲਕਾ ਕਾਲੀਆ, ਐਸ.ਡੀ.ਐਮ. ਅੰਮ੍ਰਿਤਸਰ-2 ਸ੍ਰੀ ਗੁਰਮੰਦਰ ਸਿੰਘ, ਐਸਡੀਐਮ ਅਜਨਾਲਾ ਸ਼੍ਰੀਮਤੀ ਚਾਰੂਮਿਤਾ, ਐਸਡੀਐਮ ਮਜੀਠਾ ਸ੍ਰੀ ਰਜਨੀਸ਼ ਅਰੋੜਾ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਸਾਰੇ ਕੋਆਰਡੀਨੇਟਰ ਅਤੇ ਹੋਰ ਸਬੰਧਤ ਅਧਿਕਾਰੀ ਵੀ ਹਾਜ਼ਰ ਸਨ।

**ਨਸ਼ਾ ਮੁਕਤੀ ਮੋਰਚਾ ਵੱਲੋਂ ਨਸ਼ਿਆਂ ਵਿਰੁੱਧ ਜ਼ਮੀਨੀ ਪੱਧਰ 'ਤੇ ਕੀਤਾ ਜਾ ਰਿਹਾ ਹੈ ਪ੍ਰਭਾਵਸ਼ਾਲੀ ਕੰਮ - ਦੀਕਸ਼ਤ ਧਵਨ**

**ਸ੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ**

# ਸੋਮਨਾਥ ਸਵਾਭਿਮਾਨ ਪਰਵ ਤਹਿਤ ਲੈਕਚਰ ਅਤੇ ਯੁਵਕ ਸੰਵਾਦ ਕਰਵਾਏ ਗਏ



**ਚੌਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)** 31 ਅਗਸਤ ਸ੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਭਾਰਤ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ ਕੁਲਪਤੀ ਪ੍ਰੋਫੈਸਰ ਡਾ. ਕਰਮਜੀਤ ਸਿੰਘ ਅਤੇ ਡੀਨ, ਕਾਲਜ ਵਿਕਾਸ ਕੌਂਸਲ ਪ੍ਰੋਫੈਸਰ ਡਾ. ਸਰੋਜ ਅਰੋੜਾ ਦੀ ਰਹਿਨੁਮਾਈ ਹੇਠ ਅਤੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਵਿੱਚ 'ਸੋਮਨਾਥ ਸਵਾਭਿਮਾਨ ਪਰਵ' ਤਹਿਤ ਲੈਕਚਰ ਅਤੇ ਯੁਵਕ ਸੰਵਾਦ ਕਰਵਾਇਆ ਗਿਆ। ਇਸ ਮੌਕੇ ਕਾਮਰਸ ਵਿਭਾਗ ਦੇ ਹੀਰਾ ਲਾਲ ਵੱਲੋਂ ਸੋਮਨਾਥ ਮੰਦਰ ਦੇ ਇਤਿਹਾਸ ਅਤੇ ਸੱਭਿਆਚਾਰਕ ਮਹੱਤਤਾ ਸਬੰਧੀ ਜਾਣਕਾਰੀ ਦਿੱਤੀ ਗਈ। ਯੁਵਕ ਸੰਵਾਦ ਦੌਰਾਨ ਬੀ.ਏ. ਸਮੈਸਟਰ ਪੰਜਵਾਂ ਦੇ ਹਰਸ਼ਦੀਪ ਸਿੰਘ, ਬੀ.ਐਸ.ਸੀ. ਸਮੈਸਟਰ ਪੰਜਵਾਂ ਦੀਆਂ ਹਰਸਿਮਰਨ ਕੌਰ ਅਤੇ ਰਮਨਦੀਪ ਕੌਰ ਅਤੇ ਬੀ.ਕਾਮ. ਸਮੈਸਟਰ ਤੀਜਾ ਦੀ ਲਵਪ੍ਰੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ 'ਸਵਾਭਿਮਾਨ' ਦੇ ਸੰਕਲਪ ਨੂੰ ਵਿਦਿਆਰਥੀਆਂ ਦੀ ਜ਼ਿੰਦਗੀ ਨਾਲ ਜੋੜਦਿਆਂ ਕਿਹਾ ਕਿ ਸਵਾਭਿਮਾਨ ਸਿਰਫ਼ ਆਪਣੀ ਵਿਰਾਸਤ ਪ੍ਰਤੀ ਮਾਣ ਨਹੀਂ, ਸਗੋਂ ਆਪਣੀ ਪਹਿਚਾਣ, ਕਦਰਾਂ-ਕੀਮਤਾਂ ਅਤੇ ਸਿਧਾਂਤਾਂ ਪ੍ਰਤੀ ਦ੍ਰਿੜ ਰਹਿਣ ਦੀ ਤਾਕਤ ਹੈ। ਉਨ੍ਹਾਂ ਕਿਹਾ ਕਿ ਜਿਵੇਂ ਸੋਮਨਾਥ ਨੇ ਚੁਣੌਤੀਆਂ ਦੇ ਬਾਵਜੂਦ ਆਪਣੀ ਹੋਂਦ ਕਾਇਮ ਰੱਖੀ, ਉਸੇ ਤਰ੍ਹਾਂ ਵਿਦਿਆਰਥੀਆਂ ਨੂੰ ਵੀ ਜੀਵਨ ਦੀਆਂ ਮੁਸ਼ਕਲਾਂ ਅਤੇ ਅਸਫਲਤਾਵਾਂ ਦੇ ਬਾਵਜੂਦ ਆਪਣਾ ਆਤਮ-ਵਿਸ਼ਵਾਸ ਅਤੇ ਸਵਾਭਿਮਾਨ ਕਾਇਮ ਰੱਖਣਾ ਚਾਹੀਦਾ ਹੈ। ਪ੍ਰੋਗਰਾਮ ਵਿੱਚ ਅੰਗਰੇਜ਼ੀ ਵਿਭਾਗ ਦੇ ਕਰਮਬੀਰ ਸਿੰਘ ਨੇ ਕੋਆਰਡੀਨੇਟਰ ਦੀ ਭੂਮਿਕਾ ਨਿਭਾਈ। ਇਸ ਮੌਕੇ ਹੀਰਾ ਲਾਲ, ਮਨਦੀਪ ਸਿੰਘ, ਰੋਹਿਤ ਗੁਪਤਾ, ਗਗਨ ਸ਼ਰਮਾ ਅਤੇ ਸੁਖਦੀਪ ਕੌਰ ਸ਼ਾਮਿਲ ਸਨ।

# ਕੇਜਰੀਵਾਲ ਵਲੋਂ ਵਕੀਲਾਂ ਨਾਲ ਕੀਤੇ ਵਾਇਦੇ ਵਫ਼ਾ ਨਾ ਹੋਣ 'ਤੇ ਅਕਾਲੀ ਦਲ ਹੋਇਆ ਹਮਲਾਵਰ

## ਵਾਅਦਿਆਂ ਦੀ ਪੰਡ ਚੁੱਕ ਕੇ ਸੱਤਾ ਕੀਤੀ ਸੀ ਹਾਸਲ, ਹੁਣ ਵਕੀਲਾਂ ਨੂੰ ਹੀ ਭੁੱਲ ਗਈ 'ਆਪ': ਬੈਨੀਪਾਲ



**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-ਪੰਜਾਬ ਦੇ ਵਕੀਲ ਭਾਈਚਾਰੇ ਨਾਲ ਆਮ ਆਦਮੀ ਪਾਰਟੀ ਦੇ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਵੱਲੋਂ ਕੀਤੇ ਗਏ ਵਾਇਦੇ ਵਫ਼ਾ ਨਾ ਹੋਣ ਦਾ ਹਵਾਲਾ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਨੇ ਵੱਡਾ ਸਿਆਸੀ ਹਮਲਾ ਬੋਲਿਆ ਹੈ। ਪਾਰਟੀ ਦੇ ਕੌਮੀ ਬੁਲਾਰੇ ਐਡਵੋਕੇਟ ਨਗਿੰਦਰ ਬੈਨੀਪਾਲ ਨੇ ਮੀਡੀਆ ਨੂੰ ਜਾਰੀ ਬਿਆਨ ਵਿਚ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਵਿੱਚ ਸਰਕਾਰ ਬਣੇ ਚਾਰ ਸਾਲ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ। 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸ੍ਰੀ ਅਰਵਿੰਦ ਕੇਜਰੀਵਾਲ ਨੇ ਖੁਦ ਪੰਜਾਬ ਦੇ ਵਕੀਲ ਭਾਈਚਾਰੇ ਨਾਲ ਕਈ ਅਹਿਮ ਵਾਅਦੇ ਕੀਤੇ ਸਨ। ਜਿਸ 'ਚ ਵਕੀਲਾਂ ਲਈ ਚੈਂਬਰਾਂ ਦਾ ਨਿਰਮਾਣ, ਵਕੀਲਾਂ ਤੇ ਉਨ੍ਹਾਂ ਦੇ ਪਰਿਵਾਰਾਂ ਲਈ ਮੈਡੀਕਲ ਅਤੇ ਲਾਈਫ ਇੰਸ਼ੋਰੈਂਸ, ਨੌਜਵਾਨ ਵਕੀਲਾਂ ਲਈ ਸਹਾਇਤਾ ਅਤੇ ਹਾਈਕੋਰਟ ਦੇ ਵਿਸ਼ੇਸ਼ ਨਿਆਂਇਕ ਬੈਂਚਾਂ ਦੀ ਸਥਾਪਨਾ ਕਰਨ ਵਰਗੇ ਭਰੋਸੇ ਖੁਦ ਕੇਜਰੀਵਾਲ ਵੱਲੋਂ ਜਨਤਕ ਤੌਰ 'ਤੇ ਦਿੱਤੇ ਗਏ ਸਨ। ਇਸ ਕਰਕੇ ਇੱਕ ਵਕੀਲ ਹੋਣ ਦੇ ਨਾਤੇ ਮੈਨੂੰ ਇਹ ਕਹਿਣ ਵਿੱਚ ਕੋਈ ਝਿਜਕ ਨਹੀਂ ਕਿ ਇਹ ਸਥਿਤੀ ਬੇਹੱਦ ਦੁੱਖਦਾਇਕ ਅਤੇ ਨਿਰਾਸ਼ਾਜਨਕ ਹੈ, ਕਿਉਂਕਿ ਹਜ਼ਾਰਾਂ ਵਕੀਲਾਂ ਦੇ ਸਾਹਮਣੇ ਕੇਜਰੀਵਾਲ ਵੱਲੋਂ ਦਿੱਤੇ ਗਏ ਭਰੋਸੇ ਕੇਵਲ ਚੁਨਾਵੀ ਜੁਮਲੇ ਜਾਂ ਸਿਆਸੀ ਬਿਆਨ ਸ਼ਾਬਤ ਹੋਏ ਹਨ। ਐਡਵੋਕੇਟ ਨਗਿੰਦਰ ਬੈਨੀਪਾਲ ਨੇ ਕਿਹਾ ਕਿ ਕੇਜਰੀਵਾਲ ਨੂੰ ਸਿਆਸਤ 'ਚ ਸਿਆਸੀ ਸੰਕਟਾਂ ਤੋਂ ਉਭਾਰਨ ਵਿੱਚ ਵਕੀਲਾਂ ਦੀ ਵੱਡੀ ਭੂਮਿਕਾ ਰਹੀ ਹੈਂ। ਪਰ ਅਫਸੋਸ ਉਸੇ ਸੰਕਟ ਮੋਚਕ ਵਕੀਲ ਭਾਈਚਾਰੇ ਨਾਲ ਲਫਾਜੀ ਕੀਤੀ ਗਈ। ਇੱਕ ਪਾਸੇ ਆਮ ਆਦਮੀ ਪਾਰਟੀ ਆਪਣੀ ਹਰੇਕ ਸਟੇਜ ਤੋਂ "ਦਿੱਲੀ ਮਾਡਲ" ਦੀ ਗੱਲ ਕਰਦੀ ਹੈ। ਪਰ ਵਕੀਲਾਂ ਦੇ ਨਾਲ ਪੰਜਾਬ ਵਿੱਚ ਧੋਖਾ ਹੋਇਆ। ਇਹ ਕੇਵਲ ਇੱਕ ਰਾਜਨੀਤਿਕ ਮੁੱਦਾ ਨਹੀਂ ਹੈ ।ਇਹ ਜਨਤਕ ਭਰੋਸੇ, ਜਵਾਬਦੇਹੀ ਅਤੇ ਲੋਕਤੰਤਰ ਦੀ ਪਵਿੱਤਰਤਾ ਦਾ ਸਵਾਲ ਹੈ। ਲੋਕਤੰਤਰ ਵਿੱਚ ਵੋਟਾਂ ਲੋਕਾਂ ਦੇ ਭਰੋਸੇ ਨਾਲ ਮਿਲਦੀਆਂ ਹਨ। ਜੇਕਰ ਚੋਣਾਂ ਤੋਂ ਪਹਿਲਾਂ ਕੀਤੇ ਗਏ ਵਾਅਦੇ ਸੱਤਾ ਮਿਲਣ ਤੋਂ ਬਾਅਦ ਭੁਲਾ ਦਿੱਤੇ ਜਾਣ, ਤਾਂ ਲੋਕਾਂ ਦਾ ਵਿਸ਼ਵਾਸ ਕਮਜ਼ੋਰ ਹੁੰਦਾ ਹੈ ਅਤੇ ਰਾਜਨੀਤੀ ਦੀ ਭਰੋਸੇਯੋਗਤਾ 'ਤੇ ਸਵਾਲ ਖੜ੍ਹੇ ਹੁੰਦੇ ਹਨ। ਇਸ ਲਈ ਸ਼੍ਰੋਮਣੀ ਅਕਾਲੀ ਦਲ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਤੋਂ ਮੰਗ ਕਰਦਾ ਹੈ ਕਿ ਦਸੰਬਰ 2021 ਵਿੱਚ ਵਕੀਲ ਭਾਈਚਾਰੇ ਨਾਲ ਕੀਤੇ ਗਏ ਹਰ ਵਾਅਦੇ ਪੂਰੇ ਕੀਤੇ ਜਾਣ। ਕਿਉਂਕਿ ਪੰਜਾਬ ਦਾ ਵਕੀਲ ਭਾਈਚਾਰਾ ਮਾਨ, ਪਾਰਦਰਸ਼ਤਾ ਤੇ ਜਵਾਬਦੇਹੀ ਦਾ ਹੱਕਦਾਰ ਹੈ।

# ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਬੋਪਾਰਾਏ ਵਾਲਿਆ ਦਾ ਹਾਲ ਚਾਲ ਜਾਨਣ ਲਈ ਸੰਤ ਮਹਾਂਪੁਰਸ਼ ਪਹੁੰਚੇ



**ਚੌਕ ਮਹਿਤਾ,31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਬੋਪਾਰਾਏ ਵਾਲਿਆ ਜੋ ਪਿਛੱਲੇ ਦਿੱਨੀ ਸਿਹਤ ਖਰਾਬ ਹੋਈ ਸੀ ਉਨ੍ਹਾਂ ਦਾ ਹਾਲ ਚਾਲ ਪੁੱਛਣ ਲਈ ਧੰਨ ਧੰਨ ਸ਼੍ਰੀ ਗੁਰੂ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲੇ ਅਤੇ ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ ਵਾਲਿਆਂ ਸਭ ਤੋਂ ਪਹਿਲਾਂ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਨੇ ਵਾਹਿਗੁਰੂ ਜੀ ਨਾਮ ਜਪਿਆ ਫਿਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨਾਂ ਵਿੱਚ ਸੰਤ ਬਾਬਾ ਸੱਜਣ ਸਿੰਘ ਜੀ ਤੰਦਰੁਸਤੀ ਦੀ ਅਰਦਾਸ ਬੇਨਤੀ ਕੀਤੀ। ਇਸ ਮੌਕੇ ਤੇ ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ ਵਾਲੇ,ਬਾਬਾ ਸੁਖਵੰਤ ਸਿੰਘ ਚੰਨਣਕੇ, ਚੇਅਰਮੈਨ ਸਿੰਕਦਰ ਸਿੰਘ ਖਿਦੋਵਾਲੀ, ਪ੍ਰਿਸੀਪਲ ਗੁਰਸੇਵਕ ਸਿੰਘ ਹਰਪ੍ਰੀਤ ਸਿੰਘ ਵਿੱਕੀ ਬਟਾਲਾ, ਰਣਜੀਤ ਸਿੰਘ ਰਾਣਾ ਬਾਠ ਬਾਬੋਵਾਲ, ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ ਬਾਬਾ ਰਾਜਾ ਬੁਲਾਰੀਆ, ਭਾਈ ਜਸਾ ਸਿੰਘ, ਭਾਈ ਜਗਰੂਪ ਸਿੰਘ ਬੋਪਾਰਾਏ, ਆਦਿ ਬਹੁਤ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸਾਥੀ ਸੁਖਚੈਨ ਸਿੰਘ ਖਹਿਰਾ ਦੀ ਸਕੱਤਰੇਤ ਤੋਂ ਕੀਤੀ ਬਦਲੀ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ

**ਹੁਸ਼ਿਆਰਪੁਰ, 31 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾਂ ਮੁਲਾਜ਼ਮ ਮੰਚ ਤੇ ਅਧਾਰਤ ਬਣੀ ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂ ਸਾਥੀ ਸੁਖਚੈਨ ਸਿੰਘ ਖਹਿਰਾ ਦੀ ਬਦਲੇ ਦੀ ਭਾਵਨਾ ਨਾਲ ਕੀਤੀ ਨਜਾਇਜ਼ ਬਦਲੀ ਦੀ ਸਾਂਝੀ ਤਾਲਮੇਲ ਕਮੇਟੀ ਦੇ ਆਗੂਆਂ ਵੱਲੋਂ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਸਾਂਝੀ ਤਾਲਮੇਲ ਕਮੇਟੀ ਦੇ ਪ੍ਰਮੁੱਖ ਆਗੂਆਂ ਸਰਵ ਸ਼੍ਰੀ ਸਤੀਸ਼ ਰਾਣਾ, ਗੁਰਨਾਮ ਸਿੰਘ ਵਿਰਕ, ਰਣਜੀਤ ਸਿੰਘ ਰਾਣਵਾ, ਸੁਸ਼ੀਲ ਕੁਮਾਰ ਫੌਜੀ, ਕਰਮ ਸਿੰਘ ਧਨੋਆ, ਹਰਜਿੰਦਰ ਸਿੰਘ ਪੰਨੂ, ਜਰਮਨਜੀਤ ਸਿੰਘ, ਮਨਪ੍ਰੀਤ ਸਿੰਘ, ਰਕੇਸ਼ ਕੁਮਾਰ, ਭਜਨ ਸਿੰਘ ਗਿੱਲ, ਐਨ ਕੇ ਕਲਸੀ, ਮਨਜੀਤ ਸਿੰਘ ਬਾਸਰਕੇ, ਤਰਸੇਮ ਸਿੰਘ ਭੱਠਲ, ਕੁਲਵਿੰਦਰ ਸਿੰਘ ਢਿੱਲੋ, ਸੁਖਦੇਵ ਸਿੰਘ ਸੈਣੀ, ਗੁਰਸ਼ਰਨ ਸਿੰਘ ਹੁੰਦਲ, ਗਗਨਦੀਪ ਸਿੰਘ ਭੁੱਲਰ, ਦੀਦਾਰ ਸਿੰਘ ਚੋਕਰ, ਅਮਰੀਕ ਸਿੰਘ ਕੰਗ, ਦਿਲਪ੍ਰੀਤ ਸਿੰਘ, ਦਿਗਵਿਜੇ ਪਾਲ ਸ਼ਰਮਾ, ਹਰਨੇਕ ਸਿੰਘ, ਅਵਤਾਰ ਸਿੰਘ ਕੈਂਥ, ਰਘਵੀਰ ਸਿੰਘ ਬਡਵਾਲ , ਜਗਦੀਸ਼ ਸਿੰਘ ਚਾਹਲ, ਰਾਧੇ ਸ਼ਾਮ, ਜਸਵੀਰ ਸਿੰਘ ਤਲਵਾੜਾ, ਕਰਮਜੀਤ ਸਿੰਘ ਬੀਹਲਾ ਅਤੇ ਬੋਬਿੰਦਰ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਬਦਲੇ ਦੀ ਭਾਵਨਾ ਨਾਲ ਪੰਜਾਬ ਸਿਵਲ ਸਕੱਤਰੇਤ ਸਾਂਝੀ ਐਕਸ਼ਨ ਕਮੇਟੀ ਦੇ ਪ੍ਰਧਾਨ, ਸਾਂਝਾ ਮੁਲਾਜ਼ਮ ਮੰਚ, ਪੰਜਾਬ ਦੇ ਮੁੱਖ ਕੋਆਰਡੀਨੇਟਰ ਅਤੇ ਸਾਂਝੀ ਤਾਲਮੇਲ ਕਮੇਟੀ ਤੇ ਪ੍ਰਮੁੱਖ ਆਗੂ ਸਾਥੀ ਸੁਖਚੈਨ ਸਿੰਘ ਖਹਿਰਾ ਦੀ ਸਕੱਤਰੇਤ 1 ਚੰਡੀਗੜ੍ਹ ਤੋਂ ਬਦਲ ਕੇ ਸੈਕਟਰ 33 ਚੰਡੀਗੜ੍ਹ ਵਿਖੇ ਲਗਾ ਦਿੱਤਾ ਹੈ।

ਸਿੱਖਿਆ ਦੇ ਖੇਤਰ ਵਿੱਚ ਬੇਹਤਰੀਨ ਸੇਵਾਵਾਂ ਨਿਭਾਉਣ ਤੇ ਸਰਹੱਦ- ਏ -ਪੰਜਾਬ ਸਪੋਰਟਸ ਕਲੱਬ ਵੱਲੋਂ ਸੇਂਟ ਸੋਲਜਰ ਸਕੂਲ ਦੇ

# ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ




**ਜੰਡਿਆਲਾ ਗੁਰੂ, 31 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਬੜੀ ਹੀ ਖੁਸ਼ੀ ਤੇ ਮਾਣ ਵਾਲਾ ਮਾਹੌਲ ਬਣ ਗਿਆ ।ਜਦੋਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਡਾ.ਅਮਰਪ੍ਰੀਤ ਕੌਰ ਜੀ ਨੂੰ ਉਹਨਾਂ ਦੀਆਂ ਸਿੱਖਿਆ ਦੇ ਖੇਤਰ ਵਿੱਚ ਬਿਹਤਰ ਸੇਵਾਵਾਂ ਦੇਣ ਬਦਲੇ ਲਾਈਫ ਟਾਈਮ ਅਚੀਵਮੈਂਟ ਅਵਾਰਡ ਦੇ ਨਾਲ ਸਨਮਾਨਿਤ ਕੀਤਾ ਗਿਆ। ਇਹ ਪੁਰਸਕਾਰ ਸਰਹੱਦ- ਏ -ਪੰਜਾਬ ਸਪੋਰਟਸ ਕਲੱਬ ਰਜਿ,ਅੰਮ੍ਰਿਤਸਰ ਦੇ 25 ਵੇਂ ਸਿਲਵਰ ਜੁਬਲੀ ਸਮਾਰੋਹ ਤੇ ਦਿੱਤਾ ਗਿਆ।। ਇਸ ਸਮਾਰੋਹ ਵਿੱਚ ਵੱਖ ਵੱਖ ਵਰਗਾਂ ਦੇ ਜਿਵੇਂ ਖੇਡਾਂ, ਸਿੱਖਿਆ ਅਤੇ ਹੋਰ ਸਮਾਜਿਕ ਕੰਮਾਂ ਵਿੱਚ ਬਿਹਤਰੀਨ ਸੇਵਾਵਾਂ ਦੇਣ ਬਦਲੇ ਪੁਰਸਕਾਰ ਦਿੱਤੇ ਗਏ।ਜਿਸ ਤਹਿਤ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੂੰ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ, ਦੂਰਦਰਸ਼ੀ ਅਗਵਾਈ, ਅਣਥੱਕ ਯਤਨਾ ਅਤੇ ਆਧੁਨਿਕ ਤਰੀਕੇ ਨਾਲ ਪੜ੍ਹਾਈ ਦੇ ਵੱਖ ਵੱਖ ਪਹਿਲੂਆਂ ਤੋਂ ਵਿਦਿਆਰਥੀਆਂ ਨੂੰ ਜਾਣਕਾਰੀ ਦੇਣਾ, ਅਤੇ ਪੁਰਜੋਰ ਯਤਨ ਕਰਨਾ ਕਿ ਵਿਦਿਆਰਥੀ ਆਪਣੇ ਭਵਿੱਖ ਉਜਵਲ ਕਰਨ। ਤੇ ਤਹਿਤ ਅਵਾਰਡਾਂ ਨਾਲ ਸਨਮਾਨਿਤ ਕੀਤਾ ਗਿਆ। ਸਕੂਲ ਦੇ ਸਾਰੇ ਸਟਾਫ ਮੈਨੇਜਮੈਂਟ ਅਤੇ ਬੱਚਿਆਂ ਨੇ ਬੜੀ ਹੀ ਗਰਮ ਜੋਸ਼ੀ ਅਤੇ ਖੁਸ਼ੀ ਭਰੇ ਮਾਹੌਲ ਦੇ ਵਿੱਚ ਉਹਨਾਂ ਦਾ ਸਵਾਗਤ ਕੀਤਾ ਅਤੇ ਇਹ ਅਵਾਰਡ ਮਿਲਣ ਤੇ ਭਰਪੂਰ ਖੁਸ਼ੀ ਦਾ ਇਜ਼ਹਾਰ ਕੀਤਾ। ਵਰਨ ਯੋਗ ਹੈ ਕਿ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਪਿਛਲੇ 45 ਸਾਲ ਤੋਂ ਅਧਿਆਪਨ ਖੇਤਰ ਦੇ ਨਾਲ ਜੁੜੇ ਹੋਏ ਹਨ ਅਤੇ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ 30 ਸਾਲਾਂ ਤੋਂ ਲਗਾਤਾਰ ਸਿੱਖਿਆ ਦੇ ਖੇਤਰ ਵਿੱਚ ਆਪਣੀਆਂ ਬੇਹਤਰੀਨ ਸੇਵਾਵਾਂ ਦੇ ਰਹੇ ਹਨ। ਇਸ ਮੌਕੇ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਸਿੱਖਿਆ ਹੀ ਇੱਕ ਅਜਿਹਾ ਰਸਤਾ ਹੈ ਜਿਸ ਤੇ ਚੱਲ ਕੇ ਤੁਸੀਂ ਆਪਣੀ ਜ਼ਿੰਦਗੀ ਨੂੰ ਖੁਸ਼ਹਾਲ ਬਣਾ ਸਕਦੇ ਹੋ ਬਸ ਲਗਨ ਮਿਹਨਤ ਅਤੇ ਇਮਾਨਦਾਰੀ ਨਾਲ ਪੜਾਈ ਕਰੋ ਅਤੇ ਜਿੰਦਗੀ ਦੇ ਬਿਹਤਰੀਨ ਮੁਕਾਮ ਤੇ ਪਹੁੰਚੋ। ਡਾਕਟਰ ਪ੍ਰਿੰਸੀਪਲ ਅਮਰਪ੍ਰੀਤ ਕੌਰ ਜੀ ਨੇ ਇਸ ਅਵਾਰਡ ਨੂੰ ਸਮੂਹ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਮਰਪਿਤ ਕਰਦੇ ਹੋਏ ਕਿਹਾ ਕਿ ਜੋ ਵੀ ਕੰਮ ਕਰੋ ਉਸ ਵਿੱਚ ਮਿਹਨਤ ਅਤੇ ਇੱਛਾ ਸ਼ਕਤੀ ਹੋਵੇ ਤਾਂ ਸਫਲਤਾ ਤੁਹਾਡੇ ਜਰੂਰ ਕਦਮ ਚੁੰਮਦੀ ਹੈ।। ਉਹਨਾਂ ਕਿਹਾ ਕਿ ਕੰਮ ਹੀ ਪੂਜਾ ਹੈ ਦੇ ਸਿਧਾਂਤ ਤੇ ਚੱਲ ਕੇ ਤੁਸੀਂ ਆਪਣੀ ਜ਼ਿੰਦਗੀ ਨੂੰ ਸਫਲ ਬਣਾ ਸਕਦੇ ਹੋ। ਇਸ ਮੌਕੇ ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ, ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਖਾਲਸਾ ਕਾਲਜ ਮਹਿਤਾ ਬੀ.ਸੀ.ਏ. ਤੇ ਬੀ.ਕਾਮ ਦੇ ਵਿਦਿਆਰਥੀਆਂ ਨੇ

# ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਮਾਰੀਆਂ ਮੱਲਾਂ



**ਚੌਕ ਮਹਿਤਾ,31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਬੀ.ਸੀ.ਏ. ਤੇ ਬੀ.ਕਾਮ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ। ਜਿਸ ਵਿੱਚ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਕਾਲਜ ਦੀਆਂ ਹੋਣਹਾਰ ਵਿਦਿਆਰਥਣਾਂ ਰੋਸ਼ਨੀ 80% ਦਮਨਪ੍ਰੀਤ ਕੌਰ 77% ਅਤੇ ਅਭੀਜੋਤ ਕੌਰ 75% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ।ਬੀ.ਕਾਮ ਦੀ ਹਰਲੀਨ ਕੌਰ 80%, ਨਵਦੀਪ ਕੌਰ 79%, ਸੁਮਨਪ੍ਰੀਤ ਕੌਰ ਸਿਮਰਨਪ੍ਰੀਤ ਕੌਰ, ਜੈਸਮੀਨ ਕੌਰ, ਸ਼ਰਨਜੀਤ ਕੌਰ 78% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਿਲ ਕੀਤਾ। ਇਸ ਤੋਂ ਇਲਾਵਾ ਕਿਰਨਪ੍ਰੀਤ ਕੌਰ, ਪਵਨਪ੍ਰੀਤ ਕੌਰ, ਗੁਰਤੇਜ ਸਿੰਘ , ਸੁਮਨਪ੍ਰੀਤ ਕੌਰ, ਨਵਪ੍ਰੀਤ ਕੌਰ ਦਾ ਪ੍ਰਦਰਸ਼ਨ ਵੀ ਸ਼ਲਾਘਾਯੋਗ ਰਿਹਾ। ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ। ਤੁਸੀ ਕਾਲਜ ਦਾ ਮਾਣ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ। ਉਹਨਾਂ ਨੇ ਵਿਦਿਆਰਥੀਆਂ ਨੂੰ ਅਗਾਂਹ ਭਵਿੱਖ ਵਿੱਚ ਹੋਰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ। ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸ:ਸੁਖਦੇਵ ਸਿੰਘ, ਮੈਡਮ ਕੁਲਦੀਪ ਕੌਰ, ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਰੁਪਿੰਦਰ ਕੌਰ,,ਬਲਜੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

# ਮਿਸ਼ਨ 'ਕਲੀਨ ਪੰਜਾਬ' ਨਾਲ ਬਦਲ ਰਹੀ ਨਗਰ ਕੌਂਸਲ ਸੰਗਤ ਦੀ ਨੁਹਾਰ- ਗੋਪਾਲ ਸਿੰਘ



ਬਠਿੰਡਾ, 31 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਦੇ ਆਦੇਸ਼ਾਂ ਤੇ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਸੁਰੂ ਕੀਤੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਤਹਿਤ ਵੱਖ-ਵੱਖ ਸ਼ਹਿਰ ਸਾਫ ਦਿਖਾਈ ਦੇ ਰਹੇ ਹਨ। ਇਹਨਾਂ ਸਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਤੇ ਇੰਚਾਰਜ ਸ੍ਰੀ ਗੋਪਾਲ ਸਿੰਘ ਨੇ ਨਗਰ ਕੌਂਸਲ ਸੰਗਤ ਮੰਡੀ ਦੇ ਵੱਖ-ਵੱਖ ਵਾਰਡਾਂ ਵਿੱਚ ਸਫ਼ਾਈ ਅਭਿਆਨ ਦੌਰਾਨ ਕੀਤਾ। ਉਹਨਾਂ ਕਿਹਾ ਕਿ ਨਗਰ ਕੌਂਸਲ ਸੰਗਤ ਮੰਡੀ ਦੇ ਦਾਇਰੇ ਅਧੀਨ ਆਉਂਦੇ ਵੱਖ-ਵੱਖ ਵਾਰਡਾਂ ਵਿੱਚ ਸਫ਼ਾਈ ਵਿਵਸਥਾ ਨੂੰ ਪੁਖ਼ਤਾ ਕਰਨ ਅਤੇ ਸ਼ਹਿਰ ਵਾਸੀਆਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿੱਢੀ ਗਈ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਦੇ ਸਾਰਥਕ ਨਤੀਜੇ ਸਾਹਮਣੇ ਆ ਰਹੇ ਹਨ। ਇਸੇ ਲੜੀ ਤਹਿਤ ਅੱਜ ਤੀਜੇ ਦਿਨ ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਤੇ ਇੰਚਾਰਜ ਸ੍ਰੀ ਗੋਪਾਲ ਸਿੰਘ ਵਲੋਂ ਨਗਰ ਕੌਂਸਲ ਸੰਗਤ ਮੰਡੀ ਦੇ ਕੋਨੇ-ਕੋਨੇ ਵਿੱਚ ਸਫ਼ਾਈ ਕਾਰਜਾਂ ਨੂੰ ਹੋਰ ਹੁਲਾਰਾ ਦਿੱਤਾ ਗਿਆ। ਸਵੇਰ ਤੋਂ ਹੀ ਨਗਰ ਕੌਂਸਲ ਦੀਆਂ ਟੀਮਾਂ ਅਤੇ ਸਫ਼ਾਈ ਸੇਵਕ ਵੱਖ-ਵੱਖ ਇਲਾਕਿਆਂ ਵਿੱਚੋਂ ਕੂੜਾ-ਕਰਕਟ ਚੁੱਕਣ, ਢੇਰਾਂ ਦੇ ਨਿਪਟਾਰੇ ਅਤੇ ਸੜਕਾਂ-ਗਲੀਆਂ ਦੀ ਬਾਰੀਕੀ ਨਾਲ ਸਫ਼ਾਈ ਕਰਨ ਲਈ ਪੂਰੀ ਤਨਦੇਹੀ ਨਾਲ ਸਰਗਰਮ ਨਜ਼ਰ ਆਏ।

# ਸਧਾਰਨ ਪਰਿਵਾਰਾਂ ਦੇ 5 ਹੋਣਹਾਰ ਬੱਚਿਆਂ ਨੇ ਐਨਆਈਟੀ ਸਮੇਤ ਉੱਚ ਸਿੱਖਿਆ ਸੰਸਥਾਵਾਂ 'ਚ ਬਣਾਈ ਥਾਂ

## ਮਜ਼ਦੂਰ ਪਰਿਵਾਰ ਦਾ ਪੁੱਤਰ ਬਣੇਗਾ ਏਆਈ ਇੰਜੀਨੀਅਰ, ਇੱਕ ਏਕੜ ਜ਼ਮੀਨ ਵਾਲੇ ਪਰਿਵਾਰ ਦਾ ਪੁੱਤਰ ਐਨਆਈਟੀ ਜਲੰਧਰ ਪਹੁੰਚਿਆ



ਤਲਵੰਡੀ ਸਾਬੋ, 31 ਅਗਸਤ (ਗੁਰਜੰਟ ਸਿੰਘ ਨਥੇਹਾ)- ਆਰਥਿਕ ਤੰਗੀ ਕਾਰਨ ਮਹਿੰਗੀ ਕੋਚਿੰਗ ਤੋਂ ਵਾਂਝੇ ਰਹਿਣ ਵਾਲੇ ਪੰਜਾਬ ਦੇ 5 ਹੋਣਹਾਰ ਵਿਦਿਆਰਥੀਆਂ ਨੇ ਐਚਐਮਈਐਲ ਅਤੇ ਸੀਐਸਆਰਐਲ ਦੀ ਸਾਂਝੇਦਾਰੀ ਨਾਲ ਚਲਾਏ ਜਾ ਰਹੇ ਨੈਸ਼ਨਲ ਸੁਪਰ 100 ਪ੍ਰੋਗਰਾਮ ਤਹਿਤ ਮੁਫ਼ਤ ਜੇਈਈ ਕੋਚਿੰਗ ਪ੍ਰਾਪਤ ਕਰਕੇ ਐਨਆਈਟੀ ਸਮੇਤ ਦੇਸ਼ ਦੇ ਪ੍ਰਸਿੱਧ ਉੱਚ ਸਿੱਖਿਆ ਸੰਸਥਾਨਾਂ ਵਿੱਚ ਦਾਖਲਾ ਹਾਸਲ ਕੀਤਾ ਹੈ। ਫਾਜ਼ਿਲਕਾ ਦੇ ਅਭੈ ਸਾਮਾ ਅਤੇ ਅਬੋਹਰ ਦੇ ਅਜੈ ਕੁਮਾਰ ਦਾ ਐਨਆਈਟੀ ਜਲੰਧਰ ਵਿੱਚ ਕ੍ਰਮਵਾਰ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਅਤੇ ਸਿਵਲ ਇੰਜੀਨੀਅਰਿੰਗ ਵਿੱਚ ਦਾਖਲਾ ਹੋਇਆ ਹੈ। ਪਿੰਡ ਪੂਹਲੀ ਦੇ ਪ੍ਰਭਜੋਤ ਸਿੰਘ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ, ਫਾਜ਼ਿਲਕਾ ਦੀ ਕ੍ਰਿਸ਼ਨਾ ਬਾਈ ਨੇ ਸਰਕਾਰੀ ਗੁਰੂ ਨਾਨਕ ਇੰਜੀਨੀਅਰਿੰਗ ਕਾਲਜ ਵਿੱਚ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਅਤੇ ਬਠਿੰਡਾ ਦੇ ਅਨਮੋਲਪ੍ਰੀਤ ਸਿੰਘ ਨੇ ਪੰਜਾਬ ਯੂਨੀਵਰਸਿਟੀ ਦੇ ਯੂਨੀਵਰਸਿਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿੱਚ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਲਈ ਦਾਖਲਾ ਲਿਆ ਹੈ। ਸਾਲ 2025 ਵਿੱਚ ਨੈਸ਼ਨਲ ਸੁਪਰ 100 ਦੀ ਦਾਖਲਾ ਪ੍ਰੀਖਿਆ ਰਾਹੀਂ ਇਨ੍ਹਾਂ ਵਿਦਿਆਰਥੀਆਂ ਦੀ ਚੋਣ ਕੀਤੀ ਗਈ ਸੀ। ਇਸ ਤੋਂ ਬਾਅਦ ਉਨ੍ਹਾਂ ਨੂੰ ਦਿੱਲੀ ਸਥਿਤ ਸੀਐਸਆਰਐਲ ਕੇਂਦਰ ਵਿਖੇ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਕੋਚਿੰਗ ਦਿੱਤੀ ਗਈ, ਜਿੱਥੇ ਤਜਰਬੇਕਾਰ ਅਧਿਆਪਕਾਂ ਦੀ ਰਹਿਨੁਮਾਈ ਹੇਠ ਜੇਈਈ ਮੇਨਜ਼ ਅਤੇ ਐਡਵਾਂਸ ਦੀ ਤਿਆਰੀ ਕਰਵਾਈ ਗਈ। ਇਸ ਪਹਿਲਕਦਮੀ ਰਾਹੀਂ ਪਿਛਲੇ ਚਾਰ ਸਾਲਾਂ ਦੌਰਾਨ ਹੁਣ ਤੱਕ 14 ਵਿਦਿਆਰਥੀ ਐਨਆਈਟੀ, ਆਈਆਈਟੀ ਸਮੇਤ ਵੱਖ-ਵੱਖ ਪ੍ਰਸਿੱਧ ਇੰਜੀਨੀਅਰਿੰਗ ਸੰਸਥਾਨਾਂ ਵਿੱਚ ਦਾਖਲਾ ਹਾਸਲ ਕਰ ਚੁੱਕੇ ਹਨ। ਫਾਜ਼ਿਲਕਾ ਦੇ ਪਿੰਡ ਜੰਡਵਾਲਾ ਵਾਸੀ ਅਭੈ ਸਾਮਾ ਦੇ ਪਰਿਵਾਰ ਕੋਲ ਸਿਰਫ਼ ਇੱਕ ਏਕੜ ਜ਼ਮੀਨ ਹੈ। ਉਸਦੇ ਪਿਤਾ ਗੰਭੀਰ ਬਿਮਾਰੀ ਨਾਲ ਜੂਝ ਰਹੇ ਹਨ ਅਤੇ ਪਰਿਵਾਰ ਦੀ ਜ਼ਿੰਮੇਵਾਰੀ ਮੁੱਖ ਤੌਰ 'ਤੇ ਉਸਦੀ ਮਾਤਾ ਦੇ ਮੋਢਿਆਂ 'ਤੇ ਹੈ। ਅਜਿਹੇ ਹਾਲਾਤ ਵਿੱਚ ਮਹਿੰਗੀ ਕੋਚਿੰਗ ਲੈਣਾ ਪਰਿਵਾਰ ਲਈ ਸੰਭਵ ਨਹੀਂ ਸੀ। ਨੈਸ਼ਨਲ ਸੁਪਰ 100 ਪ੍ਰੋਗਰਾਮ ਰਾਹੀਂ ਮੁਫ਼ਤ ਕੋਚਿੰਗ ਮਿਲਣ ਤੋਂ ਬਾਅਦ ਅਭੈ ਨੇ ਸਖ਼ਤ ਮਿਹਨਤ ਕੀਤੀ ਅਤੇ ਐਨਆਈਟੀ ਜਲੰਧਰ ਵਿੱਚ ਇਲੈਕਟ੍ਰਾਨਿਕਸ ਇੰਜੀਨੀਅਰਿੰਗ ਵਿੱਚ ਦਾਖਲਾ ਹਾਸਲ ਕੀਤਾ। ਪਿੰਡ ਪੂਹਲੀ ਦੇ ਪ੍ਰਭਜੋਤ ਸਿੰਘ ਦੇ ਪਿਤਾ ਮਜ਼ਦੂਰੀ ਕਰਦੇ ਹਨ। ਪਰਿਵਾਰ ਦੀ ਆਰਥਿਕ ਸਥਿਤੀ ਕਾਰਨ ਮਹਿੰਗੀ ਕੋਚਿੰਗ ਲੈਣਾ ਮੁਸ਼ਕਲ ਸੀ। ਨੈਸ਼ਨਲ ਸੁਪਰ 100 ਤਹਿਤ ਦਿੱਲੀ ਵਿੱਚ ਮਿਲੀ ਮੁਫ਼ਤ ਕੋਚਿੰਗ ਅਤੇ ਮਾਰਗਦਰਸ਼ਨ ਨੇ ਉਸਦੇ ਸੁਪਨੇ ਨੂੰ ਮੰਜ਼ਿਲ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਹੁਣ ਪ੍ਰਭਜੋਤ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਲਈ ਦਾਖਲਾ ਹੋਇਆ ਹੈ। ਨੈਸ਼ਨਲ ਸੁਪਰ 100 ਪ੍ਰੋਗਰਾਮ ਤਹਿਤ 2026-27 ਲਈ 10 ਵਿਦਿਆਰਥੀਆਂ ਦੀ 11 ਮਹੀਨੇ ਦੀ ਮੁਫ਼ਤ ਰਿਹਾਇਸ਼ੀ ਜੇਈਈ ਕੋਚਿੰਗ ਲਈ ਚੋਣ ਕੀਤੀ ਗਈ ਹੈ। ਇਨ੍ਹਾਂ ਵਿੱਚ ਬਠਿੰਡਾ ਦੇ ਪਿੰਡ ਘੁੱਦਾ ਤੋਂ ਮਹਿਕ, ਸੰਗਰੂਰ ਦੇ ਮੂਲੋਵਾਲ ਤੋਂ ਵਾਰਿਸ ਸਿੰਘ, ਫਾਜ਼ਿਲਕਾ ਦੇ ਲੱਖੇਵਾਲੀ ਢਾਬ ਤੋਂ ਨਰਿੰਦਰ ਸਿੰਘ, ਮਲੋਟ ਤੋਂ ਰਾਜਨਦੀਪ ਕੌਰ, ਫਾਜ਼ਿਲਕਾ ਦੇ ਹਲੀਮਵਾਲਾ ਤੋਂ ਕਿਰਨ ਰਾਣੀ, ਬਠਿੰਡਾ ਤੋਂ ਯਾਸ਼ਿਕਾ, ਗੁਰੂਹਰਸਹਾਏ ਤੋਂ ਨਵਨੀਤ ਕੌਰ, ਲਹਿਰਾ ਮੁਹੱਬਤ ਤੋਂ ਸੁਖਮਨੀ ਕੌਰ, ਬਠਿੰਡਾ ਵਾਸੀ ਲਵਲੀਨ ਅਤੇ ਹਰਰਾਇਪੁਰ ਤੋਂ ਦਿਲਪ੍ਰੀਤ ਕੌਰ ਸ਼ਾਮਲ ਹਨ। ਇਹ ਵਿਦਿਆਰਥੀ ਦਿੱਲੀ ਵਿੱਚ ਰਹਿ ਕੇ ਜੇਈਈ ਦੀ ਤਿਆਰੀ ਕਰਨਗੇ ਅਤੇ ਦੇਸ਼ ਦੇ ਪ੍ਰਮੁੱਖ ਤਕਨੀਕੀ ਸੰਸਥਾਨਾਂ ਵਿੱਚ ਦਾਖਲੇ ਲਈ ਪ੍ਰੀਖਿਆ ਦੇਣਗੇ।

ਅਕਾਲ ਯੂਨੀਵਰਸਿਟੀ ਵਿਖੇ

# ਵੋਟਰ ਜਾਗਰੂਕਤਾ ਤੇ ਰਜਿਸਟ੍ਰੇਸ਼ਨ ਕੈਂਪ ਦਾ ਸਫਲ ਆਯੋਜਨ






**ਤਲਵੰਡੀ ਸਾਬੋ, 31 ਅਗਸਤ (ਗੁਰਜੰਟ ਸਿੰਘ ਨਥੇਹਾ)**-ਸਵੀਪ ਟੀਮ ਤਲਵੰਡੀ ਸਾਬੋ ਵੱਲੋਂ ਅਕਾਲ ਯੂਨੀਵਰਸਿਟੀ ਵਿਖੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐਸ.ਡੀ.ਐਮ. ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ ਦੀ ਅਗਵਾਈ ਹੇਠ, ਇੱਕ ਵਿਸ਼ੇਸ਼ ਵੋਟਰ ਜਾਗਰੂਕਤਾ ਅਤੇ ਰਜਿਸਟ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦੌਰਾਨ ਸਵੀਪ ਨੋਡਲ ਅਫ਼ਸਰ ਸ੍ਰੀ ਮਦਨ ਲਾਲ ਛਾਬੜਾ ਦੀ ਦੇਖ-ਰੇਖ ਹੇਠ ਵਿਦਿਆਰਥਣਾਂ ਨੂੰ ਲੋਕਤੰਤਰ ਵਿੱਚ ਵੋਟ ਦੀ ਮਹੱਤਤਾ ਅਤੇ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ 'ECINET' ਐਪ ਦੀ ਵਰਤੋਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਰਾਹੀਂ ਘਰ ਬੈਠੇ ਹੀ ਨਵੀਂ ਵੋਟ ਬਣਾਉਣ, ਵੋਟਰ ਸੂਚੀ ਵਿੱਚ ਨਾਮ ਚੈੱਕ ਕਰਨ ਅਤੇ ਹੋਰ ਚੋਣ ਸੇਵਾਵਾਂ ਦਾ ਲਾਭ ਲਿਆ ਜਾ ਸਕਦਾ ਹੈ। ਇਸ ਤੋਂ ਇਲਾਵਾ ਨਵੇਂ ਵੋਟਰਾਂ ਲਈ ਫਾਰਮ-6 ਅਤੇ ਵੇਰਵਿਆਂ ਵਿੱਚ ਸੋਧ ਲਈ ਫਾਰਮ-8 ਭਰਨ ਦੀ ਪ੍ਰਕਿਰਿਆ ਵਿਸਥਾਰ ਨਾਲ ਸਮਝਾਈ ਗਈ। ਇਸ ਮੌਕੇ ਟੀਮ ਮੈਂਬਰ ਪਰਮਪ੍ਰੀਤ ਮੈਡਮ, ਪੂਜਾ ਗਰੋਵਰ, ਪੱਪੂ ਕੌਰ ਮੈਡਮ ਅਤੇ ਜਗਦੀਪ ਸਿੰਘ ਨੇ ਨੌਜਵਾਨਾਂ ਨੂੰ ਜ਼ਿੰਮੇਵਾਰ ਵੋਟਰ ਬਣਨ ਦਾ ਸੱਦਾ ਦਿੱਤਾ। ਮਾਸਟਰ ਟ੍ਰੇਨਰ ਭਿੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਆਸ-ਪਾਸ ਦੇ ਯੋਗ ਨਾਗਰਿਕਾਂ ਨੂੰ ਵੀ ਵੋਟਰ ਵਜੋਂ ਰਜਿਸਟਰ ਹੋਣ ਲਈ ਉਤਸ਼ਾਹਿਤ ਕਰਨ। ਸਵੀਪ ਟੀਮ ਵੱਲੋਂ ਕੈਂਪ ਨੂੰ ਸਫ਼ਲ ਬਣਾਉਣ ਲਈ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਡੀਨ ਸਟੂਡੈਂਟਸ ਵੈਲਫੇਅਰ ਡਾ. ਜਨਪ੍ਰੀਤ ਸਿੰਘ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਦਾ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਚੰਨਣਕੇ ਤੋਂ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਦੀ ਅਗਵਾਈ ਹੇਠ

# ਮੁੱਖ ਮੰਤਰੀ ਤੀਰਥ ਯਾਤਰਾ ਸ੍ਰੀ ਆਨੰਦਪੁਰ ਸਾਹਿਬ ਜਥਾ ਰਵਾਨਾ



**ਚੌਕ ਮਹਿਤਾ, 31 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਲਈ ਤੀਰਥ ਯਾਤਰਾ ਆਰੰਭ ਕੀਤੀ ਗਈ ਸੀ ਅੱਜ ਉਸ ਲੜੀ ਤਹਿਤ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਵੱਲੋਂ ਪਿੰਡ ਚੰਨਣਕੇ ਦੇ ਨੋਜਵਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਚੰਨਣ ਜੀ ਤੋਂ ਅਰਦਾਸ ਬੇਨਤੀ ਕਰਕੇ ਸ੍ਰੀ ਆਨੰਦਪੁਰ ਸਾਹਿਬ ਜੀ ਜਥਾ ਰਵਾਨਾ ਹੋਇਆ। ਸੰਗਤਾਂ ਵਿੱਚ ਬਹੁਤ ਉਤਸ਼ਾਹ ਸੀ। ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸੰਗਤਾਂ ਨੇ ਅਸੀਸਾਂ ਦਿੱਤੀਆਂ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਕਿਹਾ ਕਿ ਤੀਰਥ ਯਾਤਰੂਆਂ ਨੂੰ ਕਿਸੇ ਵੀ ਪ੍ਰਕਾਰ ਦੀ ਕਮੀਂ ਨਹੀਂ ਆਉਂਦਿਆਗੇ। ਸੰਗਤਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼ਹੀਦ ਭਾਈ ਦਿਲਾਵਰ ਸਿੰਘ ਦੇ ਸ਼ਹਾਦਤ ਦਿਹਾੜੇ 'ਤੇ ਸਮਾਗਮ ਸਜਾਉਣ ਵਾਲੇ ਪ੍ਰਬੰਧਕਾਂ ਤੇ ਹਾਜ਼ਰੀ ਭਰਨ ਵਾਲੀਆਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ: ਪੰਥਕ ਜੱਥੇਬੰਦੀਆਂ ਜਰਮਨੀ

### ਸ਼ਹੀਦ ਭਾਈ ਦਿਲਾਵਰ ਸਿੰਘ ਦੇ ਸ਼ਹਾਦਤ ਦਿਹਾੜੇ 'ਤੇ ਕੌਮੀ ਜਜ਼ਬੇ ਨੂੰ ਪ੍ਰਣਾਮ



**ਨਵੀਂ ਦਿੱਲੀ 31 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਸ਼ਾਂਤੀ ਦੇ ਦੂਤ, ਜ਼ੁਲਮ, ਜਬਰ ਅਤੇ ਬੇਇਨਸਾਫ਼ੀ ਦੀਆਂ ਜੜ੍ਹਾਂ ਹਿਲਾ ਕੇ ਕੌਮ ਲਈ ਸ਼ਹੀਦੀ ਦਾ ਜਾਮ ਪੀਣ ਵਾਲੇ ਅਮਰ ਸ਼ਹੀਦ ਭਾਈ ਦਿਲਾਵਰ ਸਿੰਘ ਦੇ ਸ਼ਹਾਦਤ ਦਿਹਾੜੇ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਦੇਸ਼-ਵਿਦੇਸ਼ ਦੇ ਵੱਖ-ਵੱਖ ਅਸਥਾਨਾਂ 'ਤੇ ਸ਼ਹੀਦੀ ਸਮਾਗਮ ਉਲੀਕਣ ਵਾਲੇ ਜੁਝਾਰੂ ਪ੍ਰਬੰਧਕਾਂ ਅਤੇ ਹਾਜ਼ਰੀ ਭਰ ਕੇ ਸ਼ਹੀਦਾਂ ਨੂੰ ਸੀਸ ਝੁਕਾਉਣ ਵਾਲੀਆਂ ਸਮੂਹ ਸੰਗਤਾਂ ਦਾ ਜਰਮਨੀ ਦੀਆਂ ਸਮੂਹ ਪੰਥਕ ਜੱਥੇਬੰਦੀਆਂ ਵੱਲੋਂ ਤਹਿ ਦਿਲੋਂ ਧੰਨਵਾਦ ਅਤੇ ਜ਼ੋਰਦਾਰ ਫ਼ਤਿਹ ਬੁਲਾਈ ਜਾਂਦੀ ਹੈ! ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਜਰਮਨੀ ਦੀਆਂ ਪੰਥਕ ਜੱਥੇਬੰਦੀਆਂ ਦੇ ਸਮੂਹ ਬੁਲਾਰਿਆਂ ਨੇ ਸਾਂਝੇ ਤੌਰ ਤੇ ਕਿਹਾ ਸ਼ਹੀਦਾਂ ਦੀ ਯਾਦ ਕੋਈ ਇੱਕ ਦਿਨ ਦੀ ਮਹਿਜ਼ ਰਸਮ ਨਹੀਂ, ਇਹ ਤਾਂ ਸਾਡੀਆਂ ਰਗਾਂ ਵਿੱਚ ਵਗਦੇ ਅਣਖੀਲੇ ਲਹੂ, ਸਿਦਕ, ਕੁਰਬਾਨੀ ਅਤੇ ਕੌਮੀ ਸੋਚ ਦੀ ਉਹ ਮਿਸਾਲ ਹੈ ਜਿਸ ਨੂੰ ਅਗਲੀ ਪੀੜ੍ਹੀ ਦੇ ਸੀਨੇ ਵਿੱਚ ਬਾਲ਼ ਕੇ ਰੱਖਣਾ ਸਾਡਾ ਇਤਿਹਾਸਕ ਫ਼ਰਜ਼ ਹੈ। ਸਾਡੇ ਅਮਰ ਸ਼ਹੀਦ ਸਿੰਘਾਂ, ਸਿੰਘਣੀਆਂ, ਭੁਜੰਗੀਆਂ ਅਤੇ ਬਜ਼ੁਰਗਾਂ ਦੇ ਪਵਿੱਤਰ ਲਹੂ ਨਾਲ ਲਿਖੇ ਗਏ ਅਣਖੀਲੇ ਇਤਿਹਾਸ ਦੀ ਅਸਲ ਤਸਵੀਰ ਨੂੰ ਵਿਸ਼ਵ ਦੇ ਕੋਨੇ-ਕੋਨੇ ਤੱਕ ਪਹੁੰਚਾਉਣਾ ਅੱਜ ਦੀ ਸਭ ਤੋਂ ਵੱਡੀ ਲੋੜ ਹੈ। ਓਨ੍ਹਾ ਕਿਹਾ ਪੰਥਕ ਜੱਥੇਬੰਦੀਆਂ ਜਰਮਨੀ ਇਹ ਪੂਰਨ ਆਸ ਕਰਦੀਆਂ ਹਨ ਕਿ ਸ਼ਹੀਦਾਂ ਦਾ ਡੁੱਲ੍ਹਿਆ ਇੱਕ-ਇੱਕ ਖ਼ੂਨ ਦਾ ਕਤਰਾ ਸਾਡੀ ਨਵੀਂ ਪੀੜ੍ਹੀ ਅੰਦਰ ਉਹ ਅੱਗ ਅਤੇ ਚਾਨਣ ਦੀ ਚਿੰਗਾਰੀ ਭਰੇਗਾ, ਜੋ ਸਾਡੀ ਨੌਜਵਾਨੀ ਨੂੰ ਆਪਣੇ ਗੌਰਵਮਈ ਇਤਿਹਾਸ, ਵਿਰਸੇ ਅਤੇ ਹੱਕਾਂ ਲਈ ਮਰ-ਮਿਟਣ ਦਾ ਜਜ਼ਬਾ ਦੇਵੇਗੀ। ਆਓ, ਗੁਲਾਮੀ ਦੀਆਂ ਜੰਜੀਰਾਂ ਨੂੰ ਵਿਚਾਰਧਾਰਕ, ਸ਼ਾਂਤਮਈ ਅਤੇ ਜਮਹੂਰੀ ਸੰਘਰਸ਼ ਰਾਹੀਂ ਤੋੜ ਕੇ, ਖ਼ਾਲਿਸਤਾਨ ਦੀ ਸਥਾਪਨਾ ਦੀ ਕੌਮੀ ਤਾਂਘ ਨੂੰ ਵਿਸ਼ਵ ਭਾਈਚਾਰੇ ਸਾਹਮਣੇ ਪੂਰੀ ਦ੍ਰਿੜ੍ਹਤਾ ਅਤੇ ਲੋਕਤੰਤਰਿਕ ਤਾਕਤ ਨਾਲ ਬੁਲੰਦ ਕਰੀਏ। ਸ਼ਹੀਦਾਂ ਦੀ ਯਾਦ ਨੂੰ ਸਿਰਫ਼ ਸਮਾਗਮਾਂ ਤੱਕ ਸੀਮਤ ਨਾ ਰੱਖਦਿਆਂ, ਉਨ੍ਹਾਂ ਦੇ ਅਸੂਲਾਂ, ਅਟੱਲ ਇਰਾਦਿਆਂ ਅਤੇ ਅਜ਼ੀਮ ਕੁਰਬਾਨੀਆਂ ਤੋਂ ਪ੍ਰੇਰਨਾ ਲੈ ਕੇ ਪੰਥਕ ਚੜ੍ਹਦੀ ਕਲਾ, ਹੱਕ-ਸੱਚ ਅਤੇ ਕੌਮੀ ਆਜ਼ਾਦੀ ਦੀ ਆਵਾਜ਼ ਨੂੰ ਹੋਰ ਪ੍ਰਚੰਡ ਕਰੀਏ—ਇਹੀ ਸਾਡੇ ਮਹਾਨ ਸ਼ਹੀਦਾਂ ਨੂੰ ਸੱਚੀ ਅਤੇ ਸੱਚੇ ਦਿਲੋਂ ਸਰਧਾਂਜਲੀ ਹੋਵੇਗੀ। ਇਸ ਮੌਕੇ ਜਰਮਨੀ ਦੀਆਂ ਪ੍ਰਮੁੱਖ ਪੰਥਕ ਜਥੇਬੰਦੀਆਂ ਦੇ ਆਗੂਆਂ ਵਿੱਚ ਬੱਬਰ ਖ਼ਾਲਸਾ ਜਰਮਨੀ ਦੇ ਜਥੇਦਾਰ ਭਾਈ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਦੇ ਪ੍ਰਧਾਨ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ, ਭਾਈ ਸੁਖਵਿੰਦਰ ਸਿੰਘ ਕਲੋਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਦੇ ਪ੍ਰਧਾਨ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਭਾਈ ਰਾਜਵਿੰਦਰ ਸਿੰਘ ਰਾਜੂ ਸ਼ਾਮਲ ਸਨ। ਆਗੂਆਂ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸਿਜਦਾ ਕਰਨਾ ਸਾਡੀ ਪੰਥਕ ਜ਼ਿੰਮੇਵਾਰੀ ਹੈ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਸਿੱਖ ਇਤਿਹਾਸ ਦੀ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਲਈ ਅਜਿਹੇ ਉਪਰਾਲੇ ਨਿਰੰਤਰ ਜਾਰੀ ਰਹਿਣੇ ਚਾਹੀਦੇ ਹਨ। ਸ਼ਹੀਦ ਭਾਈ ਦਿਲਾਵਰ ਸਿੰਘ - ਅਮਰ ਰਹੇ, ਪੰਥਕ ਚੜ੍ਹਦੀ ਕਲਾ - ਜ਼ਿੰਦਾਬਾਦ!

ਆਵਾਜ਼ਿ ਕੌਮ AWAZE QAUM International Newspaper & WEB TV

### ਸੁਨੀਤਾ ਗੋਇਲ ਦੀ ਅੰਤਿਮ ਅਰਦਾਸ ਤੇ ਭੇਂਟ ਕੀਤੀਆਂ ਭਾਵ ਭਿੰਨੀਆਂ ਸ਼ਰਧਾਂਜਲੀਆਂ



ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :— ਦੇਸ ਭਗਤ ਪਰਿਵਾਰ ਅਰੁਨ ਗੋਇਲ ਦੀ ਧਰਮ ਪਤਨੀ ਸੁਨੀਤਾ ਗੋਇਲ ਦੀ ਅੰਤਿਮ ਅਰਦਾਸ ਵਿੱਚ ਫ੍ਰੀਡਮ ਫਾਈਟਰ ਉਤਰਾਧਿਕਾਰੀ 196 ਦੇ ਆਗੂਆਂ ਨੇ ਸ਼ਿਰਕਤ ਕਰਕੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਦੀ ਅਰਦਾਸ ਬੇਨਤੀ ਕੀਤੀ। ਪਰਿਵਾਰ ਦਾ ਦੁੱਖ ਸਾਂਝਾ ਕਰਨ ਪੁੱਜੇ ਜੋਨ ਇੰਨਚਾਰਜ ਰਾਮ ਸਿੰਘ ਮਿੱਡਾ ਤੇ ਸਾਥੀਆਂ ਨੇ ਗੋਇਲ ਪਰਿਵਾਰ ਵੱਲੋਂ ਜਥੇਬੰਦੀ ਦੇ ਹਿੱਤ ਵਿਚ ਅਦਾ ਕੀਤੇ ਰੋਲ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਕੁਮਾਰ ਜਿੰਦਲ, ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ, ਹਰੀ ਸਿੰਘ, ਸੂਬਾ ਮੀਤ ਪ੍ਰਧਾਨ ਦਰਸਨ ਸਿੰਘ ਸੋਡੇ ਵਾਲਾ, ਸੁਖਦੇਵ ਸਿੰਘ ਸੰਧੂ ਪਰੀਵਾਰ ਅਤੇ ਸਮੂਹ ਰਿਸਤੇਦਾਰ ਹਾਜਰ ਸਨ।

### ਭੋਜੋਵਾਲੀ ਵਿਖੇ ਮੁੱਖ ਮੰਤਰੀ ਦੇ

# ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਭੋਜੋਵਾਲੀ ਵਿਖੇ ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਦੀ ਅਗਵਾਈ ਹੇਠ ਪਿੰਡ ਵਿੱਚ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਲਈ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪਿੰਡ ਭੋਜੋਵਾਲੀ ਵਿਖੇ ਖੇਡ ਸਟੇਡੀਅਮ ਦੇ ਉਦਘਾਟਨ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਦੱਸਿਆ ਕਿ ਇੱਥੇ 31 ਲੱਖ ਰੁਪਏ ਦੀ ਲਾਗਤ ਨਾਲ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਭਰ ਵਿੱਚ ਵੱਡੀ ਗਿਣਤੀ ਵਿੱਚ ਆਧੁਨਿਕ ਪੇਂਡੂ ਖੇਡ ਮੈਦਾਨ ਵਿਕਸਿਤ ਕੀਤੇ ਜਾ ਰਹੇ ਹਨ, ਜਿਸ ਤਹਿਤ ਧੂਰੀ ਹਲਕੇ ਵਿੱਚ ਵੀ ਨੌਜਵਾਨਾਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਖੇਡ ਮੈਦਾਨ ਸਿਰਫ਼ ਖੇਡਾਂ ਲਈ ਥਾਂ ਨਹੀਂ, ਸਗੋਂ ਨੌਜਵਾਨਾਂ ਨੂੰ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਦਾ ਪ੍ਰਭਾਵਸ਼ਾਲੀ ਸਾਧਨ ਹਨ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਅਤੇ ਨਵੇਂ ਬਣੇ ਖੇਡ ਮੈਦਾਨਾਂ ਦੀ ਸਾਂਭ-ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਪਿੰਡ ਪੱਧਰ ਤੋਂ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਕੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਮਜ਼ਬੂਤ ਬਣਾਉਣਾ ਹੈ। ਇਸ ਮੌਕੇ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਬਲਜੀਤ ਕੌਰ ਚੇਅਰਪਰਸਨ ਵੇਰਕਾ ਮਿਲਕ ਪਲਾਂਟ ਸੰਗਰੂਰ, ਉੱਘੇ ਸਮਾਜ ਸੇਵੀਅਮਰੀਕ ਸਿੰਘ ਸੋਹੀ , ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਸਰਪੰਚ ਜਗਰੂਪ ਸਿੰਘ ਕੌਲਸੇੜੀ, ਸਰਪੰਚ ਗੁਰਮੀਤ ਸਿੰਘ ਪਲਾਸੌਰ, ਸਰਪੰਚ ਭਗਵਾਨ ਸਿੰਘ ਭਲਵਾਨ ਹਾਜ਼ਰ ਸਨ।

### ਬਾਬੇ ਕੇ ਫਾਰਮ ਯੂ.ਕੇ ਵਿਖੇ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ ਸਮਾਗਮਾਂ ਵਿਚ

# ਗੁਰਦੁਆਰਾ ਬਾਬੇ ਕੇ ਹਜ਼ੂਰੀ ਕੀਰਤਨੀਏ ਜਥੇ ਨੇ ਨੌ ਦਿਨ ਲਗਾਤਾਰ ਭਰੀ ਹਾਜ਼ਰੀ




**ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :—** ਬਾਬੇ ਕੇ ਫਾਰਮ ਯੂ.ਕੇ ਵਿਖੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ 83ਵੀਂ ਬਰਸੀ ਨੂੰ ਸਮਰਪਿਤ 9 ਦਿਨਾਂ ਧਾਰਮਿਕ ਸਮਾਗਮ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਏ ਗਏ। ਇਸ ਸਮਾਗਮ ਦੌਰਾਨ ਗੁਰਦੁਆਰਾ ਬਾਬੇ ਕੇ ਦੇ ਹਜ਼ੂਰੀ ਕੀਰਤਨੀ ਜਥਿਆਂ, ਜਿਨ੍ਹਾਂ ਵਿੱਚ ਭਾਈ ਜੁਝਾਰ ਸਿੰਘ, ਭਾਈ ਨਿਹਾਲ ਸਿੰਘ, ਭਾਈ ਹਰਪਾਲ ਸਿੰਘ ਲਾਲੀ, ਭਾਈ ਸਿਮਰਨਜੀਤ ਸਿੰਘ, ਭਾਈ ਸੁਖਮਿੰਦਰ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਹਰਪ੍ਰੀਤ ਸਿੰਘ ਅਤੇ ਭਾਈ ਅਰਜਨ ਸਿੰਘ ਸ਼ਾਮਲ ਸਨ ਨੇ ਰੋਜ਼ਾਨਾ ਕਥਾ—ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਕੀਰਤਨੀ ਜਥਿਆਂ ਨੇ ਸੰਗਤ ਨੂੰ ਅੰਮ੍ਰਿਤ ਵੇਲੇ ਉੱਠ ਕੇ ਗੁਰਬਾਣੀ ਦਾ ਪਾਠ ਕਰਨ ਅਤੇ ਬਾਣੀ ਪੜ੍ਹਨ—ਸੁਣਨ ਲਈ ਪ੍ਰੇਰਿਤ ਕੀਤਾ, ਜਿਸ ਨਾਲ ਸਾਰੇ ਦੁੱਖ ਦੂਰ ਹੁੰਦੇ ਹਨ। ਉਨ੍ਹਾਂ ਨੇ ਵਾਹਿਗੁਰੂ ਜੀ ਤੇ ਭਰੋਸਾ ਰੱਖਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਵਾਤਾਵਰਣ ਪ੍ਰੇਮੀ ਅਤੇ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਦਲ ਪੰਥ ਬਾਬਾ ਬੁੱਢਾ ਦਲ ਅਕਾਲੀ 96 ਕਰੋੜੀ ਨੇ ਵੀ ਹਰ ਰੋਜ਼ ਕਥਾ—ਕੀਰਤਨ ਰਾਹੀਂ ਸੰਗਤਾਂ ਨੂੰ ਗੁਰਮਤਿ ਨਾਲ ਜੋੜਿਆ। ਸਮਾਗਮ ਵਿੱਚ ਪਹੁੰਚੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਗੁਰਸੇਵਕ ਸਿੰਘ ਚੀਮਾ ਮੋਗਾ, ਕੁਲਦੀਪ ਸਿੰਘ ਨੂਰਮਹਿਲ, ਚਰਨਜੀਤ ਸਿੰਘ ਚੰਨੀ ਖਰੜ, ਜਸਪਾਲ ਸਿੰਘ ਸ਼ਾਹਕੋਟ ਅਤੇ ਤਜਿੰਦਰ ਸਿੰਘ ਸੱਗੂ ਕੋਟਕਪੂਰਾ ਸ਼ਾਮਲ ਸਨ। ਡਾਕਟਰ ਓਮ ਨਰੈਣ ਦੁਬੇ ਗੋਲਡ ਮੈਡਲਿਸਟ ਜੋ ਪਿਛਲੇ 20 ਸਾਲਾਂ ਤੋਂ ਹੋਮਿਓਪੈਥਿਕ ਦਵਾਈਆਂ ਦੇ ਰਹੇ ਹਨ ਨੇ ਵੀ ਇਸ ਸਾਲ ਵੀ ਹਾਜ਼ਰੀ ਭਰੀ। ਸਮਾਗਮ ਦੀ ਸਫ਼ਲਤਾ ਲਈ ਬਾਬੇ ਕੇ ਫਾਰਮ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਸਵਰਨ ਸਿੰਘ ਸੈਭੀ, ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਨਰਿੰਦਰ ਸਿੰਘ ਧੰਜਲ, ਗੁਰਮੀਤ ਸਿੰਘ ਜੰਡੂ, ਧਰਮ ਸਿੰਘ ਘਟੌੜਾ ਅਤੇ ਜਥੇਦਾਰ ਜਸਵੰਤ ਸਿੰਘ ਸੈਬੀ ਨੇ ਦਿਨ—ਰਾਤ ਸੇਵਾ ਕੀਤੀ। ਇਸ ਤੋਂ ਇਲਾਵਾ ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮੀਕਾ, ਗੁਰਪ੍ਰੀਤ ਸਿੰਘ ਗੋਪੀ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਬਲਦੇਵ ਸਿੰਘ ਮਲਸੀਆਂ, ਅਵਤਾਰ ਸਿੰਘ ਜੰਡੀ, ਜਗਤਾਰ ਸਿੰਘ ਘਟੌੜਾ, ਗਿਆਨੀ ਮਹਿੰਦਰ ਸਿੰਘ ਹਮਦਰਦ, ਵਿਸ਼ਵਜੀਤ ਸਿੰਘ, ਸਤ ਪ੍ਰਕਾਸ਼, ਹਰਜਿੰਦਰ ਸਿੰਘ ਸੈਭੀ ਅਤੇ ਰਾਜਾ ਨੇ ਵੀ ਤਨ—ਮਨ—ਧਨ ਨਾਲ ਸੇਵਾ ਨਿਭਾਈ। ਵੀਰ ਸੁਖਵਿੰਦਰ ਸਿੰਘ ਸੁਖੀ ਨੇ ਸਟੇਜ ਦੀ ਸੇਵਾ ਬਾਖ਼ੂਬੀ ਸੰਭਾਲੀ। ਪ੍ਰਬੰਧਕਾਂ ਨੇ ਦੇਸ਼—ਵਿਦੇਸ਼ ਅਤੇ ਖ਼ਾਸ ਕਰਕੇ ਇੰਗਲੈਂਡ ਤੋਂ ਆਈਆਂ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਸੰਤ ਮਹਾਂਪੁਰਸ਼ਾਂ ਨੇ ਵੀ ਪ੍ਰਬੰਧਕਾਂ ਅਤੇ 9 ਦਿਨ ਨਿਰੰਤਰ ਲੰਗਰ ਦੀ ਸੇਵਾ ਕਰਨ ਵਾਲੀਆਂ ਬੀਬੀਆਂ, ਜਿਨ੍ਹਾਂ ਵਿੱਚ ਬੀਬੀ ਨਰਿੰਦਰ ਕੌਰ ਅਤੇ ਬੀਬੀ ਨਿਰੰਜਨ ਕੌਰ ਸ਼ਾਮਲ ਸਨ ਦੀ ਸ਼ਲਾਘਾ ਕੀਤੀ। ਸੰਗਤ ਲਈ ਗੁਰੂ ਕਾ ਲੰਗਰ, ਚਾਹ—ਕੌਫੀ ਦੇ ਲੰਗਰ ਤੋਂ ਇਲਾਵਾ ਪੀਜ਼ਾ, ਬਰਗਰ, ਨੂਡਲਜ਼, ਟਿੱਕੀ ਅਤੇ ਸਮੋਸੇ ਵਰਗੇ ਕਈ ਤਰ੍ਹਾਂ ਦੇ ਲੰਗਰ ਤਿਆਰ ਕੀਤੇ ਗਏ ਸਨ। ਆਖਰ ਵਿੱਚ ਬਾਬੇ ਕੇ ਫਾਰਮ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ ਨੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਜਿਨਾਂ ਨੇ ਹਾਜਰੀ ਬਾਬੇ ਕੇ ਫਾਰਮ ਵਿਖੇ ਲਗਾਈ ਅਤੇ ਰਾਤ—ਦਿਨ ਸੇਵਾ ਕੀਤੀ। ਇਸ ਤੋਂ ਇਲਾਵਾ ਲੰਗਰ ਵਾਲੀਆਂ ਬੀਬੀਆਂ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਇਸ ਤੋਂ ਇਲਾਵਾ ਸੰਤਾਂ ਮਹਾਂਪੁਰਸ਼ਾਂ ਦਾ ਵੀ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ। ਇਸ ਤੋਂ ਇਲਾਵਾ ਇੰਗਲੈਂਡ ਦੀ ਸੰਗਤ ਦਾ ਵੀ ਧੰਨਵਾਦ ਕੀਤਾ।

# ਸ਼੍ਰੀ ਹਜ਼ੂਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰਕੇ ਸੰਗਤਾਂ ਵਾਪਿਸ ਆਈਆਂ



**ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :—** ਬਾਬਾ ਬੁੱਢਾ ਜੀ ਗ੍ਰੰਥੀ ਪਾਠੀ ਸਭਾ ਰਜਿਸਟਰ ਗੁਰੂ ਕੀਆਂ ਸੰਗਤਾਂ ਨੂੰ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਾਉਣ ਦੇ ਉਪਰਾਲੇ ਕਰਦੀ ਰਹਿੰਦੀ ਹੈ। ਇਸ ਵਾਰ ਜਥੇਦਾਰ ਹਰਜਿੰਦਰ ਸਿੰਘ ਥਿੰਦ ਅਤੇ ਬਾਬਾ ਬਲਦੇਵ ਸਿੰਘ ਕਮੱਗਰ ਦੀ ਅਗਵਾਈ ਹੇਠ ਤਕਰੀਬਨ 150 ਬੰਦੇ ਦਾ ਜਥਾ ਹਜੂਰ ਸਾਹਿਬ ਜੀ ਦੇ ਦਰਸ਼ਨ ਦੀਦਾਰਿਆਂ ਵਾਸਤੇ ਫਿਰੋਜ਼ਪੁਰ ਤੋਂ ਆਇਆ ਸੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਤਿਗੁਰੂ ਜੀ ਨੇ ਬੜੀ ਕਿਰਪਾ ਕੀਤੀ ਸੰਗਤਾਂ ਨੂੰ ਗੁਰਧਾਮਾਂ ਦੇ ਖ਼ੁੱਲੇ ਦਰਸ਼ਨ ਦੀਦਾਰੇ ਬਖਸ਼ਿਸ਼ ਕੀਤੇ, ਅੱਜ ਸਵੇਰੇ ਪਵਿੱਤਰ ਕੜਾਹ ਪ੍ਰਸ਼ਾਦ ਦੀ ਦੇਹ ਕਰਵਾ ਕੇ ਸੰਗਤਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਕੋਟ—ਕੋਟ ਧੰਨਵਾਦ ਕੀਤਾ। ਸਤਿਗੁਰੂ ਜੀ ਨੇ ਜਿਥੇ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਦੇ ਦਰਸ਼ਨ ਦੀਦਾਰੇ ਬਖਸ਼ੇ ਉਥੇ ਲੋਕਲ ਗੁਰਦੁਆਰਾ ਸਾਹਿਬ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਗੁਰਦੁਆਰਾ ਸੰਗਤਸਰ ਗੁਰਦੁਆਰਾ ਸ਼ਿਕਾਰ ਘਾਟ ਨਗੀਨਾ ਘਾਟ ਮਾਲ ਟਿੱਕਰੀ ਗੁਰਦੁਆਰਾ ਮਾਤਾ ਸਾਹਿਬ ਕੌਰ ਨਗੀਨਾ ਘਾਟ ਬਾਬਾ ਬੰਦਾ ਘਾਟ ਤੋਂ ਇਲਾਵਾ ਗੁਰਦੁਆਰਾ ਨਾਨਕ ਝੀਰਾ ਸਾਹਿਬ ਜੀ ਦੇ ਸਤਿਗੁਰੂ ਜੀ ਨੇ ਸੰਗਤਾਂ ਨੂੰ ਖੁੱਲੇ ਦਰਸ਼ਨ ਦੀਦਾਰੇ ਬਖਸ਼ਿਸ਼ ਕੀਤੇ। ਸੰਗਤਾਂ ਦੇ ਨਾਲ ਜਥੇਦਾਰ ਹਰਜਿੰਦਰ ਸਿੰਘ ਥਿੰਦ, ਬਾਬਾ ਬਲਦੇਵ ਸਿੰਘ ਕਮੱਗਰ ਤੋਂ ਇਲਾਵਾ ਭਾਈ ਅਵਤਾਰ ਸਿੰਘ ਫੌਜੀ, ਕਸ਼ਮੀਰ ਸਿੰਘ ਸਾਬਕਾ ਸਰਪੰਚ ਜੇ.ਈ, ਚੰਨਣ ਸਿੰਘ, ਗੁਰਬਖਸ਼ ਸਿੰਘ, ਪਿਆਰਾ ਸਿੰਘ ਪ੍ਰਧਾਨ ਦੇਵਗਨ ਪੂਰਨ ਸਿੰਘ, ਕਮਲਜੀਤ ਸਿੰਘ ਟੀਟੂ, ਗੁਰਪ੍ਰਕਾਸ਼ ਸਿੰਘ, ਬਲਜਿੰਦਰ ਸਿੰਘ, ਪਿੱਪਲ ਸਿੰਘ, ਜਗਤਾਰ ਸਿੰਘ, ਡਾਕਟਰ ਸੁਖਚੈਨ ਸਿੰਘ ਕਮੱਗਰ, ਕਿੱਕਰ ਸਿੰਘ, ਸਿੰਦਰ ਸਿੰਘ, ਕਸ਼ਮੀਰ ਸਿੰਘ, ਮਹਿੰਦਰ ਸਿੰਘ ਤੋਂ ਇਲਾਵਾ ਬਹੁਤ ਸਾਰੀਆਂ ਬੀਬੀਆਂ ਅਤੇ ਬੱਚਿਆਂ ਨੇ ਗੁਰਧਾਮਾਂ ਦੇ ਖੁੱਲੇ ਦਰਸ਼ਨ ਦੀਦਾਰੇ ਕੀਤੇ।

# ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਉਤਸ਼ਾਹ ਨਾਲ ਮਨਾਇਆ ਰਾਸ਼ਟਰੀ ਖੇਡ ਦਿਵਸ



**ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :—** ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ ਵਿੱਚ ਮਹਾਨ ਭਾਰਤੀ ਹਾਕੀ ਖਿਡਾਰੀ ਮੇਜਰ ਧਿਆਨ ਚੰਦ ਦੀ ਜਯੰਤੀ ਦੇ ਉਪਲੱਖ ਵਿੱਚ ਰਾਸ਼ਟਰੀ ਖੇਡ ਦਿਵਸ ਬੜੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਸਚਿਵ ਸ਼ਿਵਮ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਸਮਾਗਮ ਵਿੱਚ ਵਿਦਿਆਰਥੀਆਂ ਨੇ ਵੱਧ—ਚੜ੍ਹ ਕੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ—ਵੱਖ ਦੌੜਾਂ, ਖੇਡ ਮੁਕਾਬਲਿਆਂ ਅਤੇ ਮਨੋਰੰਜਕ ਐਥਲੈਟਿਕ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਨੇ ਆਪਣੀ ਗਤੀ, ਚੁਸਤੀ, ਟੀਮ ਵਰਕ, ਅਨੁਸ਼ਾਸਨ ਅਤੇ ਮੁਕਾਬਲੇ ਦੀ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਪੂਰੇ ਸਮਾਗਮ ਦੌਰਾਨ ਉਤਸ਼ਾਹ ਅਤੇ ਜੋਸ਼ ਦਾ ਮਾਹੌਲ ਬਣਿਆ ਰਿਹਾ। ਇਸ ਦੌਰਾਨ ਵਿਦਿਆਰਥੀਆਂ ਨੂੰ ਸਰੀਰਕ ਤੰਦਰੁਸਤੀ, ਅਨੁਸ਼ਾਸਨ, ਟੀਮ ਵਰਕ ਅਤੇ ਦ੍ਰਿੜ੍ਹਤਾ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਨੇ ਸਮਾਗਮ ਨੂੰ ਯਾਦਗਾਰ ਬਣਾ ਦਿੱਤਾ ਅਤੇ ਖੇਡਾਂ ਰਾਹੀਂ ਸਿਹਤਮੰਦ ਤੇ ਸੰਤੁਲਿਤ ਜੀਵਨਸ਼ੈਲੀ ਅਪਣਾਉਣ ਦਾ ਸੰਦੇਸ਼ ਦਿੱਤਾ। ਪ੍ਰਿੰਸੀਪਲ ਰੇਖਾ ਪਾਸੀ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਮਹਾਸਚਿਵ ਸ਼ਿਵਮ ਸ਼ਰਮਾ ਨੇ ਸਾਰੇ ਨੌਜਵਾਨ ਖਿਡਾਰੀਆਂ ਦੀ ਉਤਸ਼ਾਹਪੂਰਨ ਭਾਗੀਦਾਰੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਖੇਡਾਂ ਨੂੰ ਜੀਵਨ ਦਾ ਅਹਿਮ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

# ਸ਼ਹਾਦਤ



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

- ਇਨਸਾਨੀ ਜੀਵਨ ਵਿੱਚ ਸ਼ਹਾਦਤ , ਕੁਰਬਾਨੀ ਦਾ ਰੁਤਬਾ ਬਹੁਤ ਉੱਚਾ ਤੇ ਪਵਿੱਤਰ ਹੈ । ਇਹ ਸਥਾਈ ਰਸਤੇ ਚਲਦਿਆਂ ਕਿਸੇ ਵੀ ਸੰਗਰ.ਸ਼ ਦੀ ਅਗਵਾਈ ਹੀ ਹੁੰਦਾ ਹੈ । ਇਸ ਕੁਰਬਾਨੀ ਦੀ ਹੋਂਦ ਅਸਮਾਨ ਛੋਂਹਦਾ ਉਹ ਨਗਾਰਾ ਹੈ , ਜਿਸ ਦੇ ਸਾਹਮਣੇ ਪਹਾੜ ਤੇ ਚੱਟਾਨਾਂ ਜਿਹੇ ਸੱਤਾਧਾਰੀ ਸਾਸ਼ਨ ਨੀਵੇਂ ਪੈ ਜਾਂਦੇ ਹਨ । ਇਨਸਾਨੀ ਮਹਾਨ ਸ਼ਕਸੀਅਤਾਂ ਦਾ ਫਾਂਸੀ ਤੇ ਲਟਕ ਜਾਣਾ, ਜ਼ੁਲਮ ਦੇ ਵਿਰੁੱਧ ਸੀਸ ਕਟਵਾ , ਬੰਦ ਬੰਦ ਕਟਵਾ ਲੈਣੇ ,ਜੰਗੇ ਮੈਦਾਨ ਵਿਚ "ਅੱਤ ਹੀ ਰਣ ਮੇਂ ਤਬ ਜੂਝ ਮਰੋਂ " ਦੇ ਸੰਕਲਪ ਨੂੰ ਪੁਗਾ ਜਾਣਾ ਸ਼ਹਾਦਤ ਦੇ ਰੂਪ ਹਨ । ਸਿੱਖ ਗੁਰੂਆਂ ਨੇ ਅਜਿਹੀਆਂ ਕੁਰਬਾਨੀਆਂ, ਸ਼ਹਾਦਤਾਂ ਸਮਾਜ ਦੇ ਲਤਾੜੇ , ਕਮਜ਼ੋਰ ਤੇ ਗੁਲਾਮੀ ਦੀ ਜਕੜ ਵਿੱਚੋਂ ਕੱਢਣ ਖਾਤਰ ਦਿੱਤੀਆਂ । ਸਿਰਫ ਤੇ ਸਿਰਫ ਇਨਸਾਨੀ ਜ਼ਿੰਦਗੀ ਨੂੰ ਦੂਸਰੇ ਲੋਕਾਂ ਦੇ ਆਪਣੇ ਖੁਦ ਦੇ ਹੀ ਧਰਮ ਤੇ ਵਿਰਸੇ ਦੀ ਆਜ਼ਾਦ ਹੋਂਦ ਲਈ ਆਪਾ ਵਾਰਿਆ । ਸਰਬਤ ਦੇ ਭਲੇ ਦੀ ਅਗਵਾਈ, ਪਹਿਚਾਨ ਹੀ ਸਿੱਖ ਧਰਮ ਬਣਿਆ ਹੈ । ਸੰਸਾਰ ਨੂੰ ਇਕ ਨਵੀਂ ਰੂਹ , ਫਿਲਾਸਫੀ ਦਿੱਤੀ ਕਿ ਦੂਜਿਆਂ ਦੇ ਭਲੇ ਖਾਤਰ ਸ਼ਹੀਦ ਹੋਣਾ , ਕੁਰਬਾਨੀ ਕਰਨ ਵਿਚ ਹੀ ਖ਼ੁਦ ਦੀ ਪਹਿਚਾਣ ਹੈ । ਪਰ ਸਿੱਖ ਧਰਮ ਵਿਚ ਅੱਜ ਦੇ ਸਮੇਂ ਸਿੱਖਾਂ ਦਾ ਕੁਝ ਹਿੱਸਾ , ਮਨੋਬਲ ਤੇ ਇਤਿਹਾਸਕ ਤੌਰ ਇਤਨਾ ਅਣਜਾਣ ਤੇ ਕਮਜ਼ੋਰ ਸੋਚ ਧਾਰਨ ਕਰ ਚੁੱਕਾ ਹੈ ।ਕਿਸੇ ਕੁਰਬਾਨੀ ਤੋਂ ਪੱਖ ਬਚਾ ਕੇ , ਸ਼ਹੀਦ, ਸ਼ਹਾਦਤ ਦੇ ਨਾਮ ਨੂੰ ਇਕ ਢਕੌਂਸਲੇ ਤੇ ਢਾਲ ਵਜੋਂ ਵਰਤ ਰਿਹਾ ਹੈ । ਜਿਸ ਤਰਾਂ ਪੁਰਾਤਨ ਸੰਸਕ੍ਰਿਤੀ ਦੇ ਪਰੋਹਤ ਸ਼੍ਰੇਣੀ ਦੇ ਲੋਕ ਕੁਰਬਾਨੀਆਂ ਨੂੰ ਆਪਣੇ ਧਾਰਮਿਕ ਵਪਾਰ ਦਾ ਧੰਦਾ ਬਣਾ ਲੈਂਦੇ ਰਹੇ , ਉਹੀ ਕੁਝ ਅੱਜ ਸਿੱਖਾਂ ਪੱਲੇ ਪਾਇਆ ਜਾ ਰਿਹਾ ਹੈ । ਜੋ ਸ਼ਹਾਦਤਾਂ , ਕੁਰਬਾਨੀਆਂ ਸੰਸਾਰੀ ਜੀਵਨ ਵਿੱਚ ਪਹਾੜਾਂ, ਚੱਟਾਨਾਂ ਵਾਂਗ ਸਥਿਰ ,ਬੇਡੋਲ ਅਗਵਾਈ ਕਰ ਰਹੀਆਂ ਹਨ । ਉਹਨਾਂ ਦੇ ਬਰਾਬਰ ਰੇਤ ਦੀਆਂ ਢੇਰੀਆਂ ਦੇ ਰੂਪ ਨੂੰ ਦਿੱਖ ਬਣਾ ਕੇ ਦਿਖਾਇਆ ਜਾ ਰਿਹਾ ਹੈ । ਸਿਆਸੀ ਭੁੱਖ ਨੂੰ ਪੂਰਾ ਕਰਨ ਹਿਤ , ਕਾਰ ਐਕਸੀਡੈਂਟ ਮੌਤ , ਹਸਪਤਾਲ ਵਿੱਚ ਬੀਮਾਰੀ ਨਾਲ ਮੌਤ , ਬੁੱਢੀ ਉਮਰੇ ਵਰਤ ਰੱਖਣ ਦੇ ਢੌਂਗ ਨਾਲ ਮੌਤ । ਇਹ ਜਨਤਕ ਹਾਦਸੇ ਜਿਹੀਆਂ ਮੌਤਾਂ ਨੂੰ ਗੁਰੂਆਂ ਦੀਆਂ ਸ਼ਹਾਦਤਾਂ ਦੇ ਬਰਾਬਰ ਤੋਲ ਕੇ , ਮੰਨੂ ਸੰਸਕ੍ਰਿਤੀ ਵਿੱਚ ਦਾਖਲ ਕੀਤਾ ਜਾ ਰਿਹਾ ਹੈ । ਕਰਮ ਕਾਂਢ ਦੀ ਇਹ ਮਾਨਸਿਕ ਅਵਸਥਾ ਬੜੇ ਨੀਂਵੇ ਪੱਧਰ ਦੀ ਸੱਥਲ ਹੈ । ਸਿੱਖੀ , ਸਿੱਖ ਵਿਰਾਸਤ, ਇਤਿਹਾਸ ਨਾਲ ਇਸ ਦਾ ਕੋਈ ਲੈਣਾ ਦੇਣਾ ਨਹੀਂ, ਸਗੋਂ ਸਮਾਜ ਨਾਲ ਧੋਖਾ ਤੇ ਢੌਂਗ ਹੈ । ਇਸੇ ਤਰਾਂ ਗੁਮਰਾਹ ਹੋਏ ਕੁਝ ਆਗੂ , ਸਿੱਖ ਸ਼ਹਾਦਤਾਂ ਬਾਰੇ ਬੜੀ ਨਖਿਧ ਬੋਲੀ ਬੋਲ ਜਾਂਦੇ ਹਨ । ਇੰਗਲੈਂਡ ਦੇ ਇੱਕ ਗੁਰੂ ਘਰ ਵਿੱਚ ਇੱਕ ਨੌਜਵਾਨ ਸਿੱਖ ਦੀ ਹਸਪਤਾਲ ਵਿੱਚ ਬਿਮਾਰ ਰਹਿ ਕੇ ਹੋਈ ਮੌਤ ਨੂੰ ਸ਼ਹੀਦੀ ਦਾ ਖ਼ਿਤਾਬ ਦਿੱਤਾ ਗਿਆ । ਬੜੇ ਅਸਰਦਾਰ, ਮੁਖੀ ਸੱਜਣ ਨੇ ਕੀ ਕਿਸੇ ਲਹਿਜੇ ਵਿਚ ਤਾਂ ਇਹ ਵੀ ਕਹਿ ਦਿੱਤਾ ਕਿ ਇਸ ਨੌਜਵਾਨ ਨੇ ਸ਼ਹਾਦਤ ਹਾਸਲ ਕੀਤੀ ਹੈ । ਅੱਗੇ ਕਿ ਇਹ ਬਖਸ਼ਿਸ਼ ਨਾਲ ਮਿਲਦੀ ਹੈ , ਲਫਜ ਇਹ ਬੋਲੇ ਗਏ ਕਿ " ਅਜਿਹੀ ਸ਼ਹਾਦਤ " ਕਲਗੀਧਰ ਪਿਤਾ ਗੁਰੂ ਗੋਬਿੰਦ ਸਿੰਘ ਹੋਰਾਂ ਨੂੰ ਵੀ ਨਹੀਂ ਨਸੀਬ ਹੋਈ ਸੀ " । ਸਿੱਖਾਂ ਦੇ ਸਮਰੱਥ ਗੁਰੂ ਬਾਰੇ ਅਜਿਹਾ ਕਹਿਣਾ , ਕੀ ਸਾਬਿਤ ਕਰਦਾ ਹੈ ? ਮੈਂ ਇਹ ਪ੍ਰਛਨ ਸਿੱਖ ਸੰਗਤਾਂ ਤੇ ਪੰਥ ਦੀ ਕਚਹਿਰੀ ਵਿਚ ਰਖਦਾਂ ਹਾਂ ? ਉਸੇ ਗੁਰੂ ਘਰ ਵਿਚ ਪੰਥਕ ਸ਼ਖਸੀਅਤਾਂ, ਪ੍ਰਚਾਰਕ , ਕੀਰਤਨੀ ਜੱਥੇ ਤੇ ਪ੍ਰਬੰਧਕ ਹਾਜ਼ਰ ਸਨ । ਬ੍ਰਾਹਮਣ ਵਾਦ ਦੀ ਮੰਨੂੰ ਸਿਮਰਤੀ, ਆਧਾਰ ਅਜਿਹੇ ਢੌਂਗ ਤੇ ਰੇਤ ਦੀਆਂ ਢੇਰੀਆਂ ਕਾਇਮ ਕਰਕੇ ਪਰੋਹਤ ਸ਼੍ਰੇਣੀ ਸਦੀਆਂ ਤੋਂ ਗੁਮਰਾਹ ਕਰ ਰਹੀਆਂ ਹਨ । ਕੁਰਬਾਨੀ ਦਾ ਸਿਖ਼ਰ ਅਸਮਾਨੀ ਛੋਂਹਦੇ ਇਤਿਹਾਸ ਦੀ ਬਰਾਬਰਤਾ ਬੱਚਿਆਂ ਦੇ ਖਿਡੌਣੇਆਂ ਦੀ ਤਰਾਂ ਅਤੇ ਰੇਤ ਦੀਆਂ ਢੇਰੀਆਂ ਦੇ ਰੂਪ ਵਿਚ ਪੈਦਾ ਕਰਨਾ ਵੱਡਾ ਗੁਨਾਹ ਹੈ । ਸਾਡੇ ਦਸ ਗੁਰੂਆਂ ਵਿੱਚੋਂ ਪੰਜਵੇਂ ਪਾਤਸ਼ਾਹ ਤੇ ਨੌਵੇਂ ਪਾਤਸ਼ਾਹ ਦੀਆਂ ਸ਼ਹਾਦਤਾਂ ਹੋਈਆਂ । ਬਰਮਿੰਘਮ ਯੂ ਕੇ ਦੇ ਉਪਰੋਕਤ ਦੱਸੇ ਗਏ ਵਡੇ ਗੁਰਦੁਆਰਾ ਵਿੱਚ ਪ੍ਰਬੰਧਕਾਂ , ਕੀਰਤਨੀਆਂ , ਪ੍ਰਚਾਰਕਾਂ , ਪੰਥਕ ਸ਼ਖਸੀਅਤਾਂ ਵਿੱਚ ਹਾਜ਼ਰ ਦੱਸਿਆ ਜਾਂਦਾ ਬੁਲਾਰਾ ਬੋਲ ਰਿਹਾ ਸੀ । ਅੱਠ ਪਾਤਸ਼ਾਹੀਆਂ ਤੇ ਸ਼ਹੀਦੀ ਬਾਰੇ ਸਮਰੱਥ ਗੁਰੂਆਂ ਤੇ ਕੋਈ ਐਡਾ ਕੋਝਾ ਸਵਾਲ ਕਰ ਜਾਵੇ , ਅਤਿ ਘਿਣਾਉਣੀ ਹਰਕਤ ਹੈ । ਬੈਠੇ ਸੱਜਣ , ਇਸ ਪੱਖੋਂ ਅਣਦੇਖੀ , ਅਣਸੁਣਿਆਂ ਕਿਉ ਕਰ ਰਹੇ ਹਨ ? ਮੇਰਾ ਵਿਸ਼ਾ ਵਿਵਾਦ ਨੂੰ ਹਵਾ ਦੇਣਾ ਨਹੀਂ ਹੈ , ਇਹ ਸਿੱਖਾਂ ਵਿਚ ਖਾਸ ਚਿੰਤਾ ਦਾ ਵਿਸ਼ਾ ਹੈ । ਸਾਨੂੰ ਸ਼ਹਾਦਤਾਂ ਦੇ ਮਹਾਨ ਵਿਰਾਸਤ ਨਾਲੋਂ ਕਿਉਂ ਤੇ ਕਿਵੇਂ ਤੋੜਿਆ ਜਾ ਰਿਹਾ ਹੈ । ਸ਼ਹੀਦਾਂ ਦੇ ਸਿਰਤਾਜ ਗੁਰੂ ਅਰਜਨ ਦੇਵ , ਹਿੰਦ ਦੀ ਚਾਦਰ ਗੁਰੂ ਤੇਗ. ਬਹਾਦੁਰ ਨਾਲ ਬਰਾਬਰੀ ਕਰਨ ਦੀ ਬਰਾਬਰੀ ਅਜਿਹੇ ਲੋਕ ਕਰ ਜਾਣ , ਕਿਤਨੀ ਘਿਣਾਉਣੀ ਤੇ ਸਿੱਖੀ ਨਾਲ ਦੁਸ਼ਮਣੀ ਕਹੀ ਜਾ ਸਕਦੀ ਹੈ । ਇਸ ਹਾਲਾਤ ਲਈ ਉਹ ਸਾਰੇ ਲੋਕ ਜੁਮੇਵਾਰ ਹਨ , ਜੋ ਉਸ ਗੁਰੂ ਵਿਚ ਹਾਜ਼ਰ ਬੈਠੇ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਨੂਰਪੁਰ ਸੇਠਾਂ ਵਿਖੇ

# ਪੰਚਾਇਤ ਘਰ ਦੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ



ਫ਼ਿਰੋਜ਼ਪੁਰ, 31 ਅਗਸਤ (ਮਨੋਹਰ ਲਾਲ) :— ਪਿੰਡ ਨੂਰਪੁਰ ਸੇਠਾਂ ਵਿਖੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਪੰਚਾਇਤ ਘਰ ਵਿਖੇ ਬਣਾਏ ਜਾਣ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਦੇ ਪਤਵੰਤੇ ਸੱਜਣਾਂ, ਸਮਾਜ ਸੇਵੀਆਂ, ਵੱਖ ਵੱਖ ਰਾਜਨੀਤਕ ਅਤੇ ਸਮਾਜਿਕ ਸੰਸਥਾਵਾਂ ਨਾਲ ਜੁੜੇ ਆਗੂਆਂ ਨੇ ਹਾਜ਼ਰੀ ਭਰੀ ਅਤੇ ਇਸ ਵਿਕਾਸ ਕਾਰਜ ਨੂੰ ਪਿੰਡ ਲਈ ਲਾਭਦਾਇਕ ਉਪਰਾਲਾ ਕਰਾਰ ਦਿੱਤਾ।

ਇਸ ਮੌਕੇ ਸਰਪੰਚ ਜਗਦੀਪ ਸਿੰਘ ਸੰਧੂ ਨੇ ਕਿਹਾ ਕਿ ਪਿੰਡ ਨੂਰਪੁਰ ਸੇਠਾਂ ਦੇ ਵਿਕਾਸ ਕਾਰਜ ਜੋਰਾਂ—ਸ਼ੋਰਾਂ ਨਾਲ ਚੱਲ ਰਹੇ ਹਨ। ਪਿੰਡ ਦੀ ਪੰਚਾਇਤ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਅਤੇ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਨੂੰ ਤਰਜੀਹ ਦੇ ਕੇ ਵਿਕਾਸ ਯੋਜਨਾਵਾਂ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀਆਂ ਗਲੀਆਂ, ਨਾਲੀਆਂ ਅਤੇ ਸੜਕਾਂ ਦੇ ਨਵੀਨੀਕਰਨ ਦਾ ਕੰਮ ਕੀਤਾ ਜਾ ਰਿਹਾ ਹੈ, ਜਦਕਿ ਕਈ ਸੜਕਾਂ ਦਾ ਨਵੇਂ ਸਿਰਿਓਂ ਨਿਰਮਾਣ ਵੀ ਕੀਤਾ ਗਿਆ ਹੈ। ਆਪ ਆਗੂ ਜੁਗਿੰਦਰ ਸਿੰਘ ਮਾਣਕ ਨੇ ਕਿਹਾ ਕਿ ਪਿੰਡ ਦੇ ਸਰਵਪੱਖੀ ਵਿਕਾਸ ਲਈ ਸਰਕਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ ਅਤੇ ਪੰਚਾਇਤ ਵੱਲੋਂ ਵੀ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਪਿੰਡ ਵਾਸੀਆਂ ਤੱਕ ਪਹੁੰਚਾਉਣ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦਾ ਮਕਸਦ ਸਿਰਫ਼ ਇਮਾਰਤਾਂ ਜਾਂ ਸੜਕਾਂ ਬਣਾਉਣਾ ਹੀ ਨਹੀਂ, ਸਗੋਂ ਪਿੰਡ ਵਾਸੀਆਂ ਨੂੰ ਬਿਹਤਰ ਅਤੇ ਸੁਵਿਧਾਜਨਕ ਜੀਵਨ ਲਈ ਲੋੜੀਂਦੀਆਂ ਸਾਂਝੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਮੌਕੇ ਭਗਵਾਨ ਸਿੰਘ ਸਾਮਾ ਪ੍ਰਧਾਨ ਸ਼ਹੀਦ ਊਧਮ ਸਿੰਘ ਟਰੱਸਟ ਫਿਰੋਜ਼ਪੁਰ ਨੇ ਕਿਹਾ ਕਿ ਪਿੰਡ ਵਿੱਚ ਵਧ ਰਹੀ ਅਤੇ ਸੰਘਣੀ ਆਬਾਦੀ ਦੇ ਮੱਦੇਨਜ਼ਰ ਦੁੱਖ—ਸੁੱਖ ਦੇ ਮੌਕਿਆਂ ਦੌਰਾਨ ਸਾਂਝੀਆਂ ਥਾਵਾਂ ਦੀ ਅਹਿਮ ਮਹੱਤਤਾ ਹੁੰਦੀ ਹੈ। ਪਿੰਡ ਦੇ ਲੋਕਾਂ ਨੂੰ ਵਿਆਹਾਂ, ਸਮਾਜਿਕ ਸਮਾਗਮਾਂ, ਮੀਟਿੰਗਾਂ ਅਤੇ ਹੋਰ ਸਾਂਝੇ ਪ੍ਰੋਗਰਾਮਾਂ ਲਈ ਅਕਸਰ ਉਚਿਤ ਥਾਂ ਦੀ ਲੋੜ ਮਹਿਸੂਸ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤ ਘਰ ਵਿਖੇ ਇਸ ਸ਼ੈੱਡ ਦੀ ਉਸਾਰੀ ਨਾਲ ਪਿੰਡ ਵਾਸੀਆਂ ਦੀ ਚਿਰੋਕਣੀ ਮੰਗ ਪੂਰੀ ਹੋ ਜਾਵੇਗੀ ਅਤੇ ਲੋਕਾਂ ਨੂੰ ਵੱਖ—ਵੱਖ ਮੌਕਿਆਂ ਤੇ ਇਸ ਦਾ ਵੱਡਾ ਲਾਭ ਮਿਲੇਗਾ। ਪਿੰਡ ਦੇ ਸੀਨੀਅਰ ਆਗੂ ਰਘਬੀਰ ਸਿੰਘ ਭੋਲਾ ਨੇ ਕਿਹਾ ਕਿ ਪਿੰਡ ਦੇ ਵਿਕਾਸ ਲਈ ਪੰਚਾਇਤ ਅਤੇ ਪਿੰਡ ਵਾਸੀਆਂ ਦਾ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਜਦੋਂ ਸਮਾਜ ਦੇ ਸਾਰੇ ਵਰਗ ਇਕੱਠੇ ਹੋ ਕੇ ਪਿੰਡ ਦੀ ਬਿਹਤਰੀ ਲਈ ਕੰਮ ਕਰਦੇ ਹਨ ਤਾਂ ਵਿਕਾਸ ਦੀ ਰਫ਼ਤਾਰ ਹੋਰ ਤੇਜ਼ ਹੁੰਦੀ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਨੂਰਪੁਰ ਸੇਠਾਂ ਵਿੱਚ ਭਵਿੱਖ ਵਿੱਚ ਵੀ ਲੋਕ—ਹਿੱਤ ਨਾਲ ਜੁੜੇ ਅਜਿਹੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ। ਸਮਾਗਮ ਦੌਰਾਨ ਹਾਜ਼ਰ ਕੁੰਦਨ ਸਿੰਘ ਕੰਬੋਜ ਆਗੂ ਆਮ ਆਦਮੀ ਪਾਰਟੀ ਨੇ ਕਿਹਾ ਕਿ ਪਿੰਡ ਦੀਆਂ ਸਾਂਝੀਆਂ ਥਾਵਾਂ ਅਤੇ ਜਨਤਕ ਸਹੂਲਤਾਂ ਦਾ ਵਿਕਾਸ ਸਮੇਂ ਦੀ ਮੁੱਖ ਲੋੜ ਹੈ। ਪੰਚਾਇਤ ਘਰ ਦਾ ਨਵਾਂ ਸ਼ੈੱਡ ਪਿੰਡ ਵਾਸੀਆਂ ਲਈ ਇੱਕ ਮਹੱਤਵਪੂਰਨ ਸਹੂਲਤ ਸਾਬਤ ਹੋਵੇਗਾ ਅਤੇ ਵੱਖ—ਵੱਖ ਸਮਾਜਿਕ, ਧਾਰਮਿਕ ਅਤੇ ਜਨਤਕ ਮੌਕਿਆਂ ਦੌਰਾਨ ਇਸ ਦੀ ਵਰਤੋਂ ਕੀਤੀ ਜਾ ਸਕੇਗੀ। ਇਸ ਮੌਕੇ ਜੁਗਿੰਦਰ ਸਿੰਘ ਮਾਣਕ ਪ੍ਰਧਾਨ ਯੂਥ ਵੈਲਫੇਅਰ ਕਲੱਬ, ਫੋਰਮੈਨ ਦਰਸ਼ਨ ਸਿੰਘ ਚੇਅਰਮੈਨ ਸਾਬਕਾ ਮੁਲਾਜ਼ਮ ਯੂਨੀਅਨ, ਰਘਬੀਰ ਸਿੰਘ ਭੋਲਾ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਵਰਿਆਮ ਸਿੰਘ ਪੰਚਾਇਤ ਸਕੱਤਰ, ਹਰਜਿੰਦਰ ਸਿੰਘ ਪੰਚ, ਤਿਲਕ ਰਾਜ ਪੰਚ, ਹਰਜਿੰਦਰ ਸਿੰਘ ਥਿੰਦ ਮੀਤ ਪ੍ਰਧਾਨ ਸ਼ੇਰੇ ਪੰਜਾਬ ਸਪੋਰਟਸ ਕਲੱਬ, ਅਵਤਾਰ ਸਿੰਘ ਸਾਮਾ, ਐਡਵੋਕੇਟ ਹਰਜਿੰਦਰ ਸਿੰਘ, ਅਨਵਰ ਭੱਟੀ ਪੰਚ, ਅਵਤਾਰ ਸਿੰਘ ਬੱਟੀ, ਸਵਰਨ ਸਿੰਘ ਬਿੱਟੂ ਅਤੇ ਬਾਬਾ ਕਾਬਲ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਹਾਜ਼ਰ ਸਨ। ਇਸ ਮੌਕੇ ਹਰਚਰਨ ਸਿੰਘ ਸਾਮਾ ਪ੍ਰਧਾਨ ਸ਼ੇਰੇ ਪੰਜਾਬ ਸਪੋਰਟਸ ਕਲੱਬ ਨੇ ਪਿੰਡ ਵਾਸੀ ਪਤਵੰਤਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਿੰਡ ਦੀ ਪੰਚਾਇਤ ਵੱਲੋਂ ਵਧੀਆ ਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਨਵ ਨਿਯੁਕਤ ਹਲਕਾ ਯੂਥ ਪ੍ਰਧਾਨ ਅਮਨ ਢਿੱਲੋਂ ਗੰਡੀਵਿੰਡ ਨੂੰ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਨੇ ਕੀਤਾ ਸਨਮਾਨਿਤ



## 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਰਹੀ ਹੈ: ਹਲਕਾ ਯੂਥ ਪ੍ਰਧਾਨ ਅਮਨ ਢਿੱਲੋਂ ਗੰਡੀਵਿੰਡ

ਸਰਾਏ ਅਮਾਨਤ ਖਾਂ, 31 ਅਗਸਤ (ਆਵਾਜ਼ਿ ਕੌਮ ਬਿਊਰੋ)-ਅਮਨਪ੍ਰੀਤ ਸਿੰਘ ਢਿੱਲੋਂ ਗੰਡੀਵਿੰਡ ਨੂੰ ਹਲਕਾ ਯੂਥ ਪ੍ਰਧਾਨ ਦੀ ਜਿੰਮੇਵਾਰੀ ਮਿਲਣ ਤੇ ਤਰਨਤਾਰਨ ਦੇ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਵੱਲੋਂ ਅਮਨ ਢਿੱਲੋਂ ਗੰਡੀਵਿੰਡ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ ।ਇਸ ਮੌਕੇ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਨੇ ਕਿਹਾ ਕਿ ਨੋਜਵਾਨ ਕਿਸੇ ਵੀ ਪਾਰਟੀ ਦੀ ਸਰਗਰਮ ਸ਼ਮੂਲੀਅਤ ਨਾਲ ਜਥੇਬੰਦੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਅਮਨ ਢਿੱਲੋਂ ਗੰਡੀਵਿੰਡ ਆਪਣੀ ਮਿਹਨਤ,ਲਗਨ, ਸਮਰਪਣ ਅਤੇ ਨੋਜਵਾਨਾਂ ਨਾਲ ਬਿਹਤਰ ਤਾਲਮੇਲ ਰਾਹੀਂ ਹਲਕੇ ਵਿੱਚ ਯੂਥ ਨੂੰ ਇੱਕਜੁੱਟ ਕਰਨ ਲਈ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰਨਗੇ। ਵਿਧਾਇਕ ਸੰਧੂ ਨੇ ਕਿਹਾ ਕਿ ਅਮਨ ਢਿੱਲੋਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਗਈ। ਉਨ੍ਹਾਂ ਤੇ ਪਾਰਟੀ ਵੱਲੋਂ ਜਤਾਏ ਗ.ਏ ਭਰੋਸੇ ਦਾ ਪ੍ਰਤੀਕ ਹੈ ਉਨ੍ਹਾਂ ਕਿਹਾ ਕਿ ਹਲਕੇ ਦੇ ਨੋਜਵਾਨਾਂ ਦੀਆਂ ਸਮੱਸਿਆਂਵਾਂ,ਉਮੀਦਾ ਅਤੇ ਸੁਝਾਵਾਂ ਨੂੰ ਸਮਝਦਿਆਂ ਉਨ੍ਹਾਂ ਨੂੰ ਪਾਰਟੀ ਦੇ ਮੰਚ ਤੇ ਉਚਿਤ ਢੰਗ ਨਾਲ ਰੱਖਣਾ ਸਮੇ ਦੀ ਲੋੜ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਅਮਨ ਢਿੱਲੋਂ ਨੋਜਵਾਨ ਵਰਗ ਨੂੰ ਨਾਲ ਲੈਕੇ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣਗੇ ।ਇਸ ਮੌਕੇ ਨਵ ਨਿਯੁਕਤ ਹਲਕਾ ਯੂਥ ਪ੍ਰਧਾਨ ਅਮਨਪ੍ਰੀਤ ਸਿੰਘ ਢਿੱਲੋਂ ਗੰਡੀਵਿੰਡ ਨੇ ਵਿਧਾਇਕ ਹਰਮੀਤ ਸਿੰਘ ਸੰਧੂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਤੇ ਜੋ ਵਿਸ਼ਵਾਸ ਪ੍ਰਗਟ ਕਰਦਿਆਂ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ ਉਸ ਲਈ ਉਹ ਪਾਰਟੀ ਲੀਡਰਸ਼ਿਪ ਦੇ ਧੰਨਵਾਦੀ ਹਨ ਉਨ੍ਹਾਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਸਿਰਫ ਅਹੁਦਾ ਨਾ ਸਮਝਦਿਆਂ ਇਸ ਨੂੰ ਇਕ ਵੱਡੀ ਜ਼ਿੰਮੇਵਾਰੀ ਅਤੇ ਸੇਵਾ ਦੇ ਮੋਕੇ ਵਜੋਂ ਲੈਕੇ ਕੰਮ ਕਰਨਗੇ। ਅਮਨ ਢਿੱਲੋਂ ਗੰਡੀਵਿੰਡ ਨੇ ਕਿਹਾ ਕਿ ਮੈਂ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਵਾਂਗਾ ।ਹਲਕੇ ਦੇ ਨੋਜਵਾਨਾਂ ਨੂੰ ਨਾਲ ਲੈਕੇ ਉਨ੍ਹਾਂ ਦੀਆਂ ਸਮੱਸਿਆਂਵਾਂ ਅਤੇ ਮਸਲਿਆਂ ਨੂੰ ਸਮਝਣ ਦੇ ਨਾਲ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ ਤੇ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾਂਣਗੇ। ਅਮਨ ਢਿੱਲੋਂ ਨੇ ਕਿਹਾ ਕਿ ਉਹ ਵਿਧਾਇਕ ਹਰਮੀਤ ਸਿੰਘ ਸੰਧੂ ਦੀ ਅਗਵਾਈ ਅਤੇ ਪਾਰਟੀ ਦੀ ਹਾਈਕਮਾਂਡ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਹਰੇਕ ਨੋਜਵਾਨ ਤੱਕ ਪਹੁੰਚ ਬਣਾਉਣ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਰਹਿਣਗੇ ।ਇਸ ਮੌਕੇ ਮੌਜੂਦ ਆਗੂਆਂ ਵਰਕਰਾਂ ਅਤੇ ਸਮਰਥਕਾਂ ਵੱਲੋਂ ਵੀ ਅਮਨ ਢਿੱਲੋਂ ਗੰਡੀਵਿੰਡ ਨੂੰ ਨਵੀਂ ਜ਼ਿੰਮੇਵਾਰੀ ਮਿਲਣ ਤੇ ਵਧਾਈਆਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਗਈ। ਆਗੂਆਂ ਨੇ ਆਸ ਪ੍ਰਗਟਾਈ ਕਿ ਅਮਨ ਢਿੱਲੋਂ ਗੰਡੀਵਿੰਡ ਨੋਜਵਾਨਾਂ ਨੂੰ ਨਾਲ ਲੈਕੇ ਹਲਕੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਵਿਚ ਅਹਿਮ ਯੋਗਦਾਨ ਪਾਉਣਗੇ। ਅਮਨਪ੍ਰੀਤ ਸਿੰਘ ਢਿੱਲੋਂ ਗੰਡੀਵਿੰਡ ਨੇ ਕਿਹਾ 2027 ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਭਗਵੰਤ ਮਾਨ ਦੀ ਅਗਵਾਈ ਹੇਠ ਫਿਰ ਬਣ ਰਹੀ ਹੈ ਤੇ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ ਨੂੰ ਵੱਡੀ ਲੀਡ ਨਾਲ ਜਿਤਾਇਆ ਜਾਵੇਗਾ ।ਇਸ ਮੌਕੇ ਰਵਿੰਦਰ ਸਿੰਘ ਚੀਮਾ, ਬਲਾਕ ਪ੍ਰਧਾਨ ਗੁਰਵੇਲ ਸਿੰਘ ਲਹੀਆ, ਤੇ ਹੋਰ ਪਾਰਟੀ ਵਰਕਰ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਨੇ ਸ਼ਾਨਦਾਰ ਕਾਰਗੁਜ਼ਾਰੀ ਲਈ ਬੂਥ ਲੈਵਲ ਅ.ਫਸਰਾਂ ਨੂੰ ਕੀਤਾ ਸਨਮਾਨਿਤ



ਪੱਟੀ, ਤਰਨ ਤਾਰਨ 31 ਅਗਸਤ (ਆਵਾਜ਼ਿ ਕੌਮ ਬਿਊਰੋ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਤਰਨ ਤਾਰਨ ਸ੍ਰੀ ਰਾਹੁਲ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਬੂਥ ਲੈਵਲ ਅਫਸਰਾਂ (ਬੀ.ਐਲ.ਓਜ਼) ਨੂੰ ਉਨਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ੍ਰੀ ਰਾਹੁਲ ਨੇ ਉਨ੍ਹਾਂ ਬੂਥ ਲੈਵਲ ਅਫ਼ਸਰਾਂ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ, ਜਿਨ੍ਹਾਂ ਨੇ 'ਜ਼ੀਰੋ ਨੋ-ਮੈਪਿੰਗ' ਅਤੇ 'ਜ਼ੀਰੋ ਲੋਜੀਕਲ ਡਿਸਕ੍ਰਿਪੈਂਸੀਜ਼' ਨਾਲ ਸਬੰਧਤ ਕੰਮ ਨੂੰ ਸਫਲਤਾਪੂਰਵਕ ਜ਼ੀਰੋ ਕੀਤਾ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਅਧਿਕਾਰੀਆਂ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਪ੍ਰਕਿਰਿਆ ਅਤੇ ਡਾਟਾ ਦੀ ਸ਼ੁੱਧਤਾ ਨੂੰ ਯਕੀਨੀ ਬਣਾਉਣ ਲਈ ਕੀਤੀ ਗਈ ਮਿਹਨਤ ਅਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਸਨਮਾਨਿਤ ਬੀ.ਐਲ.ਓਜ਼ ਨੂੰ ਉਨ੍ਹਾਂ ਦੀ ਮਿਹਨਤ ਲਈ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਇਮਾਨਦਾਰੀ, ਜ਼ਿੰਮੇਵਾਰੀ ਅਤੇ ਸਮਰਪਣ ਨਾਲ ਚੋਣ ਪ੍ਰਕਿਰਿਆ ਨੂੰ ਹੋਰ ਪਾਰਦਰਸ਼ੀ ਅਤੇ ਸੁਚੱਜਾ ਬਣਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਚੋਣ ਤਹਿਸੀਲਦਾਰ, ਇੰਦਰਜੀਤ ਸਿੰਘ, ਚੋਣ ਕਾਨੂੰਗੋ ਦਿਲਬਾਗ ਸਿੰਘ, ਰਣਜੀਤ ਸਿੰਘ, ਗੁਰਮੀਤ ਸਿੰਘ ਭੁੱਲਰ, ਬਲਜੀਤ ਕੌਰ, ਗੁਰੂਸਾਹਿਬ ਸਿੰਘ ਹਰਮਨਜੀਤ ਸਿੰਘ ਵਰਿੰਦਰ ਸਿੰਘ ਸੁਖਵਿੰਦਰ ਸਿੰਘ ਤੇਜਵੀਰ ਸਿੰਘ, ਅਵਤਾਰ ਸਿੰਘ, ਅਨਮੋਲਜੀਤ ਸਿੰਘ, ਸੁਖਦੇਵ ਸਿੰਘ, ਜਗਦੀਸ਼ ਸਿੰਘ, ਉਕਾਰ ਸਿੰਘ, ਪਲਵਿੰਦਰ ਸਿੰਘ, ਹਰਿੰਦਰਪਾਲ ਸਿੰਘ, ਰਣਜੀਤ ਕੌਰ, ਜੁਗਤਾਰ ਸਿੰਘ, ਅਮਰਜੋਤ ਕੌਰ, ਦੀਪਕ ਸ਼ਰਮਾ ਅਤੇ ਸ਼ੁਭਮ ਮਹਿਤਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV